ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 7 ਸਤੰਬਰ ਤੋਂ ਐਤਵਾਰ, 13 ਸਤੰਬਰ, 2026

WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

ਹਫਤਾਵਾਰੀ ਅਖ਼ਬਾਰ
Ludhiana : Monday, 7 September to Sunday, 13 September 2026

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 36 | Website : www.zikarpunjab.com

# ਭਾਜਪਾ ਨੇ ਪੰਜਾਬ ਅਤੇ ਤਿੰਨ ਕਰੋੜ ਪੰਜਾਬੀਆਂ ਦੀ ਪਿੱਠ 'ਚ ਛੁਰਾ ਮਾਰਿਆ : ਮਾਨ

## ☛ ਸੂਬਾ ਸਰਕਾਰ ਦੀ ਸਹਿਮਤੀ ਲਏ ਬਿਨਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਵੇਂ ਚੀਫ਼ ਜਸਟਿਸ ਦੀ ਨਿਯੁਕਤੀ ਕਰਨਾ ਮੈਮੋਰੰਡਮ ਆਫ਼ ਪ੍ਰੋਸੀਜ਼ਰ ਦੇ ਪੈਰਾ 6 ਅਤੇ ਸੰਵਿਧਾਨਕ ਨਿਯਮਾਂ ਦੀ ਸਿੱਧੀ ਉਲੰਘਣਾ : ਮੁੱਖ ਮੰਤਰੀ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਅੱਜ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਸੰਵਿਧਾਨਕ ਅਧਿਕਾਰਾਂ ਅਤੇ ਨਿਰਧਾਰਤ ਪ੍ਰਕਿਰਿਆ ਨੂੰ ਨਜ਼ਰਅੰਦਾਜ਼ ਕਰਨ ਦੀ ਇੱਕ ਹੋਰ ਘਟਨਾ ਦੀ ਪੁਰਜ਼ੋਰ ਨਿਖੇਧੀ ਕੀਤੀ। ਪੰਜਾਬ ਸਰਕਾਰ ਦੀ ਰਾਇ ਦੀ ਉਡੀਕ ਕੀਤੇ ਬਿਨਾਂ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕਰਨ 'ਤੇ ਗੰਭੀਰ ਇਤਰਾਜ਼ ਜਤਾਉਂਦਿਆਂ ਕੈਬਨਿਟ ਨੇ ਮਤਾ ਪਾਸ ਕੀਤਾ ਕਿ ਜਦੋਂ ਤੱਕ ਪੰਜਾਬ ਦੀ ਰਾਇ ਨਹੀਂ ਲੈ ਲਈ ਜਾਂਦੀ ਅਤੇ ਉਨ੍ਹਾਂ 'ਤੇ ਯੋਗ ਵਿਚਾਰ ਨਹੀਂ ਕਰ ਲਿਆ ਜਾਂਦਾ, ਉਦੋਂ ਤੱਕ ਨਿਯੁਕਤੀ ਅਤੇ ਸਹੁੰ ਚੁੱਕਣ ਦੀ ਪ੍ਰਕਿਰਿਆ ਨੂੰ ਰੋਕਿਆ ਜਾਵੇ। ਐਕਸ 'ਤੇ ਪੋਸਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਪੰਜਾਬ ਕੈਬਨਿਟ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਅਧਿਕਾਰਾਂ 'ਤੇ ਲਗਾਤਾਰ ਕੀਤੇ ਜਾ ਰਹੇ ਹਮਲਿਆਂ ਅਤੇ ਸੰਵਿਧਾਨਕ ਨਿਯਮਾਂ ਦੀ ਉਲੰਘਣਾ ਵਿਰੁੱਧ ਸਰਬਸੰਮਤੀ ਨਾਲ ਅਹਿਮ ਮਤਾ ਪਾਸ ਕੀਤਾ ਹੈ। ਸੂਬਾ ਸਰਕਾਰ ਦੀ ਸਹਿਮਤੀ ਲਏ ਬਿਨਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਵੇਂ ਚੀਫ਼ ਜਸਟਿਸ ਦੀ ਨਿਯੁਕਤੀ ਕਰਨਾ ਨਿਰਧਾਰਤ ਪ੍ਰਕਿਰਿਆ (ਮੈਮੋਰੰਡਮ ਆਫ਼ ਪ੍ਰੋਸੀਜ਼ਰ) ਅਤੇ ਸੰਵਿਧਾਨਕ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਕੇਂਦਰ ਵੱਲੋਂ ਸਾਡੇ 9,000 ਕਰੋੜ ਰੁਪਏ ਦੇ ਆਰ.ਡੀ.ਐਫ. ਅਤੇ ਹੜ੍ਹ ਰਾਹਤ ਪੈਕੇਜ ਨੂੰ ਰੋਕਣਾ, ਬੀ.ਬੀ.ਐਮ.ਬੀ. ਦੇ ਨਿਯਮ ਬਦਲਣਾ ਅਤੇ ਹੁਣ ਨਿਆਇਕ ਨਿਯੁਕਤੀਆਂ ਵਿੱਚ ਸਿੱਧਾ ਦਖ਼ਲ ਦੇਣਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਾਡੀ ਮੰਗ ਹੈ ਕਿ ਇਸ ਨਿਯੁਕਤੀ ਨੂੰ ਤੁਰੰਤ ਰੋਕਿਆ ਜਾਵੇ ਅਤੇ ਸੰਵਿਧਾਨਕ ਪ੍ਰਕਿਰਿਆ ਅਨੁਸਾਰ ਸੂਬੇ ਦੀ ਰਾਇ ਨੂੰ ਬਣਦਾ ਸਤਿਕਾਰ ਦਿੱਤਾ ਜਾਵੇ। ਇਨਕਲਾਬ ਜ਼ਿੰਦਾਬਾਦ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ, ÷ਕੇਂਦਰ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਪੰਜਾਬ ਦੇ ਅਧਿਕਾਰਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਹਾਲੀਆ ਸਮੇਂ ਵਿੱਚ ਕੇਂਦਰ ਦਾ ਦਖ਼ਲ ਇੱਕ ਅਣਕਿਆਸੇ ਪੱਧਰ ਤੱਕ ਵਧ ਗਿਆ ਹੈ, ਜਿਸ ਵਿੱਚ ਭਾਰਤ ਦੇ ਸੰਵਿਧਾਨ ਅਤੇ ਕਈ ਨਿਯਮਾਂ/ਕਾਨੂੰਨਾਂ ਤਹਿਤ ਪੰਜਾਬ ਨੂੰ ਆਪਣੇ ਅਧਿਕਾਰਾਂ ਤੋਂ ਵਾਰ-ਵਾਰ ਵਾਂਝਾ ਕੀਤਾ ਗਿਆ ਹੈ। ਮੁੱਖ ਮੰਤਰੀ ਦਫ਼ਤਰ ਨੇ ਕਿਹਾ, 'ਕੇਂਦਰ ਨੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ.ਬੀ.ਐਮ.ਬੀ.) ਦੇ ਨਿਯਮਾਂ ਵਿੱਚ ਸਰਬਸੰਮਤੀ ਨਾਲ ਬਦਲਾਅ ਕਰ ਕੇ ਉਸ ਰਵਾਇਤੀ ਪਰੰਪਰਾ ਨੂੰ ਖ਼ਤਮ ਕਰ ਦਿੱਤਾ, ਜਿਸ ਤਹਿਤ ਮੈਂਬਰ (ਪਾਵਰ) ਦੀ ਚੋਣ ਪੰਜਾਬ ਤੋਂ ਹੋਣਾ ਯਕੀਨੀ ਸੀ। ਇਸ ਨਾਲ ਰਾਜ ਦੇ ਆਪਣੇ ਦਰਿਆਈ ਪਾਣੀਆਂ ਅਤੇ ਡੈਮਾਂ 'ਤੇ ਇਸ ਦੀ ਪ੍ਰਤੀਨਿਧਤਾ ਨੂੰ ਕਮਜ਼ੋਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੇਂਦਰ ਨੇ ਪੰਜਾਬ ਯੂਨੀਵਰਸਿਟੀ ਦੇ ਕੇਂਦਰੀਕਰਨ ਦੀ ਤਜਵੀਜ਼ ਰੱਖੀ ਸੀ, ਜਿਸ ਦਾ ਪੰਜਾਬ ਵੱਲੋਂ ਪੁਰਜ਼ੋਰ ਵਿਰੋਧ ਕੀਤਾ ਗਿਆ ਸੀ ਪਰ ਕੇਂਦਰ ਨੇ ਆਪਣੀ ਅਥਾਰਟੀ ਦੀ ਦੁਰਵਰਤੋਂ ਕਰਕੇ ਪੰਜਾਬ ਦੇ ਲੋਕਾਂ ਦੀ ਪਕੜ ਅਤੇ ਅਧਿਕਾਰਾਂ ਨੂੰ ਦਬਾਉਣ ਲਈ ਆਪਣਾ ਦਖ਼ਲ ਜਾਰੀ ਰੱਖਿਆ ਹੈ।' ਪੰਜਾਬ ਕੈਬਨਿਟ ਨੇ ਸੁਚੇਤ ਕੀਤਾ, 'ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਪੰਜਾਬ ਸਰਕਾਰ ਦੇ 9,000 ਕਰੋੜ ਰੁਪਏ ਤੋਂ ਵੱਧ ਦੇ ਆਰ.ਡੀ.ਐਫ. ਦੇ ਬਕਾਏ ਵੀ ਰੋਕ ਲਏ ਹਨ, ਜਿਸ ਨਾਲ ਕਿਸਾਨਾਂ ਨੂੰ ਤਕਲੀਫ਼ ਪਹੁੰਚੀ ਹੈ, ਜੋ ਇਨ੍ਹਾਂ ਫੰਡਾਂ ਰਾਹੀਂ ਬਣਾਏ ਜਾਣ ਵਾਲੇ ਢਾਂਚੇ ਦੇ ਅਸਲ ਲਾਭਪਾਤਰੀ ਹਨ। ਇਸੇ ਤਰ੍ਹਾਂ ਕੇਂਦਰ ਨੇ 2025 ਵਿੱਚ ਆਏ ਵਿਨਾਸ਼ਕਾਰੀ ਹੜ੍ਹਾਂ ਤੋਂ ਬਾਅਦ ਪ੍ਰਧਾਨ ਮੰਤਰੀ ਰਾਹੀਂ 1,600 ਕਰੋੜ ਰੁਪਏ ਦੇ ਰਾਹਤ ਪੈਕੇਜ ਦਾ ਐਲਾਨ ਕੀਤਾ ਸੀ, ਪਰ ਅੱਜ ਤੱਕ ਇਸ ਪੈਕੇਜ ਵਿੱਚੋਂ ਇੱਕ ਰੁਪਿਆ ਵੀ ਪੰਜਾਬ ਨੂੰ ਜਾਰੀ ਨਹੀਂ ਕੀਤਾ ਗਿਆ।' ਮਿਤੀ 5 ਸਤੰਬਰ 2026 ਦੇ ਤਾਜ਼ਾ ਨੋਟੀਫਿਕੇਸ਼ਨ ਦਾ ਹਵਾਲਾ ਦਿੰਦਿਆਂ ਪੰਜਾਬ ਕੈਬਨਿਟ ਨੇ ਕਿਹਾ, 'ਕਾਨੂੰਨ ਅਤੇ ਨਿਆਂ ਮੰਤਰਾਲੇ, ਭਾਰਤ ਸਰਕਾਰ ਰਾਹੀਂ ਭਾਰਤ ਦੇ ਰਾਸ਼ਟਰਪਤੀ ਨੇ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕਰਨ ਦਾ ਹੁਕਮ ਪਾਸ ਕੀਤਾ ਹੈ। ਇਹ ਨਿਯੁਕਤੀ ਸੂਬਾ ਸਰਕਾਰ ਦੀ ਸਹਿਮਤੀ ਲਏ ਬਿਨਾਂ ਕੀਤੀ ਗਈ ਹੈ, ਜਿਸ ਨਾਲ ਸਾਰੇ ਸੰਵਿਧਾਨਕ ਨਿਯਮਾਂ ਅਤੇ ਤੈਅ ਪ੍ਰਕਿਰਿਆਵਾਂ ਨੂੰ ਦਰਕਿਨਾਰ ਕੀਤਾ ਗਿਆ ਹੈ।' ਕੈਬਨਿਟ ਨੇ ਕਿਹਾ, 'ਹਾਈ ਕੋਰਟ ਦੇ ਚੀਫ਼ ਜਸਟਿਸਾਂ ਅਤੇ ਜੱਜਾਂ ਦੀ ਨਿਯੁਕਤੀ ਅਤੇ ਤਬਾਦਲੇ ਲਈ ਮੈਮੋਰੰਡਮ ਆਫ਼ ਪ੍ਰੋਸੀਜ਼ਰ' ਦਾ ਪੈਰਾ 6 ਸਪੱਸ਼ਟ ਤੌਰ 'ਤੇ

• ਬਾਕੀ ਸਫ਼ਾ 2 'ਤੇ



### ☛ ਪੰਜਾਬ ਕੈਬਨਿਟ ਦੀ ਮੰਗ: ਸੂਬੇ ਦੇ ਵਿਚਾਰ ਲੈਣ ਅਤੇ ਉਨ੍ਹਾਂ 'ਤੇ ਗੌਰ ਕਰਨ ਤੱਕ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਦੀ ਨਿਯੁਕਤੀ ਅਤੇ ਸਹੁੰ ਚੁੱਕ ਸਮਾਗਮ ਨੂੰ ਰੋਕਿਆ ਜਾਵੇ

## ਮੈਨੂੰ ਝੂਠਾ ਬਦਨਾਮ ਕਰਕੇ ਪੰਜਾਬ ਨੂੰ ਲੁੱਟਣ ਦਾ ਮੌਕਾ ਭਾਲ ਰਹੇ ਨੇ ਵਿਰੋਧੀ : ਮਾਨ

**ਬਠਿੰਡਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਵਿਰੋਧੀ ਧਿਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਵਿਰੋਧੀ ਲੀਡਰਸ਼ਿਪ ਉਨ੍ਹਾਂ ਨੂੰ ਝੂਠਾ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਸਾਲਾਂਬੱਧੀ ਆਪਣੇ ਖਜ਼ਾਨੇ ਭਰਨ ਤੋਂ ਬਾਅਦ ਹੁਣ ਇੱਕ ਵਾਰ ਫੇਰ

- ਲੋਕਾਂ ਦਾ ਪੈਸਾ ਲੋਕਾਂ 'ਤੇ ਖਰਚ ਕਰ ਰਿਹਾ ਹਾਂ ਜਿਸ ਕਰਕੇ ਵਿਰੋਧੀਆਂ ਨੂੰ ਤਕਲੀਫ਼ ਹੋ ਰਹੀ ਹੈ : ਮੁੱਖ ਮੰਤਰੀ
- ਇੰਨੇ ਸਾਲਾਂ ਤੱਕ ਵਿਰੋਧੀਆਂ ਨੇ ਪੰਜਾਬ ਨੂੰ ਲੁੱਟ ਕੇ ਆਪਣੀਆਂ ਤਿਜੌਰੀਆਂ ਭਰੀਆਂ, ਉਦੋਂ ਦਰਦ ਨਹੀਂ ਹੋਇਆ

ਪੰਜਾਬ ਨੂੰ ਲੁੱਟਣ ਦਾ ਮੌਕਾ ਲੱਭ ਰਹੇ ਹਨ। ਬਠਿੰਡਾ ਦੇ ਪਿੰਡ ਘੁੱਦਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਇਸ ਲਈ ਪ੍ਰੇਸ਼ਾਨ ਹੈ ਕਿਉਂਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੇ ਭਲੇ ਲਈ ਲੋਕਾਂ ਦਾ ਪੈਸਾ ਖਰਚ ਕਰ ਰਹੀ ਹੈ। ਭਾਜਪਾ ਅਤੇ ਅਕਾਲੀ ਦਲ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦੋਵੇਂ ਪਾਰਟੀਆਂ ਇੱਕ ਵਾਰ ਫਿਰ ਗਠਜੋੜ ਵੱਲ ਵਧ ਰਹੀਆਂ ਹਨ, ਜਿਸ ਵਿੱਚ ਅਕਾਲੀ ਦਲ ਤਿੰਨ ਖੇਤੀ ਕਾਨੂੰਨਾਂ ਨੂੰ ਪਾਸ ਕਰਵਾਉਣ ਦੀ ਸ਼ਰਤ 'ਤੇ ਭਾਜਪਾ ਨਾਲ ਹੱਥ ਮਿਲਾਉਣ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਜਿੱਥੇ ਕੁਝ ਨੇਤਾ "ਮੋਦੀ ਕੋਟੇ" ਦੇ ਹਨ ਅਤੇ ਦੂਜੇ "ਰਾਹੁਲ ਗਾਂਧੀ ਕੋਟੇ" ਦੇ ਹਨ, ਉੱਥੇ ਹੀ ਉਹ ਇਕੱਲੇ "ਲੋਕਾਂ ਦੇ ਕੋਟੇ"ਨਾਲ ਸਬੰਧਤ ਹਨ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕਾਂ ਨੇ 2022 ਵਿੱਚ ਇੱਕ ਅਧਿਆਪਕ ਦੇ ਪੁੱਤਰ ਨੂੰ ਮੌਕਾ ਦਿੱਤਾ ਸੀ ਅਤੇ 2027 ਵਿੱਚ ਇੱਕ ਹੋਰ ਮੌਕਾ ਦੇਣਗੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ 750 ਕਿਸਾਨਾਂ ਦੀਆਂ ਸ਼ਹਾਦਤਾਂ ਲਈ ਭਾਜਪਾ ਨੂੰ ਕਦੇ ਮਾਫ਼ ਨਹੀਂ ਕਰੇਗਾ ਅਤੇ ਅਕਾਲੀ ਦਲ ਹਮੇਸ਼ਾ ਪੰਜਾਬ ਦੇ ਹਿੱਤਾਂ ਨਾਲ ਸਮਝੌਤਾ ਕਰਨ ਵਿੱਚ ਅੱਗੇ ਰਿਹਾ ਹੈ। ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦਾ ਪੰਜਾਬ ਅਤੇ ਲੋਕਾਂ ਦੇ ਖ਼ਿਲਾਫ਼ ਕੰਮ ਕਰਨ ਦਾ ਰਿਕਾਰਡ ਬਹੁਤ ਮਾੜਾ ਰਿਹਾ ਹੈ ਅਤੇ ਇਨ੍ਹਾਂ ਦੇ ਗੁਨਾਹਾਂ ਲਈ ਕਦੇ ਮਾਫ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ, ਭਾਜਪਾ ਨੇ ਸਦਾ ਪੰਜਾਬ ਵਿਰੋਧੀ ਮਾਨਸਿਕਤਾ ਅਪਣਾਈ ਹੈ ਅਤੇ ਇਸ ਦੇ ਹੱਕਾਂ ਅਤੇ ਹਿੱਤਾਂ ਨਾਲ ਸਬੰਧਤ ਮੁੱਦਿਆਂ 'ਤੇ ਸੂਬੇ ਨਾਲ ਬੇਇਨਸਾਫ਼ੀ ਕੀਤੀ ਹੈ। ਚਾਹੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ.ਬੀ.ਐਮ.ਬੀ.), ਸਤਲੁਜ ਯਮੁਨਾ ਲਿੰਕ (ਐਸ.ਵਾਈ.ਐਲ.) ਨਹਿਰ, ਹਰੀਕੇ ਨਹਿਰ, ਗਣਤੰਤਰ ਦਿਵਸ ਦੀਆਂ ਝਾਕੀਆਂ, ਦਿਹਾਤੀ ਵਿਕਾਸ ਫੰਡ (ਆਰ.ਡੀ.ਐਫ.) ਜਾਂ ਸਰਹੱਦੀ ਖੇਤਰ ਦੇ ਫੰਡਾਂ ਦਾ ਮੁੱਦਾ ਹੋਵੇ, ਭਾਜਪਾ ਨੇ ਹਮੇਸ਼ਾ ਪੰਜਾਬ ਨਾਲ ਅਨਿਆਂ ਕੀਤਾ ਹੈ। ਅਕਾਲੀ ਆਗੂ ਸੁਖਬੀਰ ਸਿੰਘ ਬਾਦਲ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਸੁਖਬੀਰ ਸਿੰਘ ਬਾਦਲ ਨੇ ਉਮਰ ਭਰ ਐਸ਼ੋ-ਆਰਾਮ ਅਤੇ ਸੁਰੱਖਿਅਤ ਮਾਹੌਲ 'ਚ ਜੀਵਨ ਬਤੀਤ ਕੀਤਾ ਹੈ। ਉਹ ਪੰਜਾਬ ਦੀਆਂ ਜ਼ਮੀਨੀ ਹਕੀਕਤਾਂ ਨੂੰ ਨਹੀਂ ਸਮਝਦੇ। ਉਹ ਕਾਨਵੈਂਟ ਸਕੂਲ ਦੇ ਪੜ੍ਹੇ-ਲਿਖੇ ਸਿਆਸੀ ਨੇਤਾ ਹਨ ਜਿਨ੍ਹਾਂ ਨੂੰ ਸੂਬੇ ਦੇ ਬੁਨਿਆਦੀ ਭੂਗੋਲ ਦਾ ਵੀ ਨਹੀਂ ਪਤਾ, ਫਿਰ ਵੀ ਉਹ ਪੰਜਾਬ 'ਤੇ ਰਾਜ ਕਰਨਾ ਚਾਹੁੰਦੇ ਹਨ। ਬਾਕੀ ਸਭ ਕੁਝ ਛੱਡੋ, ਉਹ ਪੰਜਾਬ ਦੀਆਂ ਮੁੱਖ ਫ਼ਸਲਾਂ ਵਿੱਚ ਵੀ ਫਰਕ ਨਹੀਂ ਕਰ ਸਕਦੇ ਕਿਉਂਕਿ ਉਨ੍ਹਾਂ ਨੂੰ ਸਾਡੇ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਬਹੁਤ ਘੱਟ ਗਿਆਨ ਹੈ।' ਮੁੱਖ ਮੰਤਰੀ ਨੇ ਕਿਹਾ, 'ਮੈਂ ਪੰਜਾਬ ਦੇ ਲੋਕਾਂ ਦੇ ਪੁੱਤਰ ਅਤੇ ਭਰਾ ਵਜੋਂ ਕੰਮ ਕਰ ਰਿਹਾ ਹਾਂ। ਮੈਂ ਆਪਣੇ ਤੋਂ ਪਹਿਲੇ ਮੁੱਖ ਮੰਤਰੀਆਂ ਵਾਂਗ ਆਲੀਸ਼ਾਨ ਜ਼ਿੰਦਗੀ ਜਿਊਣ ਦੀ ਬਜਾਏ ਉਨ੍ਹਾਂ ਦੀਆਂ ਤਕਲੀਫ਼ਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਦੁੱਖ ਵੰਡਾਉਣ 'ਤੇ ਧਿਆਨ ਦਿੱਤਾ ਹੈ। ਜਨਤਾ ਦਾ ਇੱਕ-ਇੱਕ ਰੁਪਿਆ ਜਨਤਾ 'ਤੇ ਹੀ ਖਰਚ ਕੀਤਾ ਜਾ

• ਬਾਕੀ ਸਫ਼ਾ 2 'ਤੇ



# ਦਿੱਲੀ 'ਚ 5 ਮੰਜ਼ਿਲਾ ਇਮਾਰਤ ਡਿੱਗੀ, ਤਿੰਨ ਹਲਾਕ

### 11 ਬਚਾਏ, 30 ਤੋਂ ਵੱਧ ਮਲਬੇ ਹੇਠ ਦੱਬੇ ਹੋਣ ਦਾ ਖ਼ਦਸ਼ਾ

**ਨਵੀਂ ਦਿੱਲੀ** : ਦੱਖਣੀ ਦਿੱਲੀ ਦੇ ਸਤਿਆ ਨਿਕੇਤਨ ਖੇਤਰ ਵਿੱਚ ਐਤਵਾਰ ਦੁਪਹਿਰ ਨੂੰ ਲੜਕਿਆਂ ਦੀ ਪੀ ਜੀ ਵਾਲੀ ਪੰਜ ਮੰਜ਼ਿਲਾ ਇਮਾਰਤ ਡਿੱਗ ਗਈ, ਜਿਸ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਕਈ ਲੋਕਾਂ ਦੇ ਫਸੇ ਹੋਣ ਦਾ ਖਦਸ਼ਾ ਹੈ। ਇਹ ਇਲਾਕਾ ਦਿੱਲੀ ਯੂਨੀਵਰਸਿਟੀ ਦੇ ਦੱਖਣੀ ਕੈਂਪਸ ਦੇ ਨੇੜੇ ਹੈ ਅਤੇ ਇਸ ਵਿੱਚ ਵਿਦਿਆਰਥੀਆਂ ਦੇ ਹੋਸਟਲਾਂ ਅਤੇ ਖਾਣ-ਪੀਣ ਦੇ ਆਊਟਲੈਟਾਂ ਨਾਲ ਭਰੀਆਂ ਤੰਗ ਗਲੀਆਂ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਮਾਰਤ ਲਗਪਗ 20 ਸਾਲ ਪੁਰਾਣੀ ਸੀ ਅਤੇ ਜਦੋਂ 1:30 ਵਜੇ ਦੇ ਕਰੀਬ ਇਹ ਹਾਦਸਾ ਵਾਪਰਿਆ ਤਾਂ ਬੇਸਮੈਂਟ ਵਿੱਚ ਉਸਾਰੀ ਦਾ ਕੰਮ ਚੱਲ ਰਿਹਾ ਸੀ। ਏਮਜ਼ ਦੇ ਸੂਤਰਾਂ ਨੇ ਦੱਸਿਆ ਕਿ ਹਸਪਤਾਲ ਵਿੱਚ ਲਿਆਂਦੇ ਗਏ ਚਾਰ ਮਰੀਜ਼ਾਂ ਵਿੱਚੋਂ ਦੋ ਦੀ ਹਾਲਤ ਅਜੇ ਵੀ ਗੰਭੀਰ ਹੈ ਅਤੇ ਇੱਕ ਨੂੰ ਮ੍ਰਿਤਕ ਲਿਆਂਦਾ ਗਿਆ ਸੀ। ਇੱਕ ਬਚਾਅ ਕਰਮਚਾਰੀ ਜਿਸ ਨੂੰ ਲਿਆਂਦਾ ਗਿਆ ਸੀ, ਨੂੰ ਛੁੱਟੀ ਦੇ ਦਿੱਤੀ ਗਈ ਹੈ। ਸਥਾਨਕ ਪੁਲੀਸ, ਫਾਇਰ ਬ੍ਰਿਗੇਡ, ਐਂਬੂਲੈਂਸਾਂ ਅਤੇ ਹੋਰ ਐਮਰਜੈਂਸੀ ਸੇਵਾਵਾਂ ਮੌਕੇ 'ਤੇ ਮੌਜੂਦ ਹਨ। ਇੱਕ ਪੁਲੀਸ ਅਧਿਕਾਰੀ ਨੇ ਕਿਹਾ ਕਿ ਐੱਨ ਡੀ ਆਰ ਐੱਫ ਦੀ ਇੱਕ ਟੀਮ ਵੀ ਪਹੁੰਚ ਗਈ ਹੈ ਅਤੇ ਬਚਾਅ ਤੇ ਰਾਹਤ ਕਾਰਜ ਜਾਰੀ ਹਨ। ਪੁਲੀਸ ਨੇ ਦੱਸਿਆ ਕਿ ਨਾਨਕਪੁਰਾ ਗੁਰਦੁਆਰੇ ਦੇ ਨੇੜੇ

• ਬਾਕੀ ਸਫ਼ਾ 2 'ਤੇ



### ਪ੍ਰਧਾਨ ਮੰਤਰੀ ਮੋਦੀ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ

ਦੱਖਣੀ ਦਿੱਲੀ ਦੇ ਸੱਤਿਆ ਨਿਕੇਤਨ ਇਲਾਕੇ ਵਿੱਚ ਵਾਪਰੇ ਇੱਕ ਦਰਦਨਾਕ ਹਾਦਸੇ ਵਿੱਚ ਇਮਾਰਤ ਡਿੱਗਣ ਕਾਰਨ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਇਸ ਭਿਆਨਕ ਹਾਦਸੇ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਡੂੰਘਾ ਦੁੱਖ ਪ੍ਰਗਟਾਇਆ ਹੈ। ਪ੍ਰਧਾਨ ਮੰਤਰੀ ਨੇ ਹਾਦਸੇ ਨੂੰ ਬੇਹੱਦ ਦੁਖਦਾਈ ਦੱਸਦਿਆਂ ਪੀੜਤ ਪਰਿਵਾਰਾਂ ਨਾਲ ਆਪਣੀ ਹਮਦਰਦੀ ਪ੍ਰਗਟ ਕੀਤੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਸੰਦੇਸ਼ ਵਿੱਚ ਕਿਹਾ, "ਦਿੱਲੀ ਦੇ ਸੱਤਿਆ ਨਿਕੇਤਨ ਵਿੱਚ ਇਮਾਰਤ ਦਾ ਡਿੱਗਣਾ ਬੇਹੱਦ ਦੁਖਦਾਈ ਹੈ। ਜਿਨ੍ਹਾਂ ਲੋਕਾਂ ਨੇ ਆਪਣੇ ਪਿਆਰਿਆਂ ਨੂੰ ਗੁਆ ਦਿੱਤਾ ਹੈ, ਉਨ੍ਹਾਂ ਨਾਲ ਮੇਰੀਆਂ ਡੂੰਘੀਆਂ ਸੰਵੇਦਨਾਵਾਂ ਹਨ। ਮੈਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਪ੍ਰਾਰਥਨਾ ਕਰਦਾ ਹਾਂ"। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਥਾਨਕ ਪ੍ਰਸ਼ਾਸਨ ਅਤੇ ਸਬੰਧਤ ਅਧਿਕਾਰੀ ਮੌਕੇ 'ਤ ਮੁਸਤੈਦ ਹਨ ਅਤੇ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ।

### ਪੀੜ੍ਹਤ ਪਰਿਵਾਰਾਂ ਨੂੰ ਦਿੱਤੀ ਜਾਵੇਗੀ ਹਰ ਸੰਭਵ ਮਦਦ : ਰੇਖਾ ਗੁਪਤਾ

ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਐਤਵਾਰ ਨੂੰਰਾਜਧਾਨੀ ਦੀ ਸਤਿਆ ਨਿਕੇਤਨ ਇਲਾਕੇ 'ਚ ਇਮਾਰਤ ਢਹਿਣ ਨਾਲ ਪ੍ਰਭਾਵਿਤ ਪੀੜਤਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਵੱਖ-ਵੱਖ ਏਜੰਸੀਆਂ ਬਚਾਅ ਕੰਮ ਕਰ ਰਹੀਆਂ ਹਨ। ਰੇਖਾ ਗੁਪਤਾ ਨੇ ਕਿਹਾ ਕਿ ਸਾਵਧਾਨੀ ਵਜੋਂ, ਨੇੜਲੀ ਇਮਾਰਤ ਨੂੰ ਖਾਲੀ ਕਰਵਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਫਸੇ ਲੋਕਾਂ ਨੂੰ ਸੁਰੱਖਿਅਤ ਕੱਢਣ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਸਹਾਇਤਾ

• ਬਾਕੀ ਸਫ਼ਾ 2 'ਤੇ

### ਰੇਤ ਨਾਲ ਭਰੇ ਡੰਪਰ ਨੇ ਆਟੋ ਨੂੰ ਕੁਚਲਿਆ, 5 ਦੀ ਮੌਤ

**ਸੰਭਲ (ਯੂਪੀ)**: ਸੰਭਲ ਵਿੱਚ ਤੇਜ਼ ਰਫ਼ਤਾਰ ਦਾ ਕਹਿਰ ਦੇਖਣ ਨੂੰ ਮਿਲਿਆ। ਬਜਰੀ ਅਤੇ ਰੇਤ ਨਾਲ ਭਰੇ ਇੱਕ ਤੇਜ਼ ਰਫ਼ਤਾਰ ਡੰਪਰ ਨੇ ਇੱਕ ਆਟੋ ਨੂੰ ਕੁਚਲ ਦਿੱਤਾ। ਭਿਆਨਕ ਸੜਕ ਹਾਦਸੇ ਵਿੱਚ ਆਟੋ ਵਿੱਚ ਸਵਾਰ ਪੰਜ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਦੋ ਹੋਰ ਗੰਭੀਰ ਜ਼ਖਮੀ ਹੋ ਗਏ। ਪੁਲਿਸ ਨੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ, ਜਿੱਥੇ ਦੋ ਦੀ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਉੱਚ ਕੇਂਦਰ ਰੈਫਰ ਕਰ ਦਿੱਤਾ ਗਿਆ। ਹਾਦਸੇ ਤੋਂ ਬਾਅਦ ਪੁਲਿਸ ਨੇ ਸਾਰੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ। ਇਸ ਦੌਰਾਨ, ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਦੁੱਖ ਪ੍ਰਗਟ ਕੀਤਾ। ਇਹ ਦੁਖਦਾਈ ਘਟਨਾ ਮੁਰਾਦਾਬਾਦ-ਆਗਰਾ ਹਾਈਵੇਅ 'ਤੇ ਬਬਨੇਟਾ ਪਿੰਡ ਦੇ ਨੇੜੇ ਬਹਜੋਈ ਥਾਣਾ ਖੇਤਰ ਵਿੱਚ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਟ੍ਰਾਈਸਾਈਕਲ ਸਵਾਰ ਇੱਕ ਅਪਾਹਜ ਵਿਅਕਤੀ ਨੂੰ ਬਚਾਉਣ ਦੀ ਕੋਸ਼ਿਸ਼

• ਬਾਕੀ ਸਫ਼ਾ 2 'ਤੇ

## ਸਚਿਨ ਪਾਇਲਟ ਬਣੇ ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ; ਭੂਪੇਸ਼ ਬਘੇਲ ਦੀ ਹੋਈ ਛੁੱਟੀ

**ਨਵੀਂ ਦਿੱਲੀ** : ਕਾਂਗਰਸ ਹਾਈਕਮਾਨ ਨੇ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਨਵਾਂ ਇੰਚਾਰਜ ਨਿਯੁਕਤ ਕੀਤਾ ਹੈ। ਉਨ੍ਹਾਂ ਨੇ ਇਸ ਜ਼ਿੰਮੇਵਾਰੀ ਵਿੱਚ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ ਦੀ ਥਾਂ ਲਈ ਹੈ। ਰਾਹੁਲ ਗਾਂਧੀ ਦੇ ਪੰਜਾਬ ਦੌਰੇ ਤੋਂ ਪਹਿਲਾਂ ਪਾਰਟੀ ਵੱਲੋਂ ਇਹ ਅਹਿਮ ਨਿਯੁਕਤੀ ਕੀਤੀ ਗਈ ਹੈ। ਭੁਪੇਸ਼ ਬਘੇਲ ਨੂੰ ਹੁਣ ਅਸਾਮ ਕਾਂਗਰਸ ਦਾ ਇੰਚਾਰਜ ਬਣਾਇਆ ਗਿਆ ਹੈ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਉਨ੍ਹਾਂ ਦੇ ਧੜੇ ਵੱਲੋਂ ਲੰਬੇ ਸਮੇਂ ਤੋਂ ਭੁਪੇਸ਼ ਬਘੇਲ ਖ਼?ਲਾਫ਼ ਨਾਰਾਜ਼ਗੀ ਜ਼ਾਹਰ ਕੀਤੀ ਜਾ ਰਹੀ ਸੀ। ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਮੁੜ ਪੰਜਾਬ ਕਾਂਗਰਸ ਦਾ ਸੂਬਾ ਪ੍ਰਧਾਨ ਬਣਾਏ ਜਾਣ ਤੋਂ ਬਾਅਦ ਚੰਨੀ ਧੜੇ ਦੀ ਨਾਰਾਜ਼ਗੀ ਹੋਰ ਵਧ ਗਈ ਸੀ। ਚੰਨੀ ਧੜੇ

• ਬਾਕੀ ਸਫ਼ਾ 2 'ਤੇ



### ਕੌਣ ਹਨ ਸਚਿਨ ਪਾਇਲਟ?

ਸਚਿਨ ਪਾਇਲਟ ਰਾਜਸਥਾਨ ਕਾਂਗਰਸ ਦੇ ਸੂਬਾ ਪ੍ਰਧਾਨ ਅਤੇ ਉਪ ਮੁੱਖ ਮੰਤਰੀ ਰਹਿ ਚੁੱਕੇ ਹਨ। ਉਨ੍ਹਾਂ ਦਾ ਜਨਮ 7 ਸਤੰਬਰ 1977 ਨੂੰ ਹੋਇਆ ਸੀ। ਉਨ੍ਹਾਂ ਦੇ ਪਿਤਾ ਸਵਰਗੀ ਰਾਜੇਸ਼ ਪਾਇਲਟ ਕਾਂਗਰਸ ਦੇ ਸੀਨੀਅਰ ਆਗੂ ਅਤੇ ਕੇਂਦਰੀ ਮੰਤਰੀ ਰਹੇ ਸਨ। ਸਚਿਨ ਪਾਇਲਟ ਨੇ ਮਹਿਜ਼ 26 ਸਾਲ ਦੀ ਉਮਰ ਵਿੱਚ 2004 ਦੀਆਂ ਲੋਕ ਸਭਾ ਚੋਣਾਂ ਦੌਰਾਨ ਦੌਸਾ ਸੀਟ ਤੋਂ ਜਿੱਤ ਦਰਜ ਕੀਤੀ ਸੀ। ਇਸ ਦੇ ਨਾਲ ਹੀ ਉਹ ਦੇਸ਼ ਦੇ ਸਭ ਤੋਂ ਘੱਟ ਉਮਰ ਦੇ ਸੰਸਦ ਮੈਂਬਰਾਂ ਵਿੱਚ ਸ਼ਾਮਲ ਹੋ ਗਏ ਸਨ। ਬਾਅਦ ਵਿੱਚ ਉਨ੍ਹਾਂ ਨੇ ਮਨਮੋਹਨ ਸਿੰਘ ਦੀ ਅਗਵਾਈ ਵਾਲੀ ਯੂਪੀਏ-2 ਸਰਕਾਰ ਵਿੱਚ ਕਾਰਪੋਰੇਟ ਮਾਮਲਿਆਂ ਦੇ ਕੇਂਦਰੀ ਰਾਜ

• ਬਾਕੀ ਸਫ਼ਾ 2 'ਤੇ

## ਇੰਡੋਨੇਸ਼ੀਆ 'ਚ ਜੁਆਲਾਮੁਖੀ ਫਟਿਆ, 209 ਉਡਾਨਾਂ ਹੋਈਆਂ ਪ੍ਰਭਾਵਿਤ



**ਅਨਾਕ ਕ੍ਰਾਕਾਟੋਆ (ਇੰਡੋਨੇਸ਼ੀਆ)** : ਇੱਥੋਂ ਪ੍ਰਸਿੱਧ ਅਨਾਕ ਕ੍ਰਾਕਾਟੋਆ ਜੁਆਲਾਮੁਖੀ ਵਿੱਚ ਐਤਵਾਰ ਤੜਕੇ ਅਚਾਨਕ ਜ਼ੋਰਦਾਰ ਧਮਾਕਾ ਹੋਣ ਤੋਂ ਬਾਅਦ ਚਾਰੇ ਪਾਸੇ ਦਹਿਸ਼ਤ ਦਾ ਮਾਹੌਲ ਬਣ ਗਿਆ। ਜੁਆਲਾਮੁਖੀ ਫਟਣ ਕਾਰਨ ਨਿਕਲੀ ਸੁਆਹ ਅਤੇ ਗ਼ੁਬਾਰ ਪੱਛਮੀ ਇੰਡੋਨੇਸ਼ੀਆ ਦੇ ਕਈ ਇਲਾਕਿਆਂ ਵਿੱਚ ਫੈਲ ਗਿਆ, ਜਿਸ ਦੇ ਮੱਦੇਨਜ਼ਰ ਰਾਜਧਾਨੀ ਜਕਾਰਤਾ ਦੇ ਸੂਕਰਨੋ-ਹੱਟਾ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਸਾਰੀਆਂ ਉਡਾਣਾਂ ਨੂੰ ਅਸਥਾਈ ਤੌਰ 'ਤੇ ਰੱਦ ਕਰਨਾ ਪਿਆ। ਇੰਡੋਨੇਸ਼ੀਆ ਦੀ ਭੂ-ਵਿਗਿਆਨਕ ਏਜੰਸੀ ਮੁਤਾਬਕ, ਜਾਵਾ ਅਤੇ ਸੁਮਾਤਰਾ ਦੇ ਪ੍ਰਮੁੱਖ ਟਾਪੂਆਂ ਵਿਚਕਾਰ ਸੁੰਡਾ ਜਲਡਮਰੂਮੱਧ ਵਿੱਚ ਸਥਿਤ ਇਸ ਜੁਆਲਾਮੁਖੀ ਟਾਪੂ 'ਤੇ ਸ਼ਨੀਵਾਰ ਤੋਂ ਹੀ ਗਤੀਵਿਧੀਆਂ ਤੇਜ਼ ਹੋਣ ਦੇ ਸੰਕੇਤ ਮਿਲ ਰਹੇ ਸਨ। ਐਤਵਾਰ ਤੜਕੇ ਕਰੀਬ 3 ਵੱਜ ਕੇ 53 ਮਿੰਟ 'ਤੇ ਇਹ ਜੁਆਲਾਮੁਖੀ ਲਗਭਗ 30 ਸੈਕਿੰਡ ਤੱਕ ਜ਼ੋਰਦਾਰ ਢੰਗ ਨਾਲ ਫਟਿਆ। ਰਾਹਤ ਵਾਲੀ ਗੱਲ ਇਹ ਰਹੀ ਕਿ ਇਸ ਘਟਨਾ ਵਿੱਚ ਕਿਸੇ ਜਾਨੀ-ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ ਅਤੇ ਨਾ ਹੀ ਫ਼ਿਲਹਾਲ ਆਸ-ਪਾਸ ਦੇ ਇਲਾਕਿਆਂ ਵਿੱਚੋਂ ਲੋਕਾਂ ਨੂੰ ਸੁਰੱਖਿਅਤ ਬਾਹਰ

• ਬਾਕੀ ਸਫ਼ਾ 2 'ਤੇ

## ਪੰਜਾਬ ਵਿੱਚ ਸਰਕਾਰ 'ਤੇ ਸਵਾਲ ਕਰਨਾ ਵੀ ਹੁਣ ਜੁਰਮ ਹੈ : ਬਾਜਵਾ

**ਗੁਰਦਾਸਪੁਰ** : ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਅੱਜ ਪੰਜਾਬ ਪੁਲਿਸ ਵੱਲੋਂ ਮੋਹਨਜੀਤ ਸਿੰਘ ਸ਼ੇਰੋਂ 'ਤੇ ਕੀਤੇ ਗਏ ਤਸ਼ੱਦਦ ਦੀ ਸਖ਼ਤ ਨਿੰਦਾ ਕੀਤੀ ਅਤੇ ਇਨਸਾਫ਼ ਤੇ ਜਵਾਬਦੇਹੀ ਦੀ ਮੰਗ ਨੂੰ ਲੈ ਕੇ ਸੰਗਰੂਰ ਵਿਖੇ ਐੱਸਐੱਸਪੀ ਦਫ਼ਤਰ ਦੇ ਬਾਹਰ ਚੱਲ ਰਹੇ ਧਰਨੇ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਫਿਲੌਰ ਦੇ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ, ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਅਤੇ ਸੁਰਿੰਦਰ ਪਾਲ ਸਿੰਘ ਸਿਬੀਆ ਤੋਂ ਇਲਾਵਾ ਕਾਂਗਰਸ ਦੇ ਹੋਰ ਆਗੂ ਹਰਿੰਦਰ ਪਾਲ ਸਿੰਘ ਹੈਰੀ ਮਾਨ, ਰਜਿੰਦਰ ਦੀਪਾ, ਕਮਲ ਧਾਲੀਵਾਲ ਅਤੇ ਕਮਲਜੀਤ ਚਾਵਲਾ ਵੀ ਮੌਜੂਦ ਸਨ। ਬਾਜਵਾ ਨੇ ਕਿਹਾ ਕਿ ਇਹ ਘਟਨਾ ਪੰਜਾਬ ਵਿੱਚ ਅਸਹਿਮਤੀ ਦੀ ਆਵਾਜ਼ ਨੂੰ ਦਬਾਉਣ ਦੇ ਤਰੀਕੇ ਦੀ ਇੱਕ ਹੈਰਾਨ ਕਰਨ ਵਾਲੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਪੁਲਿਸ ਦੀਆਂ ਵਧੀਕੀਆਂ, ਨਾਗਰਿਕਾਂ ਨੂੰ ਡਰਾਉਣਾ-ਧਮਕਾਉਣਾ ਅਤੇ ਮੀਡੀਆ ਦੀ ਕਹਾਣੀ ਨੂੰ ਆਪਣੇ ਹੱਕ ਵਿੱਚ ਮੋੜਨ ਦੀਆਂ ਕੋਸ਼ਿਸ਼ਾਂ 'ਆਪ' ਅਤੇ ਭਾਜਪਾ ਦੀ ਸ਼ਾਸਨ ਸ਼ੈਲੀ ਦੀਆਂ ਪਛਾਣ ਬਣਦੀਆਂ ਜਾ ਰਹੀਆਂ ਹਨ। "ਆਮ ਆਦਮੀ ਪਾਰਟੀ ਦਾ ਜਨਮ ਹੀ ਧਰਨਿਆਂ, ਅੰਦੋਲਨਾਂ ਅਤੇ ਲੋਕ ਲਹਿਰਾਂ ਵਿੱਚੋਂ ਹੋਇਆ ਸੀ। ਇਸ ਦੇ ਆਗੂਆਂ ਨੇ ਸਰਕਾਰਾਂ 'ਤੇ ਸਵਾਲ ਚੁੱਕ ਕੇ ਅਤੇ ਸੜਕਾਂ 'ਤੇ ਉਤਰ ਕੇ ਆਪਣਾ ਸਿਆਸੀ ਕਰੀਅਰ ਬਣਾਇਆ। ਅੱਜ ਉਹੀ ਪਾਰਟੀ ਪੰਜਾਬੀਆਂ ਦੀ ਆਵਾਜ਼ ਨੂੰ ਦਬਾਉਣ ਲਈ ਪੁਲਿਸ ਦੀ ਵਰਤੋਂ ਕਰ ਰਹੀ ਹੈ, ਜੋ ਆਪਣੀ ਸਰਕਾਰ 'ਤੇ ਸਵਾਲ ਕਰਨ ਦੀ ਹਿੰਮਤ ਕਰਦੇ ਹਨ। ਇਹ ਸਿਰਫ਼ ਦੋਹਰੇ ਮਾਪਦੰਡ ਨਹੀਂ, ਸਗੋਂ ਘੋਰ ਪਖੰਡ ਹੈ,"ਬਾਜਵਾ ਨੇ ਕਿਹਾ। ਬਾਜਵਾ ਨੇ ਕਿਹਾ ਕਿ ਮੋਹਨਜੀਤ ਸਿੰਘ ਸ਼ੇਰੋਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਾਹਮਣੇ ਨਸ਼ਿਆਂ ਦੇ ਮੁੱਦੇ 'ਤੇ ਸ਼ਾਂਤਮਈ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕੀਤੀ ਸੀ। ਉਨ੍ਹਾਂ ਦਾ ਸੁਨੇਹਾ ਬਿਲਕੁਲ ਸਪੱਸ਼ਟ ਸੀ—'ਯੁੱਧ ਨਸ਼ਿਆਂ ਵਿਰੁੱਧ' ਨਾਕਾਮ ਰਿਹਾ ਹੈ ਅਤੇ ਪੰਜਾਬ ਵਿੱਚ ਅਜੇ ਵੀ ਨਸ਼ੇ ਆਸਾਨੀ ਨਾਲ ਉਪਲਬਧ ਹਨ, ਇੱਥੋਂ ਤੱਕ ਕਿ ਮੁੱਖ ਮੰਤਰੀ ਦੇ ਆਪਣੇ ਜੱਦੀ ਜ਼ਿਲ੍ਹੇ ਵਿੱਚ ਵੀ। "ਨਸ਼ਿਆਂ ਦੇ ਖ਼ਿਲਾਫ਼ ਆਵਾਜ਼ ਚੁੱਕਣ ਅਤੇ ਸਰਕਾਰ 'ਤੇ ਸਵਾਲ ਕਰਨ ਲਈ ਮੋਹਨਜੀਤ ਸਿੰਘ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ ਅਤੇ ਤੀਜੇ ਦਰਜੇ ਦਾ ਤਸ਼ੱਦਦ ਕੀਤਾ ਗਿਆ। ਕੀ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਬੋਲਣਾ ਹੁਣ ਜੁਰਮ ਬਣ ਗਿਆ ਹੈ?"ਬਾਜਵਾ ਨੇ ਸਵਾਲ ਕੀਤਾ। ਬਾਜਵਾ ਨੇ ਇਸ ਘਟਨਾ ਲਈ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਨਾਲ ਸਰਕਾਰ ਵੱਲੋਂ ਕੀਤੇ ਗਏ ਵਤੀਰੇ ਦੀ ਵੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਗਲਤੀ ਕਰਨ ਵਾਲੇ ਪੁਲਿਸ ਅਧਿਕਾਰੀਆਂ ਖ਼?ਲਾਫ਼ ਸਖ਼ਤ ਕਾਰਵਾਈ ਅਤੇ ਜਵਾਬਦੇਹੀ ਤੈਅ ਕਰਨ ਦੀ ਬਜਾਏ ਸਿਰਫ਼ ਉਨ੍ਹਾਂ ਦੇ ਤਬਾਦਲੇ ਕੀਤੇ ਗਏ ਹਨ ਅਤੇ ਕੋਈ ਸਜ਼ਾ ਨਹੀਂ ਦਿੱਤੀ ਗਈ। "ਜੇਕਰ ਪੁਲਿਸ ਅਧਿਕਾਰੀ

• ਬਾਕੀ ਸਫ਼ਾ 2 'ਤੇ



## ਪੰਜਾਬ 'ਚ ਜਾਤੀ ਜਨਗਣਨਾ 1 ਦਸੰਬਰ ਤੋਂ ਹੋਵੇਗੀ ਸ਼ੁਰੂ

**ਨਵੀਂ ਦਿੱਲੀ** : ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜਨਗਣਨਾ ਹੋਵੇਗੀ। ਜਨਗਣਨਾ ਦਾ ਮੁੱਖ ਪੜਾਅ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਚੱਲੇਗਾ। ਇਸ ਤੋਂ ਪਹਿਲਾਂ ਲੋਕ 16 ਤੋਂ 30 ਨਵੰਬਰ 2026 ਦੇ ਵਿਚਕਾਰ ਸਵੈ-ਗਣਨਾ ਪੋਰਟਲ ਰਾਹੀਂ ਆਪਣੀ ਜਾਣਕਾਰੀ ਦਰਜ ਕਰ ਸਕਣਗੇ। ਇਸ ਤੋਂ ਬਾਅਦ 5 ਤੋਂ 9 ਜਨਵਰੀ 2027 ਤੱਕ ਦੁਬਾਰਾ ਜਾਂਚ ਦਾ ਪੜਾਅ ਚੱਲੇਗਾ। ਇਸ ਦੌਰਾਨ 40 ਸਵਾਲ ਪੁੱਛੇ ਜਾਣਗੇ, ਜਿਸ ਵਿੱਚ ਜਾਤ, ਧਰਮ, ਕੋਵਿਡ ਵੈਕਸੀਨ ਲਗਾਉਣ ਤੋਂ ਲੈ ਕੇ ਸਾਰੀ ਜਾਣਕਾਰੀ ਸ਼ਾਮਲ ਰਹੇਗੀ। ਕੇਂਦਰ ਸਰਕਾਰ ਦੀ ਸਿਆਸੀ ਮਾਮਲਿਆਂ ਦੀ ਕੈਬਨਿਟ ਕਮੇਟੀ ਦੇ ਫੈਸਲੇ ਤਹਿਤ ਇਸ ਵਾਰ ਜਨਗਣਨਾ ਵਿੱਚ ਜਾਤੀਗਤ ਜਨਗਣਨਾ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਪੰਜਾਬ ਵਿੱਚ ਹੋਣ ਵਾਲੀ ਜਨਗਣਨਾ ਵਿੱਚ ਵੀ ਜਾਤੀ ਸੰਬੰਧੀ ਜਾਣਕਾਰੀ ਦਰਜ ਕੀਤੀ ਜਾਵੇਗੀ। ਭਾਰਤ ਦੇ ਰਜਿਸਟਰਾਰ ਜਨਰਲ ਅਤੇ ਜਨਗਣਨਾ ਕਮਿਸ਼ਨਰ ਮ੍ਰਿਤੁੰਜੇ ਕੁਮਾਰ ਨਾਰਾਇਣ ਨੇ ਕਿਹਾ ਕਿ ਨਾਗਰਿਕ 16 ਨਵੰਬਰ ਤੋਂ 30 ਨਵੰਬਰ ਦੇ ਵਿਚਕਾਰ ਸਵੈ-ਗਣਨਾ ਦੀ ਚੋਣ ਕਰ ਸਕਦੇ ਹਨ। ਪੂਰੀ ਜਨਗਣਨਾ ਨੂੰ ਡਿਜੀਟਲ ਬਣਾਉਣ ਲਈ ਮੋਬਾਈਲ ਐਪ ਤਿਆਰ ਕੀਤੇ ਗਏ ਹਨ। ਕੇਂਦਰ ਸਰਕਾਰ ਨੇ ਇਸ ਮਹਾਅਭਿਆਨ ਲਈ 11,718.24 ਕਰੋੜ ਦਾ ਬਜਟ ਮਨਜ਼ੂਰ ਕੀਤਾ ਹੈ। ਜਨਗਣਨਾ ਦਾ ਕੰਮ ਪੰਜਾਬ ਸਰਕਾਰ ਦੇ ਤਾਲਮੇਲ ਨਾਲ ਪੂਰਾ ਕੀਤਾ ਜਾਵੇਗਾ। ਪੰਜਾਬ ਤੋਂ ਇਲਾਵਾ, ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਗੋਆ ਦੇ ਕੁਝ ਹਿੱਸਿਆਂ ਵਿੱਚ ਵੀ ਜਨਗਣਨਾ 1 ਦਸੰਬਰ ਨੂੰ ਸ਼ੁਰੂ ਹੋਵੇਗੀ, ਜੋ 4 ਜਨਵਰੀ ਤੱਕ ਜਾਰੀ ਰਹੇਗੀ। ਇਹ ਧਿਆਨ ਦੇਣ ਯੋਗ ਹੈ ਕਿ, ਬਰਫ਼ਬਾਰੀ ਤੋਂ ਪ੍ਰਭਾਵਿਤ ਖੇਤਰਾਂ ਨੂੰ ਛੱਡ ਕੇ, ਜਨਗਣਨਾ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਹੋਰ ਖੇਤਰਾਂ ਵਿੱਚ ਕੀਤੀ ਜਾਵੇਗੀ। ਇੱਕ ਸੋਧ ਪੜਾਅ 5 ਜਨਵਰੀ ਤੋਂ 9 ਜਨਵਰੀ, 2027 ਤੱਕ ਹੋਵੇਗਾ। ਲੱਦਾਖ, ਜੰਮੂ ਅਤੇ ਕਸ਼ਮੀਰ, ਅਤੇ

• ਬਾਕੀ ਸਫ਼ਾ 2 'ਤੇ

# ਦਵਾਈ ਵਪਾਰੀ ਦਾ ਵੱਢਿਆ ਗਲਾ

ਜ਼ਿਕਰ ਪੰਜਾਬ

**ਕਾਨਪੁਰ (ਉੱਤਰ ਪ੍ਰਦੇਸ਼):** ਕਲਿਆਣਪੁਰ ਦੇ ਰਤਨ ਆਰਬਿਟ ਅਪਾਰਟਮੈਂਟ ਵਿੱਚ ਇੱਕ ਦਵਾਈ ਵਪਾਰੀ ਵਿਨੀਤ ਮਨੋਚਾ ਦਾ ਉਸ ਦੇ ਘਰ ਦੇ ਅੰਦਰ ਗਲਾ ਵੱਢ ਕੇ ਕਤਲ ਕਰ ਦਿੱਤਾ ਗਿਆ। ਇਹ ਘਟਨਾ ਐਤਵਾਰ ਸਵੇਰੇ ਉਦੋਂ ਸਾਹਮਣੇ ਆਈ ਜਦੋਂ ਵਪਾਰੀ ਦਾ ਪੁੱਤਰ ਇੱਕ ਪਾਰਟੀ ਤੋਂ ਵਾਪਸ ਆਇਆ। ਮੁੱਢਲੀ ਪੁਲਿਸ ਜਾਂਚ ਵਿੱਚ ਵਪਾਰੀ ਦੇ ਘਰੇਲੂ ਨੌਕਰ ਅਤੇ ਇੱਕ ਸਾਥੀ ਨੂੰ ਮੁੱਖ ਸ਼ੱਕੀ ਦੱਸਿਆ ਗਿਆ ਹੈ, ਦੋਵੇਂ ਅਪਰਾਧ ਹੋਣ ਤੋਂ ਬਾਅਦ ਤੋਂ ਹੀ ਫਰਾਰ ਹਨ। ਏਡੀਸੀਪੀ (ਪੱਛਮੀ) ਰਾਜੇਸ਼ ਕੁਮਾਰ ਪਾਂਡੇ ਨੇ ਦੱਸਿਆ ਕਿ ਰਤਨ ਆਰਬਿਟ ਅਪਾਰਟਮੈਂਟ ਦੇ ਫਲੈਟ ਨੰਬਰ ਸੀ-104 ਵਿੱਚ ਵਾਪਰੀ ਘਟਨਾ ਬਾਰੇ ਜਾਣਕਾਰੀ ਐਤਵਾਰ ਸਵੇਰੇ 5:00 ਵਜੇ ਦੇ ਕਰੀਬ ਮਿਲੀ। ਸੋਸਾਇਟੀ ਦੇ ਸੀਸੀਟੀਵੀ ਫੁਟੇਜ ਦੀ ਸਮੀਖਿਆ ਕਰਨ 'ਤੇ, ਪੁਲਿਸ ਨੂੰ ਪਤਾ ਲੱਗਾ ਕਿ ਦੋ ਸ਼ੱਕੀ ਰਾਤ 9:46 ਵਜੇ ਫਲੈਟ ਵਿੱਚ ਦਾਖਲ ਹੋਏ ਸਨ। ਵਪਾਰੀ ਦਾ ਪੁੱਤਰ ਵਾਰਦਾਤ ਸਿਰਫ਼ ਅੱਠ ਪਹਿਲਾਂ ਹੀ ਘਰੋਂ ਨਿਕਲਿਆ ਸੀ । ਅਜਿਹਾ ਲੱਗਦਾ ਹੈ ਕਿ ਦੋਵਾਂ ਸ਼ੱਕੀਆਂ ਕੋਲ ਫਲੈਟ ਦੀ ਚਾਬੀ ਸੀ, ਜਿਸ ਨਾਲ ਉਨ੍ਹਾਂ ਨੂੰ ਅਸਾਨੀ ਨਾਲ ਪਹੁੰਚ ਮਿਲ ਗਈ।

# ਟੀਮ ਇੰਡੀਆ ਨੇ ਸਿਰਫ਼ 52 ਗੇਂਦਾਂ 'ਚ ਜਿੱਤਿਆ ਮੈਚ

## ਲਗਾਤਾਰ ਪੰਜਵੀਂ ਵਾਰ ਪਾਕਿਸਤਾਨ ਨੂੰ ਹਰਾਇਆ

ਜ਼ਿਕਰ ਪੰਜਾਬ

**ਨਵੀਂ ਦਿੱਲੀ :** ਮਹਿਲਾ ਏਸ਼ੀਆ ਕੱਪ 2026 ਵਿੱਚ ਟੀਮ ਇੰਡੀਆ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਦਾ ਮੁਕਾਬਲਾ ਪਾਕਿਸਤਾਨੀ ਟੀਮ ਵੀ ਨਹੀਂ ਕਰ ਸਕੀ। ਸੈਮੀਫਾਈਨਲ ਲਈ ਪਹਿਲਾਂ ਹੀ ਕੁਆਲੀਫਾਈ ਕਰਨ ਤੋਂ ਬਾਅਦ ਭਾਰਤੀ ਟੀਮ ਨੇ ਆਪਣੇ ਆਖਰੀ ਗਰੁੱਪ ਮੈਚ ਵਿੱਚ ਪਾਕਿਸਤਾਨ ਦਾ ਸਾਹਮਣਾ ਕੀਤਾ। ਮੈਚ ਬਹੁਤ ਉਮੀਦਾਂ ਦੇ ਅਨੁਸਾਰ ਸੀ ਪਰ ਨਤੀਜਾ ਪਿਛਲੇ ਚਾਰ ਮੈਚਾਂ ਵਾਂਗ ਹੀ ਰਿਹਾ। ਪਾਕਿਸਤਾਨ ਨੂੰ 55 ਦੌੜਾਂ 'ਤੇ ਆਊਟ ਕਰਨ ਤੋਂ ਬਾਅਦ ਟੀਮ ਇੰਡੀਆ ਨੇ ਸਿਰਫ 52 ਗੇਂਦਾਂ ਵਿੱਚ ਟੀਚਾ ਪ੍ਰਾਪਤ ਕੀਤਾ ਅਤੇ ਮੈਚ 7 ਵਿਕਟਾਂ ਨਾਲ ਜਿੱਤ ਲਿਆ। ਇਸ ਤਰ੍ਹਾਂ, ਟੀਮ ਇੰਡੀਆ ਨੇ ਜਿੱਤਾਂ ਦੀ ਹੈਟ੍ਰਿਕ ਨਾਲ ਗਰੁੱਪ ਪੜਾਅ ਦਾ ਅੰਤ ਕੀਤਾ। ਦੁਬਈ ਵਿੱਚ ਖੇਡੇ ਗਏ ਇਸ ਮੈਚ ਵਿੱਚ ਭਾਰਤੀ ਟੀਮ ਪਾਕਿਸਤਾਨ ਖਿਲਾਫ ਆਪਣੀ ਲਗਾਤਾਰ ਪੰਜਵੀਂ ਟੀ-20 ਜਿੱਤ ਦਾ ਟੀਚਾ ਰੱਖ ਰਹੀ ਸੀ। ਇਸ ਦੌਰਾਨ ਪਾਕਿਸਤਾਨ ਦਾ ਟੀਚਾ ਭਾਰਤ ਖਿਲਾਫ ਜਿੱਤਾਂ ਦੇ ਆਪਣੇ ਸੋਕੇ ਨੂੰ ਖਤਮ ਕਰਨਾ ਸੀ। ਪਾਕਿਸਤਾਨ ਅਕਤੂਬਰ 2022 ਤੋਂ ਭਾਰਤ ਵਿਰੁੱਧ ਸਾਰੇ ਚਾਰ ਮੈਚ ਹਾਰ ਗਿਆ ਸੀ।




ਹਾਲਾਂਕਿ, ਫਾਤਿਮਾ ਸਨਾ ਦੀ ਅਗਵਾਈ ਵਾਲੀ ਪਾਕਿਸਤਾਨੀ ਟੀਮ ਦਾ ਇੰਤਜ਼ਾਰ ਅਜੇ ਖਤਮ ਨਹੀਂ ਹੋਇਆ ਸੀ, ਕਿਉਂਕਿ ਭਾਰਤੀ ਗੇਂਦਬਾਜ਼ਾਂ ਨੇ ਪਾਕਿਸਤਾਨ ਨੂੰ ਮੈਚ ਤੋਂ ਜਲਦੀ ਹੀ ਬਾਹਰ ਕਰ ਦਿੱਤਾ। ਪਾਕਿਸਤਾਨੀ ਕਪਤਾਨ ਫਾਤਿਮਾ ਸਨਾ ਦਾ ਟਾਸ ਜਿੱਤਣ ਤੋਂ ਬਾਅਦ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਹੈਰਾਨੀਜਨਕ ਸੀ ਅਤੇ ਇਹ ਜਲਦੀ ਹੀ ਉਲਟ ਸਾਬਤ ਹੋਇਆ। ਟੀਮ ਦੇ ਓਪਨਰਾਂ ਨੇ 27 ਦੌੜਾਂ ਦੀ ਸ਼ੁਰੂਆਤ ਕੀਤੀ ਪਰ ਬਾਅਦ ਦੇ ਬੱਲੇਬਾਜ਼ ਸਿਰਫ਼ ਰਸਮਾਂ ਪੂਰੀਆਂ ਕਰਨ ਲਈ ਆਏ। ਭਾਰਤੀ ਸਪਿਨ ਹਮਲੇ, ਜਿਸ ਵਿੱਚ ਸ਼੍ਰੀ ਚਰਨੀ (3/7), ਦੀਪਤੀ ਸ਼ਰਮਾ (2/5), ਪ੍ਰੇਮਾ ਰਾਵਤ (3/9) ਅਤੇ ਸ਼ੈਫਾਲੀ ਵਰਮਾ (1/10) ਸ਼ਾਮਲ ਸਨ। ਉਨ੍ਹਾਂ ਨੇ ਪਾਕਿਸਤਾਨ ਨੂੰ ਸਿਰਫ਼ 55 ਦੌੜਾਂ 'ਤੇ ਆਊਟ ਕਰ ਦਿੱਤਾ। ਇਸ ਦਾ ਮਤਲਬ ਹੈ ਕਿ 27 ਦੌੜਾਂ 'ਤੇ ਆਪਣੀ ਪਹਿਲੀ ਵਿਕਟ ਗੁਆਉਣ ਤੋਂ ਬਾਅਦ ਪਾਕਿਸਤਾਨ ਨੇ ਅਗਲੀਆਂ ਨੌਂ ਵਿਕਟਾਂ ਸਿਰਫ਼ 28 ਦੌੜਾਂ 'ਤੇ ਗੁਆ ਦਿੱਤੀਆਂ। ਇਹ ਟੀ-20ਆਈ ਵਿੱਚ ਪਾਕਿਸਤਾਨ ਦਾ ਸਭ ਤੋਂ ਘੱਟ ਸਕੋਰ ਹੈ। ਹੁਣ ਗੇਂਦਬਾਜ਼ ਮੈਚ ਦਾ ਨਤੀਜਾ ਪਹਿਲਾਂ ਹੀ ਤੈਅ ਕਰ ਚੁੱਕੇ ਸਨ। ਦੇਖਣਾ ਇਹ ਸੀ ਕਿ ਬੱਲੇਬਾਜ਼ਾਂ ਨੂੰ ਕਿੰਨਾ ਸਮਾਂ ਲੱਗੇਗਾ। ਸ਼ੇਫਾਲੀ ਵਰਮਾ ਨੇ ਪਹਿਲੀ ਹੀ ਗੇਂਦ 'ਤੇ ਛੱਕਾ ਲਗਾ ਕੇ ਟੀਚੇ 'ਤੇ ਜਲਦੀ ਪਹੁੰਚਣ ਦੇ ਆਪਣੇ ਇਰਾਦੇ ਦਾ ਸੰਕੇਤ ਦਿੱਤਾ। ਪਰ ਪਾਕਿਸਤਾਨੀ ਕਪਤਾਨ ਫਾਤਿਮਾ ਸਨਾ ਨੇ ਆਪਣੀ ਗੇਂਦਬਾਜ਼ੀ ਦੀ ਮੁਹਾਰਤ ਦਿਖਾਈ। ਉਸ ਨੇ ਦੋ ਓਵਰਾਂ ਦੇ ਅੰਦਰ ਸ਼ੇਫਾਲੀ, ਪ੍ਰਤੀਕਾ ਰਾਵਲ ਅਤੇ ਸਮ੍ਰਿਤੀ ਮੰਧਾਨਾ ਦੀਆਂ ਵਿਕਟਾਂ ਲੈ ਕੇ ਭਾਰਤ ਨੂੰ ਕੁਝ ਮੁਸ਼ਕਲ ਵਿੱਚ ਪਾ ਦਿੱਤਾ। ਪਰ ਟੀਮ ਇੰਡੀਆ ਦੀ ਤਜਰਬੇਕਾਰ ਕਪਤਾਨ ਹਰਮਨਪ੍ਰੀਤ ਕੌਰ (18) ਅਤੇ ਦੀਪਤੀ ਸ਼ਰਮਾ (12) ਨੇ ਮਿਲ ਕੇ 8.4 ਓਵਰਾਂ ਵਿੱਚ ਟੀਮ ਨੂੰ ਜਿੱਤ ਦਿਵਾਈ।

# ਐਸ.ਆਈ.ਆਰ. ਤਹਿਤ ਜ਼ਿਲ੍ਹੇ ਦੇ ਸਮੂਹ 1997 ਪੋਲਿੰਗ ਸਟੇਸ਼ਨਾਂ 'ਤੇ ਲੱਗੇ ਵਿਸ਼ੇਸ਼ ਕੈਂਪ

## ਡਿਪਟੀ ਕਮਿਸ਼ਨਰ ਵਲੋਂ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ-2026 ਤਹਿਤ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਅੱਜ ਜ਼ਿਲ੍ਹੇ ਦੇ ਸਮੂਹ 1997 ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਵੋਟਰਾਂ ਪਾਸੋਂ ਦਾਅਵੇ ਤੇ ਇਤਰਾਜ਼ ਪ੍ਰਾਪਤ ਕਰਨ ਦੀ ਪ੍ਰਕਿਰਿਆ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਦੌਰਾਨ ਕੈਂਪ ਵਿੱਚ ਪਹੁੰਚੇ ਨਾਗਰਿਕਾਂ ਨਾਲ ਗੱਲਬਾਤ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਕੈਂਪ ਯੋਗ ਨਾਗਰਿਕਾਂ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਅਤੇ ਵੋਟਰਾਂ ਨੂੰ ਨੋਟਿਸ ਫਾਰਮ, ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਸਬੰਧੀ ਸਹਿਯੋਗ ਪ੍ਰਦਾਨ ਕਰਨ ਲਈ ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਬੂਥ ਲੈਵਲ ਅਫ਼ਸਰਾਂ ਵੱਲੋਂ ਆਪੋ-ਆਪਣੇ



ਬੂਥਾਂ 'ਤੇ ਮੌਜੂਦ ਰਹਿ ਕੇ ਨਾਗਰਿਕਾਂ ਦੀ ਲੋੜ ਮੁਤਾਬਕ ਫਾਰਮ ਨੰ.6, 6ਏ ਅਤੇ ਫਾਰਮ 8 ਭਰਨ ਵਿੱਚ ਸਹਾਇਤਾ ਕੀਤੀ ਗਈ। ਇਸ ਦੇ ਨਾਲ ਹੀ ਸਹਾਇਕ ਦਸਤਾਵੇਜ਼ ਵੀ ਪ੍ਰਾਪਤ ਕੀਤੇ ਗਏ ਤਾਂ ਜੋ ਵੋਟਰ ਸੂਚੀ ਵਿੱਚ ਨਾਮ ਦਰਜ ਕਰਨ, ਵੇਰਵਿਆਂ 'ਚ ਸੋਧ ਆਦਿ ਸਮੇਂ ਸਿਰ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਦਿਵਿਆਂਗ (ਪੀ.ਡਬਲਯੂ.ਡੀ) ਵੋਟਰਾਂ ਦੀ ਪਛਾਣ ਵੀ ਕੀਤੀ ਗਈ ਅਤੇ ਲੋੜੀਂਦੀ ਮਾਰਕਿੰਗ ਲਈ ਫਾਰਮ ਨੰਬਰ 8 ਭਰਵਾਏ ਗਏ ਤਾਂ ਜੋ ਚੋਣ ਪ੍ਰਕਿਰਿਆ ਦੌਰਾਨ ਉਨ੍ਹਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਵਾਲੀਆ ਨੇ ਵਿਸ਼ੇਸ਼ ਕੈਂਪ ਵਿੱਚ ਸਹਿਯੋਗ ਦੇਣ ਲਈ ਵੱਖ-ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਦਾ ਵੀ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਚੋਣ ਕਮਿਸ਼ਨ ਵੱਲੋਂ ਐਸ.ਆਈ.ਆਰ.-2026 ਸਬੰਧੀ ਜਾਰੀ ਸ਼ਡਿਊਲ ਅਨੁਸਾਰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ 13 ਅਗਸਤ 2026 ਨੂੰ ਕੀਤੀ ਜਾ ਚੁੱਕੀ ਹੈ, ਜਿਸ ਸਬੰਧੀ 12 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਨੋਟਿਸ ਪੜਾਅ/ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ।

# ਸੀਟ ਨੂੰ ਲੈ ਕੇ ਹੰਗਾਮਾ, ਕਈ ਮਹਿਲਾਵਾਂ ਵੱਲੋਂ ਇੱਕ ਮਹਿਲਾ ਨਾਲ ਕਥਿਤ ਕੁੱਟਮਾਰ

ਜ਼ਿਕਰ ਪੰਜਾਬ

**ਮੋਗਾ :** ਮੋਗਾ ਤੋਂ ਅੰਮ੍ਰਿਤਸਰ ਜਾ ਰਹੀ ਇੱਕ ਬੱਸ ਵਿੱਚ ਸੀਟ ਨੂੰ ਲੈ ਕੇ ਹੋਈ ਤਕਰਾਰ ਉਸ ਸਮੇਂ ਹੰਗਾਮੇ 'ਚ ਬਦਲ ਗਈ, ਜਦੋਂ ਇੱਕ ਮਹਿਲਾ ਨਾਲ ਕਈ ਮਹਿਲਾਵਾਂ ਵੱਲੋਂ ਕਥਿਤ ਤੌਰ ਤੇ ਕੁੱਟਮਾਰ ਕੀਤੀ ਗਈ। ਇਹ ਘਟਨਾ ਮੋਗਾ ਬੱਸ ਅੱਡੇ ਤੋਂ ਬੱਸ ਦੇ ਰਵਾਨਾ ਹੋਣ ਤੋਂ ਕੁਝ ਹੀ ਦੂਰੀ ਤੇ ਵਾਪਰਨ ਦੀ ਗੱਲ ਸਾਹਮਣੇ ਆਈ ਹੈ। ਬੱਸ ਦੇ ਕੰਡਕਟਰ ਅਨੁਸਾਰ, ਬੱਸ ਦੇ ਰਵਾਨਾ ਹੋਣ ਤੋਂ ਬਾਅਦ ਉਕਤ ਮਹਿਲਾ ਵੱਲੋਂ ਲਗਾਤਾਰ ਬਹਿਸ ਕੀਤੀ ਜਾ ਰਹੀ ਸੀ। ਕੰਡਕਟਰ ਨੇ ਇਲਜ਼ਾਮ ਲਗਾਇਆ ਕਿ ਮਹਿਲਾ ਵੱਲੋਂ ਬੱਸ 'ਚ ਸਵਾਰ ਦੋ ਲੜਕੀਆਂ ਬਾਰੇ ਵੀ ਕਥਿਤ ਤੌਰ ਤੇ ਇਤਰਾਜ਼ਯੋਗ ਟਿੱਪਣੀਆਂ ਕੀਤੀਆਂ ਗਈਆਂ। ਇਸ ਤੋਂ ਬਾਅਦ ਕੰਡਕਟਰ ਨੇ ਮਹਿਲਾ ਨੂੰ ਬੱਸ 'ਚੋਂ ਹੇਠਾਂ ਉਤਰ ਜਾਣ ਲਈ ਕਿਹਾ, ਜਿਸ ਕਾਰਨ ਮਾਮਲਾ ਹੋਰ ਤੂਲ ਫੜ ਗਿਆ। ਕੰਡਕਟਰ ਦਾ ਕਹਿਣਾ ਹੈ ਕਿ ਇਸ ਦੌਰਾਨ ਮਹਿਲਾ ਵੱਲੋਂ ਉਸ ਦੀ ਦਾੜ੍ਹੀ ਖਿੱਚਣ ਦੀ ਕੋਸ਼ਿਸ਼ ਕੀਤੀ ਗਈ। ਇਸ ਤੋਂ ਬਾਅਦ ਮਹਿਲਾ ਬੱਸ 'ਚੋਂ ਹੇਠਾਂ ਉਤਰ ਕੇ ਜਾਣ ਲੱਗੀ। ਇਸ ਦੌਰਾਨ ਬੱਸ 'ਚ ਮੌਜੂਦ ਕੁਝ ਸਵਾਰੀਆਂ ਵੀ ਹੇਠਾਂ ਉਤਰ ਆਈਆਂ ਤੇ ਉਨ੍ਹਾਂ ਨੇ ਮਹਿਲਾ ਨੂੰ ਰੋਕ ਲਿਆ। ਮੌਕੇ ਤੇ ਮੌਜੂਦ ਲੋਕਾਂ ਵੱਲੋਂ ਮਾਮਲਾ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਪਰ ਇਸ ਦੌਰਾਨ ਦੋਵਾਂ ਧਿਰਾਂ ਵਿਚਕਾਰ ਤਕਰਾਰ ਵਧ ਗਈ ਤੇ ਮਾਹੌਲ ਤਣਾਅਪੂਰਨ ਹੋ ਗਿਆ। ਇਸੇ



ਦੌਰਾਨ ਕੁਝ ਮਹਿਲਾਵਾਂ ਵੱਲੋਂ ਉਕਤ ਮਹਿਲਾ ਨਾਲ ਕਥਿਤ ਤੌਰ ਤੇ ਕੁੱਟਮਾਰ ਕੀਤੀ ਗਈ। ਕੁਝ ਸਮੇਂ ਤੱਕ ਮੌਕੇ ਤੇ ਹੰਗਾਮੇ ਵਾਲੀ ਸਥਿਤੀ ਬਣੀ ਰਹੀ। ਦੂਜੇ ਪਾਸੇ, ਕੁੱਟਮਾਰ ਦਾ ਸ਼ਿਕਾਰ ਹੋਈ ਮਹਿਲਾ ਨੇ ਆਪਣਾ ਪੱਖ ਦੱਸਦਿਆਂ ਕਿਹਾ ਕਿ ਉਸ ਨੇ ਸਿਰਫ਼ ਬੱਸ 'ਚ ਬੈਠਣ ਲਈ ਸੀਟ ਦੀ ਮੰਗ ਕੀਤੀ ਸੀ। ਉਸ ਦਾ ਇਲਜ਼ਾਮ ਹੈ ਕਿ ਸੀਟ ਮੰਗਣ ਤੇ ਉਸ ਨਾਲ ਕਥਿਤ ਤੌਰ ਤੇ ਗਲਤ ਸ਼ਬਦਾਵਲੀ ਵਰਤੀ ਗਈ। ਮਹਿਲਾ ਨੇ ਦਾਅਵਾ ਕੀਤਾ ਕਿ ਉਸ ਦੀਆਂ ਉਂਗਲਾਂ ਤੇ ਸੱਟਾਂ ਲੱਗੀਆਂ ਹਨ ਤੇ ਉਸ ਨੂੰ ਬਿਨਾਂ ਕਿਸੇ ਗਲਤੀ ਦੇ ਬੱਸ 'ਚੋਂ ਹੇਠਾਂ ਉਤਾਰ ਕੇ ਕਥਿਤ ਤੌਰ ਤੇ ਕੁੱਟਿਆ ਗਿਆ। ਮਾਮਲਾ ਵਧਦਾ ਦੇਖ ਕੇ ਮੌਕੇ ਤੇ ਮੌਜੂਦ ਲੋਕਾਂ ਵੱਲੋਂ ਪੁਲਿਸ ਨੂੰ ਸੂਚਨਾ ਦਿੱਤੀ ਗਈ। ਸੂਚਨਾ ਮਿਲਦੇ ਹੀ ਪੁਲਿਸ ਮੁਲਾਜ਼ਮ ਮੌਕੇ ਤੇ ਪਹੁੰਚੇ ਅਤੇ ਸਥਿਤੀ ਨੂੰ ਕਾਬੂ 'ਚ ਕੀਤਾ। ਪੁਲਿਸ ਵੱਲੋਂ ਕੁੱਟਮਾਰ ਦਾ ਸ਼ਿਕਾਰ ਹੋਈ ਮਹਿਲਾ ਨੂੰ ਥਾਣੇ ਲਿਜਾਇਆ ਗਿਆ, ਜਦਕਿ ਬੱਸ ਦੇ ਕੰਡਕਟਰ ਤੇ ਕੁਝ ਸਵਾਰੀਆਂ ਨੂੰ ਵੀ ਥਾਣੇ ਬੁਲਾਇਆ ਗਿਆ। ਇਸ ਸਬੰਧੀ ਥਾਣਾ ਮੁਖੀ ਗੁਰਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਸ਼ਾਮ ਕਰੀਬ 6 ਵਜੇ ਪੁਲਿਸ ਨੂੰ ਇਸ ਘਟਨਾ ਸਬੰਧੀ ਸੂਚਨਾ ਮਿਲੀ ਸੀ। ਸੂਚਨਾ ਮਿਲਦੇ ਹੀ ਪੁਲਿਸ ਮੁਲਾਜ਼ਮ ਤੁਰੰਤ ਮੌਕੇ ਤੇ ਪਹੁੰਚੇ ਤੇ ਘਟਨਾ ਸਬੰਧੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਦੱਸਿਆ ਕਿ ਮੌਕੇ ਤੇ ਇੱਕ ਮਹਿਲਾ ਨਾਲ ਕੁੱਟਮਾਰ ਕੀਤੀ ਜਾ ਰਹੀ ਸੀ, ਜਿਸ ਨੂੰ ਪੁਲਿਸ ਮੁਲਾਜ਼ਮ ਥਾਣੇ ਲੈ ਕੇ ਆਏ। ਇਸ ਤੋਂ ਇਲਾਵਾ ਬੱਸ ਦੇ ਕੰਡਕਟਰ ਤੇ ਬੱਸ ਵਿੱਚ ਸਵਾਰ ਕੁਝ ਸਵਾਰੀਆਂ ਨੂੰ ਵੀ ਥਾਣੇ ਬੁਲਾਇਆ ਗਿਆ।

# ਤਾਲਾਬ 'ਚ ਡੁੱਬਣ ਨਾਲ 30 ਸਾਲਾ ਨੌਜਵਾਨ ਦੀ ਮੌਤ

ਜ਼ਿਕਰ ਪੰਜਾਬ

**ਬਰਨਾਲਾ :** ਬਰਨਾਲਾ ਦੇ ਵਿਧਾਨ ਸਭਾ ਹਲਕਾ ਭਦੌੜ ਦੇ ਪਿੰਡ ਕਾਲੇਕੇ 'ਚ ਇੱਕ ਦਰਦਨਾਕ ਹਾਦਸਾ ਵਾਪਰਿਆ ਹੈ। ਪਿੰਡ ਦੇ ਤਾਲਾਬ 'ਚ ਡੁੱਬਣ ਕਾਰਨ 30 ਸਾਲਾ ਨੌਜਵਾਨ ਦੀ ਮੌਤ ਹੋ ਗਈ। ਨੌਜਵਾਨ ਦੀ ਲਾਸ਼ ਕਰੀਬ ਤਿੰਨ ਘੰਟਿਆਂ ਬਾਅਦ ਨਿੱਜੀ ਰੈਸਕਿਊ ਟੀਮ ਵੱਲੋਂ ਤਾਲਾਬ 'ਚੋਂ ਬਾਹਰ ਕੱਢੀ ਗਈ। ਮ੍ਰਿਤਕ ਦੀ ਪਛਾਣ ਪਿੰਡ ਕਾਲੇਕੇ ਵਾਸੀ ਹਰਦੀਪ ਸਿੰਘ ਪੁੱਤਰ ਕਾਲਾ ਸਿੰਘ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਹਰਦੀਪ ਸਿੰਘ ਆਪਣੇ ਚਾਚੇ ਨਾਲ ਕੰਮ 'ਤੇ ਜਾ ਰਿਹਾ ਸੀ। ਇਸ ਦੌਰਾਨ ਉਸ ਨੂੰ ਪਿੰਡ ਦੇ ਤਾਲਾਬ 'ਚ ਇੱਕ ਗੈਸ ਸਿਲੰਡਰ ਤੈਰਦਾ ਹੋਇਆ ਦਿਖਾਈ ਦਿੱਤਾ। ਸਿਲੰਡਰ ਨੂੰ ਬਾਹਰ ਕੱਢਣ ਲਈ ਉਹ ਤਾਲਾਬ 'ਚ ਉਤਰ ਗਿਆ। ਤਾਲਾਬ 'ਚ ਉਤਰਦੇ ਹੀ ਹਰਦੀਪ ਸਿੰਘ ਅਚਾਨਕ ਦਲਦਲ 'ਚ ਫਸ ਗਿਆ ਤੇ ਦੇਖਦੇ ਹੀ ਦੇਖਦੇ ਪਾਣੀ 'ਚ ਡੁੱਬ ਗਿਆ। ਉਸ ਦੇ ਚਾਚੇ ਨੇ ਉਸ ਨੂੰ ਬਾਹਰ ਆਉਣ ਲਈ ਕਾਫ਼ੀ ਆਵਾਜ਼ਾਂ ਲਗਾਈਆਂ ਤੇ ਬਚਾਉਣ ਦੀ ਕੋਸ਼ਿਸ਼ ਵੀ ਕੀਤੀ, ਪਰ ਹਰਦੀਪ ਦਾ ਕੋਈ ਪਤਾ ਨਹੀਂ ਲੱਗ ਸਕਿਆ। ਹਾਦਸੇ ਤੋਂ ਬਾਅਦ ਵੱਡੀ ਗਿਣਤੀ 'ਚ ਪਿੰਡ ਵਾਸੀ ਮੌਕੇ 'ਤੇ ਇਕੱਠੇ ਹੋ ਗਏ। ਪਿੰਡ ਵਾਸੀਆਂ, ਪੰਚਾਇਤ ਤੇ ਨੌਜਵਾਨਾਂ ਨੇ ਆਪਣੇ ਪੱਧਰ 'ਤੇ ਰੱਸੀਆਂ ਤੇ ਟਰੈਕਟਰਾਂ ਦੀ ਮਦਦ ਨਾਲ ਹਰਦੀਪ ਸਿੰਘ ਨੂੰ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ, ਪਰ ਸਫਲਤਾ ਨਹੀਂ ਮਿਲੀ। ਪਰਿਵਾਰ ਦਾ ਇਲਜ਼ਾਮ ਹੈ ਕਿ ਸਵੇਰੇ ਕਰੀਬ 8:30 ਵਜੇ ਹਾਦਸਾ ਵਾਪਰਨ ਦੇ ਬਾਵਜੂਦ ਤਿੰਨ ਘੰਟਿਆਂ ਤੋਂ ਵੱਧ ਸਮੇਂ ਤੱਕ ਕੋਈ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਨਹੀਂ ਪਹੁੰਚਿਆ। ਪਰਿਵਾਰਕ ਮੈਂਬਰਾਂ ਨੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇਕਰ ਸਮੇਂ ਸਿਰ ਪ੍ਰਸ਼ਾਸਨਿਕ ਤੇ ਸਿਹਤ ਵਿਭਾਗ ਦੀ ਟੀਮ ਪਹੁੰਚ ਜਾਂਦੀ ਤਾਂ ਸ਼ਾਇਦ ਹਰਦੀਪ ਨੂੰ ਬਚਾਉਣ ਦੀ ਕੋਸ਼ਿਸ਼ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਜਾ ਸਕਦੀ ਸੀ।ਪਰਿਵਾਰ ਨੇ ਇਹ ਵੀ ਦੱਸਿਆ ਕਿ ਪਿੰਡ ਦੇ ਤਾਲਾਬ ਦੇ ਆਲੇ-ਦੁਆਲੇ ਸੁਰੱਖਿਆ ਲਈ ਕੋਈ ਚਾਰਦੀਵਾਰੀ ਨਹੀਂ ਹੈ ਅਤੇ ਨਾ ਹੀ ਤਾਲਾਬ 'ਚ ਕਿਸੇ ਤਰ੍ਹਾਂ ਦੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਪ੍ਰਸ਼ਾਸਨਿਕ ਮਦਦ ਦੀ ਉਡੀਕ ਕਰਦਿਆਂ ਪਿੰਡ ਵਾਸੀਆਂ ਨੇ ਆਪਣੇ ਪੱਧਰ 'ਤੇ ਬੰਟੀ ਸਿੰਘ ਦੀ ਨਿੱਜੀ ਰੈਸਕਿਊ ਟੀਮ ਨੂੰ ਪਿੰਡ 'ਚ ਬੁਲਾਇਆ। ਰੈਸਕਿਊ ਟੀਮ ਕਰੀਬ 11 ਵਜੇ ਪਿੰਡ ਪਹੁੰਚੀ ਤੇ ਆਪਣੇ ਸਾਥੀਆਂ ਦੀ ਮਦਦ ਨਾਲ ਰੈਸਕਿਊ ਆਪਰੇਸ਼ਨ ਸ਼ੁਰੂ ਕੀਤਾ। ਕਰੀਬ ਅੱਧੇ ਘੰਟੇ ਦੀ ਕੋਸ਼ਿਸ਼ ਤੋਂ ਬਾਅਦ ਟੀਮ ਨੇ ਹਰਦੀਪ ਸਿੰਘ ਦੀ ਲਾਸ਼ ਤਾਲਾਬ 'ਚੋਂ ਬਾਹਰ ਕੱਢ ਲਈ। ਹਰਦੀਪ ਸਿੰਘ ਦੀ ਮਾਤਾ ਦਾ ਪਹਿਲਾਂ ਹੀ ਦੇਹਾਂਤ ਹੋ ਚੁੱਕਾ ਹੈ। ਉਹ ਆਪਣੇ ਪਿਤਾ ਕਾਲਾ ਸਿੰਘ ਤੇ ਭਰਾ ਕੁਲਦੀਪ ਸਿੰਘ ਨਾਲ ਰਹਿ ਰਿਹਾ ਸੀ ਤੇ ਦਿਹਾੜੀ-ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦਾ ਸੀ। ਨੌਜਵਾਨ ਦੀ ਮੌਤ ਤੋਂ ਬਾਅਦ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ। ਉੱਥੇ ਹੀ ਲੋਕ ਜਨਸ਼ਕਤੀ ਪਾਰਟੀ ਦੇ ਐੱਸਸੀ ਮੋਰਚਾ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਕਾਲੇਕੇ ਨੇ ਵੀ ਪ੍ਰਸ਼ਾਸਨਿਕ ਢਿੱਲ 'ਤੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਹਾਦਸੇ ਤੋਂ ਕਈ ਘੰਟੇ ਬੀਤ ਜਾਣ ਦੇ ਬਾਵਜੂਦ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਮੌਕੇ 'ਤੇ ਨਾ ਪਹੁੰਚਣਾ ਵੱਡੀ ਲਾਪਰਵਾਹੀ ਹੈ।

●----- ਸਫ਼ਾ 1 ਦਾ ਬਾਕੀ -----●

## ਭਾਜਪਾ ਨੇ ਪੰਜਾਬ ਅਤੇ ਤਿੰਨ ਕਰੋੜ ਪੰਜਾਬੀਆਂ...

ਨਿਰਦੇਸ਼ ਦਿੰਦਾ ਹੈ ਕਿ ਭਾਰਤ ਦੇ ਚੀਫ਼ ਜਸਟਿਸ ਲਈ ਨਾਂ ਦੀ ਸਿਫ਼ਾਰਸ਼ ਪ੍ਰਾਪਤ ਹੋਣ ਤੋਂ ਬਾਅਦ ਕੇਂਦਰੀ ਕਾਨੂੰਨ, ਨਿਆਂ ਅਤੇ ਕੰਪਨੀ ਮਾਮਲਿਆਂ ਦੇ ਮੰਤਰੀ ਸਬੰਧਤ ਸੂਬਾ ਸਰਕਾਰ ਦੇ ਵਿਚਾਰ ਪ੍ਰਾਪਤ ਕਰਨਗੇ। ਸੂਬਾ ਸਰਕਾਰ ਦੇ ਵਿਚਾਰ ਪ੍ਰਾਪਤ ਹੋਣ ਤੋਂ ਬਾਅਦ ਕੇਂਦਰੀ ਕਾਨੂੰਨ, ਨਿਆਂ ਅਤੇ ਕੰਪਨੀ ਮਾਮਲਿਆਂ ਦੇ ਮੰਤਰੀ ਪ੍ਰਧਾਨ ਮੰਤਰੀ ਨੂੰ ਪ੍ਰਸਤਾਵ ਸੌਂਪਣਗੇ, ਜੋ ਫਿਰ ਚੋਣ ਦੇ ਸਬੰਧ ਵਿੱਚ ਰਾਸ਼ਟਰਪਤੀ ਨੂੰ ਸਲਾਹ ਦੇਣਗੇ।' ਮੁੱਖ ਮੰਤਰੀ ਦਫ਼ਤਰ ਨੇ ਕਿਹਾ, 'ਜਿਵੇਂ ਕਿ 25 ਜੁਲਾਈ, 2026 ਨੂੰ ਪ੍ਰੈੱਸ ਇਨਫਰਮੇਸ਼ਨ ਬਿਊਰੋ, ਭਾਰਤ ਸਰਕਾਰ ਦੁਆਰਾ ਪੋਸਟ ਕੀਤਾ ਗਿਆ ਸੀ ਕਿ ਲੋਕ ਸਭਾ ਵਿੱਚ ਇੱਕ ਪ੍ਰਸ਼ਨ ਦੇ ਜਵਾਬ ਵਿੱਚ ਕੇਂਦਰੀ ਕਾਨੂੰਨ, ਨਿਆਂ ਅਤੇ ਕੰਪਨੀ ਮਾਮਲਿਆਂ ਦੇ ਰਾਜ ਮੰਤਰੀ ਨੇ ਸਦਨ ਨੂੰ ਸੂਚਿਤ ਕੀਤਾ ਸੀ ਕਿ ਉੱਚ ਨਿਆਂਪਾਲਿਕਾ ਵਿੱਚ ਜੱਜਾਂ ਦੀ ਨਿਯੁਕਤੀ ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿਚਕਾਰ ਨਿਰੰਤਰ, ਇਕਜੁੱਟ ਅਤੇ ਸਹਿਯੋਗੀ ਪ੍ਰਕਿਰਿਆ ਹੈ। ਇਸ ਲਈ ਸੂਬੇ ਅਤੇ ਕੇਂਦਰ ਦੋਵਾਂ ਪੱਧਰਾਂ 'ਤੇ ਵੱਖ-ਵੱਖ ਸੰਵਿਧਾਨਕ ਅਥਾਰਟੀਆਂ ਤੋਂ ਮਸ਼ਵਰੇ ਅਤੇ ਮਨਜ਼ੂਰੀ ਦੀ ਲੋੜ ਹੁੰਦੀ ਹੈ।' ਇਸ ਵਿੱਚ ਅੱਗੇ ਕਿਹਾ ਗਿਆ, 'ਮੌਜੂਦਾ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਕੌਲਿਜੀਅਮ ਨੇ ਮਿਤੀ 06 ਅਗਸਤ, 2026 ਦੇ ਮਤੇ ਰਾਹੀਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਾਰਜਕਾਰੀ ਚੀਫ਼ ਜਸਟਿਸ, ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਨਿਯੁਕਤ ਕਰਨ ਦੀ ਸਿਫ਼ਾਰਸ਼ ਕੀਤੀ ਸੀ। 12 ਅਗਸਤ, 2026 ਨੂੰ ਪੰਜਾਬ ਨੂੰ 'ਹਾਈ ਕੋਰਟ ਦੇ ਚੀਫ਼ ਜਸਟਿਸਾਂ ਅਤੇ ਜੱਜਾਂ ਦੀ ਨਿਯੁਕਤੀ ਅਤੇ ਤਬਾਦਲੇ ਦੀ ਪ੍ਰਕਿਰਿਆ ਨੂੰ ਦਰਸਾਉਂਦੇ ਮੈਮੋਰੰਡਮ' ਦੇ ਪੈਰਾ 6 ਤਹਿਤ ਸਹਿਮਤੀ ਲਈ ਕਾਨੂੰਨ ਅਤੇ ਨਿਆਂ ਰਾਜ ਮੰਤਰੀ ਸ੍ਰੀ ਅਰਜੁਨ ਰਾਮ ਮੇਘਵਾਲ ਤੋਂ ਪੱਤਰ ਪ੍ਰਾਪਤ ਹੋਇਆ ਸੀ।' ਕੈਬਨਿਟ ਦਾ ਤਰਕ ਸੀ, 'ਪ੍ਰੋਸੀਜ਼ਰ ਦੇ ਮੈਮੋਰੰਡਮ ਅਤੇ ਸਥਾਪਿਤ ਸੰਵਿਧਾਨਕ ਨਿਯਮਾਂ ਦੀ ਪੂਰੀ ਤਰ੍ਹਾਂ ਅਣਦੇਖੀ ਕਰਦੇ ਹੋਏ ਕੇਂਦਰ ਨੇ ਸੂਬਾ ਸਰਕਾਰ ਦੇ ਜਵਾਬ ਦੀ ਉਡੀਕ ਕੀਤੇ ਬਿਨਾਂ ਕਾਹਲੀ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਦੀ ਨਿਯੁਕਤੀ ਨੋਟੀਫਾਈ ਕਰ ਦਿੱਤੀ।' ਇਸ ਵਿੱਚ ਅੱਗੇ ਕਿਹਾ ਗਿਆ, 'ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਚੀਫ਼ ਜਸਟਿਸ ਦੀ ਨਿਯੁਕਤੀ ਦੇ ਮਾਮਲੇ ਵਿੱਚ ਰਾਜ ਅਤੇ ਰਾਜਪਾਲ ਲਈ ਆਪਣੀ ਸਿਫ਼ਾਰਸ਼ ਭੇਜਣ ਵਾਸਤੇ ਕੋਈ ਸਪੱਸ਼ਟ ਸਮਾਂ ਸੀਮਾ ਨਿਰਧਾਰਤ ਨਹੀਂ ਹੈ।' ਕੈਬਨਿਟ ਨੇ ਕਿਹਾ, "ਸਾਲ 2024 ਵਿੱਚ ਜਦੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ, ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਨੂੰ ਸੁਪਰੀਮ ਕੋਰਟ ਦੇ ਕੌਲਿਜੀਅਮ ਦੁਆਰਾ ਮੱਧ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਨਿਯੁਕਤ ਕਰਨ ਦੀ ਸਿਫ਼ਾਰਸ਼ ਕੀਤੀ ਗਈ ਸੀ ਤਾਂ ਕਾਨੂੰਨ ਅਤੇ ਨਿਆਂ ਮੰਤਰਾਲੇ ਵੱਲੋਂ ਦੋ ਮਹੀਨਿਆਂ ਤੋਂ ਵੱਧ ਸਮੇਂ ਤੱਕ ਇਸ ਪ੍ਰਸਤਾਵ ਨੂੰ ਨੋਟੀਫਾਈ ਨਹੀਂ ਕੀਤਾ ਗਿਆ ਸੀ ਅਤੇ ਇਹ ਸਪੱਸ਼ਟ ਤੌਰ 'ਤੇ ਮੱਧ ਪ੍ਰਦੇਸ਼ ਸਰਕਾਰ ਤੋਂ ਸਿਫ਼ਾਰਸ਼ ਪ੍ਰਾਪਤ ਨਾ ਹੋਣ ਕਰਕੇ ਸੀ। ਬਾਅਦ ਵਿੱਚ ਕੌਲਿਜੀਅਮ ਅਤੇ ਕਾਨੂੰਨ ਅਤੇ ਨਿਆਂ ਮੰਤਰਾਲੇ ਨੇ ਉਨ੍ਹਾਂ ਦੀ ਨਿਯੁਕਤੀ ਬਦਲ ਕੇ ਹਿਮਾਚਲ ਪ੍ਰਦੇਸ਼ ਹਾਈ ਕੋਰਟ ਵਿੱਚ ਕਰ ਦਿੱਤੀ। ਜਿਸ ਤੋਂ ਵਿਤਕਰੇ ਦੀ ਭਾਵਨਾ ਝਲਕਦੀ ਹੈ ਕਿ ਜਦੋਂ ਪੰਜਾਬ ਸੂਬੇ ਦੇ ਕਿਸੇ ਜੱਜ ਦੇ ਮਾਮਲੇ 'ਤੇ ਵਿਚਾਰ ਕੀਤਾ ਜਾਣਾ ਹੁੰਦਾ ਹੈ ਤਾਂ ਉਸ ਨਾਲ ਵੱਖਰਾ ਵਿਵਹਾਰ ਕੀਤਾ ਜਾਂਦਾ ਹੈ, ਜਦੋਂ ਕਿ ਕਿਸੇ ਹੋਰ ਹਾਈ ਕੋਰਟ ਦੇ ਜੱਜ ਨੂੰ ਪੰਜਾਬ ਵਿੱਚ ਨਿਯੁਕਤ ਕਰਨ ਦੇ ਮਾਮਲੇ ਵਿੱਚ ਵੱਖਰਾ। ਕੈਬਨਿਟ ਨੇ ਕਿਹਾ, 'ਕੇਂਦਰ ਸਰਕਾਰ ਵੱਲੋਂ ਨਿਆਂਪਾਲਿਕਾ ਵਿੱਚ ਮਹੱਤਵਪੂਰਨ ਨਿਯੁਕਤੀਆਂ ਦੇ ਮੁੱਦੇ 'ਤੇ ਅਜਿਹੀਆਂ ਕਾਰਵਾਈਆਂ ਨੇ ਸੂਬਾਈ ਕੈਬਨਿਟ ਨੂੰ ਭਾਰਤੀ ਸੰਘੀ ਢਾਂਚੇ ਦੇ ਅੰਦਰ ਸੂਬੇ ਦੇ ਸੰਵਿਧਾਨਕ ਅਧਿਕਾਰਾਂ ਅਤੇ ਨਿਰਪੱਖ ਵਿਵਹਾਰ ਨੂੰ ਪ੍ਰਭਾਵਿਤ ਕਰਨ ਵਾਲੇ ਨਿਰੰਤਰ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਅਤੇ ਆਪਣੀਆਂ ਚਿੰਤਾਵਾਂ ਪ੍ਰਗਟ ਕਰਨ ਲਈ ਮਜਬੂਰ ਕੀਤਾ ਹੈ। ਪਾਰਦਰਸ਼ਤਾ, ਪ੍ਰਕਿਰਿਆਤਮਕ ਢਾਂਚੇ ਅਤੇ ਨਿਆਇਕ ਨਿਰਪੱਖਤਾ ਨੂੰ ਯਕੀਨੀ ਬਣਾਉਣ ਲਈ ਇਹ ਲਾਜ਼ਮੀ ਹੈ ਕਿ ਇਹ ਨਿਯੁਕਤੀ ਅਤੇ ਸਹੁੰ ਚੁੱਕਣ ਦੀ ਪ੍ਰਕਿਰਿਆ ਨੂੰ ਉਦੋਂ ਤੱਕ ਰੋਕਿਆ ਜਾਵੇ, ਜਦੋਂ ਤੱਕ ਇਸ ਮੈਮੋਰੰਡਮ ਦੇ ਪੈਰਾ 6 ਤਹਿਤ ਪੰਜਾਬ ਰਾਜ ਦੇ ਵਿਚਾਰ ਪ੍ਰਾਪਤ ਨਹੀਂ ਹੋ ਜਾਂਦੇ ਅਤੇ ਸਮਰੱਥ ਅਥਾਰਟੀ ਦੁਆਰਾ ਉਨ੍ਹਾਂ 'ਤੇ ਯੋਗ ਵਿਚਾਰ ਨਹੀਂ ਕੀਤਾ ਜਾਂਦਾ। ਉਸ ਤੋਂ ਬਾਅਦ ਹੀ ਇਸ ਮੈਮੋਰੰਡਮ ਤਹਿਤ ਨਿਰਧਾਰਤ ਪ੍ਰਕਿਰਿਆ ਅਨੁਸਾਰ ਮਾਮਲੇ ਨੂੰ ਅੱਗੇ ਵਧਾਇਆ ਜਾ ਸਕਦਾ ਹੈ।'

## ਮੈਨੂੰ ਝੂਠਾ ਬਦਨਾਮ ਕਰਕੇ ਪੰਜਾਬ ਨੂੰ ਲੁੱਟਣ...

ਰਿਹਾ ਹੈ। ਇਸੇ ਲਈ ਵਿਰੋਧੀ ਧਿਰ ਪ੍ਰੇਸ਼ਾਨ ਹੈ। ਸੱਤਾ 'ਚ ਹੁੰਦਿਆਂ ਉਨ੍ਹਾਂ ਨੇ ਆਪਣੇ ਖਜ਼ਾਨੇ ਭਰੇ ਸਨ, ਜਦੋਂ ਕਿ ਅਸੀਂ ਆਮ ਪੰਜਾਬੀਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਸੂਬੇ ਦੇ ਵਸੀਲਿਆਂ ਦੀ ਵਰਤੋਂ ਕਰ ਰਹੇ ਹਾਂ।' ਉਨ੍ਹਾਂ ਕਿਹਾ ਕਿ ਪਿਛਲੇ ਸ਼ਾਸਕਾਂ ਵਿੱਚੋਂ ਕੋਈ ਵੀ ਲੋਕਾਂ ਵਿੱਚ ਇਸ ਤਰ੍ਹਾਂ ਨਹੀਂ ਆਇਆ ਸੀ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ ਜਾ ਸਕੇ ਅਤੇ ਮਿਸ਼ਨਰੀ ਭਾਵਨਾ ਨਾਲ ਉਨ੍ਹਾਂ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ, 'ਪਿਛਲੇ ਸਿਆਸਤਦਾਨਾਂ ਨੇ ਲੋਕਾਂ ਨੂੰ ਮਿਲਣ ਦੀ ਬਜਾਏ ਆਪਣੇ ਆਪ ਨੂੰ ਆਪਣੇ ਮਹਿਲਾਂ ਦੀਆਂ ਉੱਚੀਆਂ ਕੰਧਾਂ ਪਿੱਛੇ ਸੀਮਤ ਕਰ ਲਿਆ ਸੀ, ਅਤੇ ਹੁਣ ਉਹ ਸੂਬਾ ਸਰਕਾਰ ਦੇ ਲੋਕ ਭਲਾਈ ਦੇ ਉਪਰਾਲਿਆਂ ਤੋਂ ਬੌਖਲਾਏ ਹੋਏ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਖੁਦ ਲਈ ਕੰਮ ਕਰਨ ਵਾਲੀਆਂ ਸਰਕਾਰਾਂ ਅਤੇ ਲੋਕਾਂ ਲਈ ਕੰਮ ਕਰਨ ਵਾਲੀ ਸਰਕਾਰ ਵਿਚਲਾ ਫ਼ਰਕ ਪਹਿਲਾਂ ਹੀ ਦੇਖ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਖ਼ਜ਼ਾਨਾ ਲੁੱਟਣ ਦੇ ਦਿਨ ਹੁਣ ਬੀਤੇ ਦੀ ਗੱਲ ਬਣ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਤਾਂ ਸੂਬਾ ÷ਵਿਕਾਸ ਦੀ ਹਨੇਰੀ÷ ਦਾ ਗਵਾਹ ਬਣ ਰਿਹਾ ਹੈ। ਉਨ੍ਹਾਂ ਅੰਤ ਵਿੱਚ ਕਿਹਾ, ÷ਪੰਜਾਬ ਵਿੱਚ ਲੁੱਟ ਦਾ ਦੌਰ ਹੁਣ ਖ਼ਤਮ ਹੋ ਚੁੱਕਾ ਹੈ। ਹੁਣ ਸਿਰਫ਼ ਵਿਕਾਸ ਦੀ ਹਨੇਰੀ ਝੁੱਲ ਰਹੀ ਹੈ। ਲੋਕਾਂ ਦਾ ਪੈਸਾ ਲੋਕਾਂ 'ਤੇ ਹੀ ਖ਼ਰਚ ਕੀਤਾ ਜਾ ਰਿਹਾ ਹੈ ਅਤੇ ਸਾਡੀ ਸਰਕਾਰ ਦਾ ਹਰ ਕਦਮ ਇੱਕ ਮਜ਼ਬੂਤ, ਸਿਹਤਮੰਦ, ਪੜ੍ਹੇ-ਲਿਖੇ ਅਤੇ ਖ਼ੁਸ਼ਹਾਲ ਪੰਜਾਬ ਦੀ ਸਿਰਜਣਾ ਵੱਲ ਸੇਧਿਤ ਹੈ।

## ਦਿੱਲੀ 'ਚ 5 ਮੰਜ਼ਿਲਾ ਇਮਾਰਤ ਡਿੱਗੀ, ਤਿੰਨ ਹਲਾਕ

ਇੱਕ ਇਮਾਰਤ ਦੇ ਡਿੱਗਣ ਬਾਰੇ ਸਾਊਥ ਕੈਂਪਸ ਪੁਲੀਸ ਸਟੇਸ਼ਨ ਵਿੱਚ ਦੁਪਹਿਰ 1:34 ਵਜੇ ਪੀ ਸੀ ਆਰ ਕਾਲ ਪ੍ਰਾਪਤ ਹੋਈ ਸੀ। ਪੁਲੀਸ ਨੇ ਇੱਕ ਬਿਆਨ ਵਿੱਚ ਕਿਹਾ, "ਇਸ ਸਮੇਂ ਫਸੇ ਹੋਏ ਜਾਂ ਜ਼ਖਮੀ ਲੋਕਾਂ ਦੀ ਸਹੀ ਗਿਣਤੀ ਪਤਾ ਨਹੀਂ ਹੈ। ਹੁਣ ਤੱਕ ਕੁਝ ਲੋਕਾਂ ਨੂੰ ਬਚਾਇਆ ਵੀ ਗਿਆ ਹੈ। ਪੁਲੀਸ ਨੇ ਕਿਹਾ ਕਿ ਉਨ੍ਹਾਂ ਨੇ ਇਮਾਰਤ ਦੇ ਮਾਲਕ ਦੀ ਪਛਾਣ ਕਰ ਲਈ ਹੈ ਅਤੇ ਉਸ ਦਾ ਪਤਾ ਲਗਾਉਣ ਲਈ ਟੀਮਾਂ ਬਣਾਈਆਂ ਹਨ। ਅਧਿਕਾਰੀਆਂ ਅਨੁਸਾਰ, ਡਿੱਗੀ ਹੋਈ ਇਮਾਰਤ ਨੂੰ 'ਹੋਸਟਲ ਡੇਜ਼' ਵਜੋਂ ਜਾਣਿਆ ਜਾਂਦਾ ਸੀ। ਮੌਕੇ 'ਤੇ ਮੌਜੂਦ ਗਵਾਹਾਂ ਦਾ ਅੰਦਾਜ਼ਾ ਹੈ ਕਿ ਮਲਬੇ ਹੇਠ 20 ਤੋਂ ਵੱਧ ਲੋਕ ਫਸੇ ਹੋ ਸਕਦੇ ਹਨ, ਪਰ ਇਸ ਅੰਕੜੇ ਦੀ ਸਰਕਾਰੀ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ।

## ਪੀੜ੍ਹਤ ਪਰਿਵਾਰਾਂ ਨੂੰ ਦਿੱਤੀ ਜਾਵੇਗੀ ਹਰ ਸੰਭਵ...

ਪ੍ਰਦਾਨ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਸਾਰੀਆਂ ਸਬੰਧਤ ਏਜੰਸੀਆਂ ਤਾਲਮੇਲ ਨਾਲ ਕੰਮ ਕਰ ਰਹੀਆਂ ਹਨ। ਦਿੱਲੀ ਦੇ ਗ੍ਰਿਹ ਮੰਤਰੀ ਆਸ਼ੀਸ਼ ਸੂਦ ਨੇ ਕਿਹਾ ਕਿ ਬਚਾਅ ਅਤੇ ਰਾਹਤ ਕਾਰਜ ਚੱਲ ਰਹੇ ਹਨ, ਅਤੇ ਟੀਮਾਂ ਘਟਨਾ ਸਥਾਨ 'ਤੇ ਲੋੜੀਂਦੀ ਸਹਾਇਤਾ ਪ੍ਰਦਾਨ ਕਰ ਰਹੀਆਂ ਹਨ। ਉਨ੍ਹਾਂ ਕਿਹਾ, ਨਾਗਰਿਕਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਸਾਡੀ ਸਭ ਤੋਂ ਵੱਡੀ ਤਰਜੀਹ ਹੈ।

## ਰੇਤ ਨਾਲ ਭਰੇ ਡੰਪਰ ਨੇ ਆਟੋ ਨੂੰ ਕੁਚਲਿਆ...

ਕਰਦੇ ਸਮੇਂ ਆਟੋ ਅਤੇ ਤੇਜ਼ ਰਫ਼ਤਾਰ ਡੰਪਰ ਦੀ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਆਟੋ ਬੁਰੀ ਤਰ੍ਹਾਂ ਨੁਕਸਾਨਿਆ ਗਿਆ, ਅਤੇ ਚਾਰ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇੱਕ ਵਿਅਕਤੀ ਗੰਭੀਰ ਜ਼ਖਮੀ ਹੈ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜ਼ਖਮੀਆਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ। ਡਾਕਟਰਾਂ ਨੇ ਦੋਵਾਂ ਜ਼ਖਮੀਆਂ ਨੂੰ ਗੰਭੀਰ ਹਾਲਤ ਕਾਰਨ ਉੱਚ ਕੇਂਦਰ ਰੈਫਰ ਕਰ ਦਿੱਤਾ। ਇਸ ਦੌਰਾਨ, ਪੁਲਿਸ ਨੇ ਚਾਰਾਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਘਰ ਭੇਜ ਦਿੱਤਾ ਹੈ। ਪੁਲਿਸ ਨੇ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਡੰਪਰ ਡਰਾਈਵਰ ਬਾਰੇ ਜਾਣਕਾਰੀ ਇਕੱਠੀ ਕਰ ਰਹੀ ਹੈ। ਬਹਜੋਈ ਪੁਲਿਸ ਸਟੇਸ਼ਨ ਦੇ ਇੰਚਾਰਜ ਰਾਜੀਵ ਮਲਿਕ ਨੇ ਦੱਸਿਆ ਕਿ ਬਜਰੀ ਨਾਲ ਭਰੇ ਇੱਕ ਡੰਪਰ ਨੇ ਇੱਕ ਅਪਾਹਜ ਵਿਅਕਤੀ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ ਇੱਕ ਆਟੋ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਪੰਜ ਲੋਕਾਂ ਦੀ ਮੌਤ ਹੋ ਗਈ। ਚਾਰਾਂ ਨੂੰ ਪੋਸਟਮਾਰਟਮ ਘਰ ਭੇਜ ਦਿੱਤਾ ਗਿਆ ਹੈ। ਦੋ ਲੋਕ ਗੰਭੀਰ ਜ਼ਖਮੀ ਹਨ ਅਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਮੁੱਖ ਮੰਤਰੀ ਯੋਗੀ ਨੇ ਸੰਭਲ ਜ਼ਿਲ੍ਹੇ ਵਿੱਚ ਹੋਏ ਸੜਕ ਹਾਦਸੇ ਦਾ ਨੋਟਿਸ ਲਿਆ ਹੈ। ਮੁੱਖ ਮੰਤਰੀ ਨੇ ਮ੍ਰਿਤਕਾਂ ਦੇ ਸੋਗ ਵਿੱਚ ਡੁੱਬੇ ਪਰਿਵਾਰਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਹੈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਜ਼ਖਮੀਆਂ ਦਾ ਸਹੀ ਇਲਾਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਵੀ ਸੰਪਰਕ ਕੀਤਾ ਹੈ ਅਤੇ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਕਿਹਾ ਹੈ।

## ਕੌਣ ਹਨ ਸਚਿਨ ਪਾਇਲਟ?

ਮੰਤਰੀ ਵਜੋਂ ਵੀ ਕੰਮ ਕੀਤਾ। 2013 ਵਿੱਚ ਰਾਜਸਥਾਨ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਕਰਾਰੀ ਹਾਰ ਤੋਂ ਬਾਅਦ ਪਾਇਲਟ ਨੂੰ ਰਾਜਸਥਾਨ ਕਾਂਗਰਸ ਦਾ ਸੂਬਾ ਪ੍ਰਧਾਨ ਬਣਾਇਆ ਗਿਆ। ਉਨ੍ਹਾਂ ਨੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਅਤੇ 2018 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। 2018 ਵਿੱਚ ਰਾਜਸਥਾਨ ਵਿੱਚ ਕਾਂਗਰਸ ਦੀ ਸਰਕਾਰ ਬਣਨ ਤੋਂ ਬਾਅਦ ਸਚਿਨ ਪਾਇਲਟ ਨੂੰ ਉਪ ਮੁੱਖ ਮੰਤਰੀ ਬਣਾਇਆ ਗਿਆ। ਹਾਲਾਂਕਿ, ਤਤਕਾਲੀ ਮੁੱਖ ਮੰਤਰੀ ਅਸ਼ੋਕ ਗਹਿਲੋਤ ਨਾਲ ਸਿਆਸੀ ਮਤਭੇਦਾਂ ਕਾਰਨ ਬਾਅਦ ਵਿੱਚ ਉਨ੍ਹਾਂ ਨੂੰ ਉਪ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ।ਹੁਣ ਪੰਜਾਬ ਕਾਂਗਰਸ ਦੇ ਇੰਚਾਰਜ ਵਜੋਂ ਸਚਿਨ ਪਾਇਲਟ ਦੀ ਨਵੀਂ ਜ਼ਿੰਮੇਵਾਰੀ ਨੂੰ ਪਾਰਟੀ ਦੇ ਸੰਗਠਨ ਅਤੇ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਦੇ ਨਜ਼ਰੀਏ ਨਾਲ ਅਹਿਮ ਮੰਨਿਆ ਜਾ ਰਿਹਾ ਹੈ।

## ਇੰਡੋਨੇਸ਼ੀਆ 'ਚ ਜੁਆਲਾਮੁਖੀ ਫਟਿਆ, 209...

ਕੱਢਣ ਦਾ ਕੋਈ ਹੁਕਮ ਜਾਰੀ ਕੀਤਾ ਗਿਆ ਹੈ। ਜੁਆਲਾਮੁਖੀ ਦੇ ਸਭ ਤੋਂ ਨੇੜੇ ਵੱਸਿਆ ਰਿਹਾਇਸ਼ੀ ਖੇਤਰ ਲਗਭਗ 16 ਕਿਲੋਮੀਟਰ ਦੂਰ ਹੈ। ਹਾਲਾਂਕਿ, ਭੂ-ਵਿਗਿਆਨਕ ਏਜੰਸੀ ਨੇ ਸਾਵਧਾਨੀ ਵਜੋਂ ਸਥਾਨਕ ਨਿਵਾਸੀਆਂ ਅਤੇ ਸੈਲਾਨੀਆਂ ਨੂੰ ਜੁਆਲਾਮੁਖੀ ਦੇ ਸਰਗਰਮ ਕੇਂਦਰ ਤੋਂ ਘੱਟੋ-ਘੱਟ ਤਿੰਨ ਕਿਲੋਮੀਟਰ ਦੂਰ ਰਹਿਣ ਦੀ ਸਖ਼ਤ ਚਿਤਾਵਨੀ ਦਿੱਤੀ ਹੈ। ਏਅਰਪੋਰਟ ਬੰਦ ਹੋਣ ਕਾਰਨ ਐਤਵਾਰ ਨੂੰ ਕੁੱਲ 209 ਉਡਾਣਾਂ ਦਾ ਸੰਚਾਲਨ ਪ੍ਰਭਾਵਿਤ ਹੋਇਆ, ਜਿਸ ਨਾਲ ਲਗਭਗ 22,800 ਯਾਤਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਪ੍ਰਭਾਵਿਤ ਉਡਾਣਾਂ ਵਿੱਚ ਦੱਖਣੀ ਸੁਲਾਵੇਸੀ ਦੇ ਮਕਾਸਰ ਵਿਚਕਾਰ ਚੱਲਣ ਵਾਲੀਆਂ ਰੁਝੇਵੇਂ ਭਰੀਆਂ ਘਰੇਲੂ ਉਡਾਣਾਂ ਅਤੇ ਸਿੰਗਾਪੁਰ ਜਾਣ ਵਾਲੀਆਂ ਪ੍ਰਮੁੱਖ ਅੰਤਰਰਾਸ਼ਟਰੀ ਫਲਾਈਟਾਂ ਸ਼ਾਮਲ ਹਨ। ਜੁਆਲਾਮੁਖੀ ਫਟਣ ਕਾਰਨ ਨਿਕਲੀ ਸੁਆਹ ਦੀ ਸੰਘਣੀ ਪਰਤ ਰਾਜਧਾਨੀ ਜਕਾਰਤਾ, ਸੁਮਾਤਰਾ ਟਾਪੂ ਅਤੇ ਦੱਖਣੀ ਸਿਰੇ 'ਤੇ ਸਥਿਤ ਲਾਮਪੁੰਗ ਸੂਬੇ ਦੇ ਕਈ ਹਿੱਸਿਆਂ ਵਿੱਚ ਫੈਲ ਗਈ। ਹਵਾਈ ਅੱਡਾ ਪ੍ਰਸ਼ਾਸਨ ਨੇ ਐਤਵਾਰ ਸਵੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਊਂਟ ਅਨਾਕ ਕ੍ਰਾਕਾਟੋਆ ਦੀ ਵਧੀ ਹੋਈ ਜੁਆਲਾਮੁਖੀ ਗਤੀਵਿਧੀ ਅਤੇ ਅਸਮਾਨ ਵਿੱਚ ਫੈਲੀ ਸੁਆਹ ਕਾਰਨ ਸੂਕਰਨੋ-ਹੱਟਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸਵੇਰੇ 5:30 ਵਜੇ ਤੋਂ ਲੈ ਕੇ 9:30 ਵਜੇ ਤੱਕ ਉਡਾਣਾਂ ਦੇ ਸੰਚਾਲਨ 'ਤੇ ਅਸਥਾਈ ਤੌਰ 'ਤੇ ਪੂਰੀ ਤਰ੍ਹਾਂ ਰੋਕ ਲਗਾ ਦਿੱਤੀ ਗਈ ਸੀ। ਦੇਸ਼ ਦੇ ਸਭ ਤੋਂ ਵਿਅਸਤ ਹਵਾਈ ਅੱਡੇ 'ਤੇ ਉਡਾਣਾਂ ਰੱਦ ਹੋਣ ਦੀ ਗਿਣਤੀ ਲਗਾਤਾਰ ਵਧਣ ਕਾਰਨ ਯਾਤਰੀਆਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ। ਵੱਡੀ ਗਿਣਤੀ 'ਚ ਯਾਤਰੀਆਂ ਨੇ ਕਾਊਂਟਰਾਂ 'ਤੇ ਪਹੁੰਚ ਕੇ ਟਿਕਟਾਂ ਦੇ ਪੈਸੇ ਵਾਪਸ (ਰਿਫੰਡ) ਕਰਨ ਦੀ ਮੰਗ ਕੀਤੀ ਅਤੇ ਆਪਣਾ ਚੈੱਕ-ਇਨ ਕੀਤਾ ਸਾਮਾਨ ਵਾਪਸ ਲੈਣਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਇੰਡੋਨੇਸ਼ੀਆ ਦੇ ਸ਼ਹਿਰੀ ਹਵਾਬਾਜ਼ੀ ਵਿਭਾਗ ਨੇ ਸਪੱਸ਼ਟ ਕੀਤਾ ਕਿ ਉਹ ਜੁਆਲਾਮੁਖੀ ਦੇ ਧਮਾਕੇ ਨਾਲ ਹਵਾਈ ਆਵਾਜਾਈ 'ਤੇ ਪੈ ਰਹੇ ਅਸਰ 'ਤੇ ਲਗਾਤਾਰ ਤਿੱਖੀ ਨਜ਼ਰ ਰੱਖ ਰਿਹਾ ਹੈ। ਵਿਭਾਗ ਵੱਲੋਂ ਹਵਾਈ ਅੱਡਾ ਸੰਚਾਲਕਾਂ, ਏਅਰਲਾਈਨ ਸੇਵਾਵਾਂ ਅਤੇ ਮੌਸਮ ਵਿਗਿਆਨ ਏਜੰਸੀ ਨਾਲ ਲਗਾਤਾਰ ਤਾਲਮੇਲ ਬਣਾਇਆ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸੂਕਰਨੋ-ਹੱਟਾ ਹਵਾਈ ਅੱਡੇ 'ਤੇ ਰਾਤ ਵੇਲੇ ਖੜ੍ਹੇ ਕੀਤੇ ਗਏ 170 ਜਹਾਜ਼ ਅਜੇ ਵੀ ਉੱਥੇ ਹੀ ਮੌਜੂਦ ਹਨ। ਇਸ ਕੁਦਰਤੀ ਆਫ਼ਤ ਕਾਰਨ ਦੁਨੀਆ ਦੇ ਕਈ ਵੱਡੇ ਸ਼ਹਿਰਾਂ ਲਈ ਚੱਲਣ ਵਾਲੀਆਂ ਉਡਾਣਾਂ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਹਨ। ਇਨ੍ਹਾਂ ਵਿੱਚ ਹਾਂਗਕਾਂਗ, ਸਿਡਨੀ ਅਤੇ ਐਮਸਟਰਡਮ ਤੋਂ ਇਲਾਵਾ ਦੱਖਣੀ ਕੋਰੀਆ ਦੇ ਸਿਓਲ, ਕਤਰ ਦੇ ਦੋਹਾ ਅਤੇ ਮਲੇਸ਼ੀਆ ਦੇ ਕੁਆਲਾਲੰਪੁਰ ਦੀਆਂ ਅਹਿਮ ਅੰਤਰਰਾਸ਼ਟਰੀ ਉਡਾਣਾਂ ਸ਼ਾਮਲ ਹਨ, ਜਿਨ੍ਹਾਂ ਨੂੰ ਜਾਂ ਤਾਂ ਰੱਦ ਕਰ ਦਿੱਤਾ ਗਿਆ ਜਾਂ ਫਿਰ ਉਨ੍ਹਾਂ ਦੇ ਸਮੇਂ ਵਿੱਚ ਵੱਡਾ ਫੇਰਬਦਲ ਕੀਤਾ ਗਿਆ। ਇਸ ਦੇ ਨਾਲ ਹੀ ਲਾਮਪੁੰਗ, ਬਾਲੀ ਅਤੇ ਸੁਰਾਬਾਇਆ ਜਾਣ ਵਾਲੀਆਂ ਕਈ ਘਰੇਲੂ ਉਡਾਣਾਂ ਨੂੰ ਵੀ ਰੱਦ ਕਰਨਾ ਪਿਆ ਜਾਂ ਦੂਜੇ ਹਵਾਈ ਅੱਡਿਆਂ ਵੱਲ ਡਾਇਵਰਟ ਕਰ ਦਿੱਤਾ ਗਿਆ। ਪ੍ਰਸ਼ਾਸਨ ਮੁਤਾਬਕ ਸਥਿਤੀ ਪੂਰੀ ਤਰ੍ਹਾਂ ਆਮ ਵਾਂਗ ਹੋਣ ਅਤੇ ਅਸਮਾਨ ਸਾਫ਼ ਹੋਣ ਤੋਂ ਬਾਅਦ ਹੀ ਹਵਾਈ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ।

## ਪੰਜਾਬ ਵਿੱਚ ਸਰਕਾਰ 'ਤੇ ਸਵਾਲ ਕਰਨਾ ਵੀ ਹੁਣ...

ਕਿਸੇ ਨਾਗਰਿਕ 'ਤੇ ਤਸ਼ੱਦਦ ਕਰਕੇ ਸਿਰਫ਼ ਤਬਾਦਲੇ ਨਾਲ ਬਚ ਸਕਦੇ ਹਨ, ਤਾਂ ਜਵਾਬਦੇਹੀ ਕਿੱਥੇ ਹੈ? ਇਹ ਪੰਜਾਬ ਦੇ ਲੋਕਾਂ ਨੂੰ ਕਿਹੜਾ ਸੁਨੇਹਾ ਦਿੰਦਾ ਹੈ?"ਬਾਜਵਾ ਨੇ ਪੁੱਛਿਆ। ਉਨ੍ਹਾਂ ਕਿਹਾ ਕਿ ਸਰਕਾਰ ਇੱਕ ਪਾਸੇ ਸਮਾਜ ਨੂੰ ਨਸ਼ਿਆਂ ਖ਼?ਲਾਫ਼ ਲੜਾਈ ਵਿੱਚ ਸ਼ਾਮਲ ਹੋਣ ਲਈ ਕਹਿੰਦੀ ਹੈ ਅਤੇ ਦੂਜੇ ਪਾਸੇ ਉਨ੍ਹਾਂ ਨਾਗਰਿਕਾਂ ਦੀ ਆਵਾਜ਼ ਦਬਾਉਂਦੀ ਹੈ ਜੋ ਇਸ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਨਾਕਾਮੀ ਨੂੰ ਉਜਾਗਰ ਕਰਦੇ ਹਨ। "ਜੇਕਰ ਨਾਗਰਿਕਾਂ ਤੋਂ ਨਸ਼ਿਆਂ ਦੀ ਸਮੱਸਿਆ ਖ਼?ਲਾਫ਼ ਲੜਨ ਦੀ ਉਮੀਦ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਨੂੰ ਸਰਕਾਰ 'ਤੇ ਸਵਾਲ ਕਰਨ ਅਤੇ ਇਸ ਦੀਆਂ ਨਾਕਾਮੀਆਂ ਨੂੰ ਉਜਾਗਰ ਕਰਨ ਦੀ ਪੂਰੀ ਆਜ਼ਾਦੀ ਵੀ ਹੋਣੀ ਚਾਹੀਦੀ ਹੈ। ਪੰਜਾਬ ਨੂੰ ਨਸ਼ਿਆਂ ਖ਼ਲਾਫ਼ ਇੱਕ ਅਸਲ ਜੰਗ ਦੀ ਲੋੜ ਹੈ, ਨਾ ਕਿ ਉਨ੍ਹਾਂ ਲੋਕਾਂ ਖ਼?ਲਾਫ਼ ਜੰਗ ਦੀ ਜੋ ਸਰਕਾਰ ਦੀਆਂ ਨਾਕਾਮੀਆਂ ਨੂੰ ਬੇਨਕਾਬ ਕਰਦੇ ਹਨ,"ਬਾਜਵਾ ਨੇ ਕਿਹਾ। ਬਾਜਵਾ ਨੇ ਕਿਹਾ ਕਿ ਲੋਕਤੰਤਰ ਦਾ ਮਤਲਬ ਹੀ ਇਹ ਹੈ ਕਿ ਨਾਗਰਿਕਾਂ ਨੂੰ ਬੋਲਣ, ਸਵਾਲ ਕਰਨ ਅਤੇ ਸ਼ਾਂਤਮਈ ਢੰਗ ਨਾਲ ਵਿਰੋਧ ਪ੍ਰਦਰਸ਼ਨ ਕਰਨ ਦੀ ਆਜ਼ਾਦੀ ਹੋਵੇ।

ਉਨ੍ਹਾਂ ਕਿਹਾ, "ਪੰਜਾਬ ਦੀ ਆਵਾਜ਼ ਨੂੰ ਪੁਲਿਸ ਦੀ ਧਮਕੀ ਜਾਂ ਦਬਾਅ ਰਾਹੀਂ ਦਬਾਇਆ ਨਹੀਂ ਜਾ ਸਕਦਾ। ਅਸੀਂ ਆਪਣੇ ਹੱਕਾਂ ਅਤੇ ਇਨਸਾਫ਼ ਲਈ ਲੜਨ ਵਾਲੇ ਹਰ ਨਾਗਰਿਕ ਦੇ ਨਾਲ ਖੜ੍ਹੇ ਰਹਾਂਗੇ।

## ਪੰਜਾਬ 'ਚ ਜਾਤੀ ਜਨਗਣਨਾ 1 ਦਸੰਬਰ ਤੋਂ ਹੋਵੇਗੀ...

ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਬਰਫ਼ ਨਾਲ ਘਿਰੇ ਖੇਤਰਾਂ ਵਿੱਚ, ਜਨਗਣਨਾ 1 ਸਤੰਬਰ ਤੋਂ 30 ਸਤੰਬਰ ਤੱਕ ਹੋਵੇਗੀ।

2011 ਦੀ ਜਨਗਣਨਾ ਅਨੁਸਾਰ ਪੰਜਾਬ ਦੀ ਕੁੱਲ ਆਬਾਦੀ 2.77 ਕਰੋੜ ਸੀ, ਜਿਸ ਵਿੱਚ 1.46 ਕਰੋੜ ਪੁਰਸ਼ ਅਤੇ 1.31 ਕਰੋੜ ਔਰਤਾਂ ਸਨ। ਰਾਜ ਦੀ ਦਹਾਕੀ ਜਨਸੰਖਿਆ ਵਾਧਾ ਦਰ 13.89% ਰਹੀ, ਜਦੋਂ ਕਿ ਜਨਸੰਖਿਆ ਘਣਤਾ 551 ਵਿਅਕਤੀ ਪ੍ਰਤੀ ਵਰਗ ਕਿਲੋਮੀਟਰ ਅਤੇ ਲਿੰਗ ਅਨੁਪਾਤ 895 ਔਰਤਾਂ ਪ੍ਰਤੀ 1000 ਪੁਰਸ਼ ਸੀ।

# ਸੁਪਰੀਮ ਕੋਰਟ ਕਾਨੂੰਨ, ਨਿਆਂ ਅਤੇ ਕਾਨੂੰਨੀ ਸਿੱਖਿਆ 'ਤੇ ਲੈਕਚਰ ਲੜੀ ਕਰੇਗਾ ਸ਼ੁਰੂ

ਜ਼ਿਕਰ ਪੰਜਾਬ

**ਨਵੀਂ ਦਿੱਲੀ:** ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਵਿੱਚ ਸੁਪਰੀਮ ਕੋਰਟ ਨੇ ਸ਼ਨੀਵਾਰ ਨੂੰ ਕਾਨੂੰਨ, ਨਿਆਂ ਅਤੇ ਕਾਨੂੰਨੀ ਸਿੱਖਿਆ 'ਤੇ ਇੱਕ ਮਾਸਿਕ ਲੈਕਚਰ ਲੜੀ ਦਾ ਐਲਾਨ ਕੀਤਾ। ਇਸ ਦਾ ਉਦੇਸ਼ ਸਮਕਾਲੀ ਮੁੱਦਿਆਂ 'ਤੇ ਚਰਚਾ ਲਈ ਇੱਕ ਨਿਯਮਤ ਪਲੇਟਫਾਰਮ ਬਣਾਉਣਾ ਹੈ। ਸੁਪਰੀਮ ਕੋਰਟ ਨੇ ਇਸ ਖੇਤਰ ਵਿੱਚ ਯੋਗਦਾਨ ਨੂੰ ਮਾਨਤਾ ਦੇਣ ਲਈ ਇੱਕ ਸਾਲਾਨਾ ਪੁਰਸਕਾਰ ਸਥਾਪਿਤ ਕਰਨ ਦਾ ਵੀ ਪ੍ਰਸਤਾਵ ਰੱਖਿਆ। ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਨੇ ਅਧਿਆਪਕ ਦਿਵਸ 'ਤੇ ਇੱਕ ਮਾਸਿਕ ਲੈਕਚਰ ਲੜੀ ਸ਼ੁਰੂ ਕਰਨ ਦਾ ਐਲਾਨ ਕੀਤਾ। ਸੁਪਰੀਮ ਕੋਰਟ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਕਾਨੂੰਨ, ਨਿਆਂ ਅਤੇ ਸਮਾਜ ਦੇ ਸਮਕਾਲੀ ਮੁੱਦਿਆਂ 'ਤੇ ਗੱਲਬਾਤ ਅਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਲਈ ਇੱਕ ਨਿਯਮਤ ਪਲੇਟਫਾਰਮ ਪ੍ਰਦਾਨ ਕਰੇਗਾ।

ਹਰ ਮਹੀਨੇ ਇੱਕ ਮਹੱਤਵਪੂਰਨ ਵਿਚਾਰ ਦੀ ਧਾਰਨਾ 'ਤੇ ਬਣੀ ਇਹ ਲੜੀ ਬੈਂਚ, ਬਾਰ, ਅਕਾਦਮਿਕ, ਪ੍ਰਸਿੱਧ ਮਾਹਰਾਂ ਅਤੇ ਨੌਜਵਾਨ ਕਾਨੂੰਨੀ ਦਿਮਾਗਾਂ ਦੇ ਪ੍ਰਤੀਨਿਧੀਆਂ ਨੂੰ ਇਕੱਠੇ ਕਰੇਗੀ ਤਾਂ ਜੋ ਉਨ੍ਹਾਂ ਸਵਾਲਾਂ 'ਤੇ ਚਰਚਾ ਕੀਤੀ ਜਾ ਸਕੇ ਜੋ ਕਾਨੂੰਨੀ ਪ੍ਰਣਾਲੀ ਦੇ ਨਾਲ-ਨਾਲ ਸਮਾਜ ਲਈ ਵੱਡੇ ਪੱਧਰ 'ਤੇ ਮਹੱਤਵਪੂਰਨ ਹਨ। ਇਸ ਪਹਿਲਕਦਮੀ ਦੀ ਕਲਪਨਾ ਭਾਰਤ ਦੀ ਸੁਪਰੀਮ ਕੋਰਟ ਲਈ ਇੱਕ ਨਿਰੰਤਰ ਬੌਧਿਕ ਪਲੇਟਫਾਰਮ ਵਜੋਂ ਕੀਤੀ ਗਈ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਭਾਰਤ ਦੇ ਚੀਫ਼ ਜਸਟਿਸ ਲੜੀ ਦੇ ਥੀਮਾਂ, ਬੁਲਾਰਿਆਂ ਅਤੇ ਸਮੁੱਚੇ ਫਾਰਮੈਟ ਦਾ ਮਾਰਗਦਰਸ਼ਨ ਕਰਨਗੇ, ਹਰੇਕ ਐਡੀਸ਼ਨ ਇੱਕ ਸਮਕਾਲੀ ਅਤੇ ਮਹੱਤਵਪੂਰਨ ਵਿਸ਼ੇ 'ਤੇ ਕੇਂਦ੍ਰਿਤ ਹੋਵੇਗਾ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਹਰੇਕ ਮਾਸਿਕ ਐਡੀਸ਼ਨ ਵਿੱਚ ਇੱਕ ਪ੍ਰਸਿੱਧ ਕਾਨੂੰਨੀ ਵਿਦਵਾਨ, ਵਿਦਵਾਨ, ਕਾਨੂੰਨੀ ਸਿੱਖਿਆ ਸ਼ਾਸਤਰੀ ਜਾਂ ਡੋਮੇਨ ਮਾਹਿਰ ਦੁਆਰਾ ਇੱਕ ਵਿਸ਼ੇਸ਼ ਭਾਸ਼ਣ ਦਿੱਤਾ ਜਾਵੇਗਾ। ਬਿਆਨ ਵਿੱਚ ਕਿਹਾ ਗਿਆ ਹੈ ਲੈਕਚਰ ਤੋਂ ਬਾਅਦ ਇੱਕ ਆਈਡੀਆਜ਼ ਡਾਇਲਾਗ ਹੋਵੇਗਾ, ਇੱਕ ਸੰਚਾਲਿਤ ਚਰਚਾ ਜਿਸ ਵਿੱਚ ਨੌਜਵਾਨ ਵਕੀਲਾਂ, ਕਾਨੂੰਨ ਦੇ ਵਿਦਿਆਰਥੀਆਂ ਅਤੇ ਖੋਜਕਰਤਾਵਾਂ ਨੂੰ ਹਿੱਸਾ ਲੈਣ ਅਤੇ ਚੁਣੇ ਹੋਏ ਸਵਾਲ ਪੁੱਛਣ ਦਾ ਮੌਕਾ ਮਿਲੇਗਾ। ਹਰੇਕ ਐਡੀਸ਼ਨ ਨੂੰ ਪੇਸ਼ੇਵਰ ਤੌਰ 'ਤੇ ਰਿਕਾਰਡ ਕਰਨ ਅਤੇ ਇੱਕ ਸੰਪਾਦਿਤ ਟ੍ਰਾਂਸਕ੍ਰਿਪਟ ਅਤੇ ਇੱਕ ਛੋਟੇ ਆਈਡੀਆਜ਼ ਪੇਪਰ ਨਾਲ ਸਮਰਥਤ ਕਰਨ ਦਾ ਪ੍ਰਸਤਾਵ ਹੈ, ਜੋ ਹੌਲੀ-ਹੌਲੀ ਅੱਜ ਦੇ ਕਾਨੂੰਨੀ ਵਿਚਾਰਾਂ ਅਤੇ ਵਿਚਾਰ-ਵਟਾਂਦਰੇ ਦਾ ਇੱਕ ਸਥਾਈ ਪੁਰਾਲੇਖ ਬਣੇਗਾ।ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਸੁਪਰੀਮ ਕੋਰਟ ਹਰ ਸਾਲ ਸੁਪਰੀਮ ਕੋਰਟ ਜਸਟਿਸ ਐਜੂਕੇਸ਼ਨ ਅਵਾਰਡ ਪ੍ਰਦਾਨ ਕਰਨ ਦਾ ਵੀ ਪ੍ਰਸਤਾਵ ਰੱਖਦਾ ਹੈ, ਜੋ ਕਿ ਕਾਨੂੰਨੀ ਸਿੱਖਿਆ ਵਿੱਚ ਸ਼ਾਨਦਾਰ ਯੋਗਦਾਨ ਲਈ ਇੱਕ ਗੈਰ-ਮੁਦਰਾ ਪੁਰਸਕਾਰ ਹੈ। ਇਹ ਪੁਰਸਕਾਰ ਸਾਲ ਵਿੱਚ ਇੱਕ ਵਾਰ, ਅਧਿਆਪਕ ਦਿਵਸ ਦੇ ਆਸਪਾਸ, ਇੱਕ ਜਾਂ ਦੋ ਉੱਤਮ ਕਾਨੂੰਨੀ ਸਿੱਖਿਆ ਸ਼ਾਸਤਰੀਆਂ ਨੂੰ ਪੇਸ਼ ਕੀਤੇ ਜਾਣ ਦੀ ਉਮੀਦ ਹੈ।

ਸੰਪਾਦਕੀ

## ਪੰਜਾਬ ਕਾਂਗਰਸ ਦੇ ਜਹਾਜ਼ ਦਾ ਨਵਾਂ ਪਾਇਲਟ

ਪੰਜਾਬ ਕਾਂਗਰਸ ਅੰਦਰ ਚੱਲ ਰਹੀ ਆਪਸੀ ਖਿੱਚੋਤਾਣ ਨੂੰ ਨਕੇਲ ਪਾਉਣ ਵਿੱਚ ਨਾਕਾਮਯਾਬ ਰਹੇ ਭੁਪੇਸ਼ ਬਘੇਲ ਦੀ ਥਾਂ ਕਾਂਗਰਸ ਹਾਈਕਮਾਂਡ ਨੇ ਆਖਰ ਪੰਜਾਬ ’ਚ ਸੱਚਿਨ ਪਾਇਲਟ ਨੂੰ ਲਿਆ ਕੇ ਇਹ ਤਾਂ ਮੰਨ ਲਿਆ ਹੈ ਕਿ ਭੁਪੇਸ਼ ਬਘੇਲ ਤੋਂ ਪੰਜਾਬ ਸੰਭਲ ਨਹੀਂ ਰਿਹਾ ਸੀ। ਭੁਪੇਸ਼ ਬਘੇਲ ਦੇ ਪੰਜਾਬ ਕਾਂਗਰਸ ਇੰਚਾਰਜ ਵਜੋਂ 18 ਮਹੀਨੇ ਦੇ ਕਾਰਜਕਾਲ ’ਚ ਕਾਂਗਰਸ ਜੁੜੀ ਨਹੀਂ, ਹੋਰ ਵੰਡੀ ਗਈ। ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਲੜਾਈ ਗਲੀ-ਮੁਹੱਲੇ ਦੀਆਂ ਕੰਧਾਂ ਤੱਕ ਪਹੁੰਚ ਗਈ। ’ਗੋ ਬੈਕ ਬਘੇਲ’ ਦੇ ਪੋਸਟਰ ਇਸ ਗੱਲ ਦਾ ਸਬੂਤ ਸਨ ਕਿ ਇੰਚਾਰਜ ਆਪਣਾ ਭਰੋਸਾ ਗੁਆ ਚੁੱਕਾ ਹੈ। ਸਵਾਲ ਇਹ ਨਹੀਂ ਕਿ ਸਚਿਨ ਪਾਇਲਟ ਆਏ ਜਾਂ ਬਘੇਲ ਜਾਵੇ। ਸਵਾਲ ਇਹ ਹੈ ਕਿ ਕੀ ਕਾਂਗਰਸ ਪੰਜਾਬ ਵਿੱਚ ਆਪਣੀ ਸਤਿਥੀ ਸਮਝ ਰਹੀ ਹੈ ਕਿ ਨਹੀਂ? ਸਮੱਸਿਆ ਇੰਚਾਰਜ ਦੀ ਨਹੀਂ, ਢਾਂਚੇ ਦੀ ਹੈ। ਪੰਜਾਬ ਕਾਂਗਰਸ ਅੰਦਰ ਅੱਜ ਤਿੰਨ ਸੱਤਾ ਕੇਂਦਰ ਹਨ - ਪ੍ਰਧਾਨ, ਸੀ.ਐਲ.ਪੀ. ਲੀਡਰ ਪ੍ਰਤਾਪ ਬਾਜਵਾ ਅਤੇ ਚੰਨੀ। ਹਾਈਕਮਾਂਡ ਨੇ ਚੰਨੀ ਨੂੰ ਕੈਂਪੇਨ ਕਮੇਟੀ ਦਾ ਚੇਅਰਮੈਨ ਬਣਾ ਕੇ ਰਾਜਾ ਵੜਿੰਗ ਦੇ ਬਰਾਬਰ ਖੜ੍ਹਾ ਕਰ ਦਿੱਤਾ। ਇੰਚਾਰਜ ਚਾਹੇ ਕੋਈ ਵੀ ਹੋਵੇ, ਜਦੋਂ ਤੱਕ ਹਾਈਕਮਾਂਡ ਖੁਦ ਇਹ ਫੈਸਲਾ ਨਹੀਂ ਕਰਦੀ ਕਿ ਪਾਰਟੀ ਦਾ ਚਿਹਰਾ ਕੌਣ ਹੈ, ਧੜੇਬੰਦੀ ਖਤਮ ਨਹੀਂ ਹੋਵੇਗੀ। ਸਚਿਨ ਪਾਇਲਟ ਦਾ ਨਾਂ ਵੱਡਾ ਹੈ, ਪਰ ਪੰਜਾਬ ਉਨ੍ਹਾਂ ਲਈ ਨਵੀਂ ਜ਼ਮੀਨ ਹੈ। ਉਨ੍ਹਾਂ ਦੀ ਪਛਾਣ ਰਾਜਸਥਾਨ ਦੇ ਸ਼ਹਿਰੀ, ਗੁੱਜਰ ਆਗੂ ਦੀ ਹੈ, ਜਦੋਂਕਿ ਪੰਜਾਬ ਦੀ ਸਿਆਸਤ ਪਿੰਡ, ਪੰਥ ਅਤੇ ਜਾਤੀ ਸਮੀਕਰਨਾਂ ’ਤੇ ਟਿਕੀ ਹੈ। ਉਨ੍ਹਾਂ ਨੂੰ ਰਾਜਸਥਾਨ ਵਾਂਗ ਇੱਥੇ ਵੀ ’ਸਰਕਾਰ ’ਚ ਹੁੰਦਿਆਂ ਬਾਗੀ’ ਵਾਲਾ ਟੈਗ ਨਹੀਂ, ਸਗੋਂ ਸਭ ਨੂੰ ਨਾਲ ਲੈ ਕੇ ਤੁਰਨ ਵਾਲਾ ਇੰਚਾਰਜ ਬਣਨਾ ਪਵੇਗਾ। 2027 ਦੀਆਂ ਚੋਣਾਂ ਕਾਂਗਰਸ ਲਈ ਹੋਂਦ ਦੀ ਲੜਾਈ ਹਨ। ’ਆਪ’ ਦੀ ਸਰਕਾਰ ਐਂਟੀ-ਇਨਕੰਬੈਂਸੀ ’ਤੇ ਹੈ, ਅਕਾਲੀ ਦਲ ਅਜੇ ਵੀ ਕਮਜ਼ੋਰ ਹੈ। ਇਹ ਕਾਂਗਰਸ ਲਈ ਸੁਨਹਿਰੀ ਮੌਕਾ ਹੈ, ਪਰ ਵੋਟਰ ਉਸ ਪਾਰਟੀ ਨੂੰ ਵੋਟ ਨਹੀਂ ਪਾਉਂਦਾ ਜੋ ਆਪ ਹੀ ਲੜ ਰਹੀ ਹੋਵੇ। ਪਾਇਲਟ ਨੂੰ ਕਾਂਗਰਸ ਹਾਈ ਕਮਾਂਡ ਨੇ ਸੂਬਾ ਇਕਾਈ ਜਹਾਜ਼ ਦਾ ਪਾਇਲਟ ਬਣਾ ਕੇ ਭੇਜਿਆ ਹੈ, ਪਰ ਜਹਾਜ਼ ਦੇ ਅੰਦਰ ਹੀ ਜੇ ਯਾਤਰੀ ਆਪਸ ’ਚ ਲੜ ਰਹੇ ਹੋਣ ਤਾਂ ਜਹਾਜ਼ ਉਡੇਗਾ ਕਿਵੇਂ? ਹਾਈਕਮਾਂਡ ਨੂੰ ਹੁਣ ਇੰਚਾਰਜ ਬਦਲਣ ਦੀ ਸਿਆਸਤ ਤੋਂ ਅੱਗੇ ਜਾ ਕੇ ਪੰਜਾਬ ਲਈ ਇੱਕ ਸਪੱਸ਼ਟ ਲੀਡਰਸ਼ਿਪ, ਇੱਕ ਏਜੰਡਾ ਅਤੇ ਇੱਕ ਸੰਦੇਸ਼ ਦੇਣਾ ਪਵੇਗਾ, ਨਹੀਂ ਤਾਂ ਚਿਹਰੇ ਬਦਲਦੇ ਰਹਿਣਗੇ, ਨਤੀਜਾ ਉਹੀ ਰਹੇਗਾ।



-ਅਸ਼ਵਨੀ ਜੇਤਲੀ

# ਮਹਾਨ ਸਿੱਖ ਇਤਿਹਾਸਕਾਰ ਡਾ. ਗੰਡਾ ਸਿੰਘ

**ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨਾਲ ਸੰਬੰਧਤ ਡਾ. ਗੰਡਾ ਸਿੰਘ ਨੇ ਇੱਕ ਇਤਿਹਾਸਕ ਪ੍ਰਮਾਣ ਹਾਸਲ ਕਰਕੇ ਇਹ ਗੱਲ ਸਿੱਧ ਕਰ ਦਿੱਤੀ ਹੈ ਕਿ ਗੁਰੂ ਤੇਗ਼ ਬਹਾਦਰ ਜੀ ਕਦੇ ਵੀ ਹਾਫ਼ਿਜ਼ ਆਦਮ ਨਾਲ ਕਿਸੇ ਤੇ ਨਹੀਂ ਗਏ। ਹਾਫ਼ਿਜ਼ ਨੂੰ 1642 ਵਿਚ ਸ਼ਾਹ ਜਹਾਨ ਨੇ ਪੰਜਾਬ ਵਿਚੋਂ ਦੇਸ਼ ਨਿਕਾਲਾ ਦੇ ਦਿੱਤਾ ਸੀ। ਅਫ਼ਗਾਨਿਸਤਾਨ ਤੋਂ ਇਹ ਮੱਕੇ ਮਦੀਨੇ ਦੀ ਯਾਤਰਾ ਵੱਲ ਚੱਲ ਗਿਆ ਅਤੇ 1643 ਵਿਚ ਉਥੇ ਹੀ ਉਸ ਦੀ ਮੌਤ ਹੋ ਗਈ। ਇਹ ਸਭ ਘਟਨਾਵਾਂ ਛੇਂਵੇ ਗੁਰੂ ਹਰਗੋਬਿੰਦ ਸਿੰਘ ਜੀ ਦੇ ਸਮੇਂ ਵਿਚ ਵਾਪਰੀਆਂ। ਗੁਰੂ ਤੇਗ਼ ਬਹਾਦਰ ਜੀ ਨੇ 1664 ਵਿਚ ਗੁਰੂਗੱਦੀ ਸੰਭਾਲੀ।**

ਜ਼ਿਕਰ ਪੰਜਾਬ

ਪੰਜਾਬੀ ਇਤਿਹਾਸਕਾਰਾਂ ਵਿਚ ਡਾ. ਗੰਡਾ ਸਿੰਘ ਦਾ ਨਾਮ ਕਿਸੇ ਜਾਣ ਪਹਿਚਾਣ ਦਾ ਮੁਥਾਜ ਨਹੀਂ ਹੈ। ਡਾ. ਗੰਡਾ ਸਿੰਘ ਨੇ ਅੱਧੀ ਸਦੀ ਤੋਂ ਜਿਆਦਾ ਸਮਾਂ ਪੰਜਾਬ ਦੀ ਇਤਿਹਾਸਕਾਰੀ ਨਾਲ ਸੰਬੰਧਿਤ ਖੋਜ ਕਾਰਜਾਂ ਦੇ ਲੇਖੇ ਲਾਇਆ। ਉਸ ਦੀ ਇਤਿਹਾਸ ਖੋਜੀ ਕਾਰਜ ਦੀ ਜਗਿਆਸਾ ਨੂੰ ’ਐਂਗਲੋ ਪਰਸ਼ੀਅਨ ਤੇਲ ਕੰਪਨੀ’ ਵਿਚ ਕੰਮ ਕਰਦਿਆਂ ਹੋਇਆ ਇੱਕ ਅੰਗਰੇਜ ਅਫ਼ਸਰ ਸਰ ਆਰਨਲਡ ਟੀ. ਵਿਲਸਨ ਨੂੰ ਮਿਲਣ ਦੁਆਰਾ ਟੁੰਬਿਆ ਗਿਆ ਸੀ। ਅੰਗਰੇਜ ਅਫ਼ਸਰ ਨੇ ਹੀ ਉਸ ਨੂੰ ਇਤਿਹਾਸ ਦੇ ਖੋਜ ਕਾਰਜਾਂ ਲਈ ਉਤਸ਼ਾਹਿਤ ਕੀਤਾ ਸੀ। ਡਾ. ਗੰਡਾ ਸਿੰਘ ਦਾ ਜਨਮ ਜ਼ਿਲ੍ਹਾ ਹੁਸ਼ਿਆਰਪੁਰ ਦੇ ਇੱਕ ਪੁਰਾਤਨ ਕਸਬੇ ਹਰਿਆਣਾ ਵਿਚ 15 ਨਵੰਬਰ 1900 ਨੂੰ ਹੋਇਆ। ਉਸ ਦਾ ਪਿਤਾ ਸਰਦਾਰ ਜਵਾਲਾ ਸਿੰਘ ਮਹਿਕਮਾ ਮਾਲ ਵਿਚ ਨੌਕਰੀ ਕਰਦਾ ਸੀ। ਡਾ. ਗੰਡਾ ਸਿੰਘ ਨੇ ਆਪਣੀ ਮੁੱਢਲੀ ਪੜ੍ਹਾਈ ਇਸੇ ਕਸਬਾ ਤੋਂ ਕੀਤੀ, ਜੋ ਕਿ ਫਾਰਸ਼ੀ ਵਿਚ ਸੀ। ਮਿਡਲ ਦੀ ਪੜ੍ਹਾਈ ਖਤਮ ਕਰ ਲੈਣ ਮਗਰੋਂ ਗੌਰਮਿੰਟ ਹਾਈ ਸਕੂਲ ਹੁਸ਼ਿਆਰਪੁਰ ਵਿਚ ਦਾਖਲ ਹੋ ਗਿਆ। ਉਸ ਦੀ ਪੜਾਈ ਪ੍ਰਤੀ ਲਗਨ ਨੇ ਸਕੂਲ ਦੇ ਮੁੱਖ ਅਧਿਆਪਕ ਮਿ. ਜੇਮਜ਼ ਮਾਰ ਨੂੰ ਬਹੁਤ ਪ੍ਰਭਾਵਿਤ ਕੀਤਾ। ਸਕੂਲ ਤੋਂ ਮੈਟ੍ਰਿਕ ਕਰਨ ਤੋਂ ਬਾਅਦ ਗੰਡਾ ਸਿੰਘ ਉੱਚ ਵਿਦਿਆ ਲਈ ਫਾਰਮੈਨ ਕਾਲਜ ਲਾਹੌਰ ਵਿਚ ਜਾ ਕੇ ਦਾਖਲ ਹੋ ਗਿਆ। ਪਰੰਤੂ ਕਾਲਜ ਦੀ ਪੜਾਈ ਅੱਧ ਵਿਚਕਾਰ ਛੱਡ ਕੇ ਉਹ ਤੀਜੇ ਅਫ਼ਗਾਨ ਯੁੱਧ ਵਿਚ ਰੁੱਝੀ ਭਾਰਤੀ ਫੌਜ ਵਿਚ ਜਾ ਭਰਤੀ ਹੋ ਗਿਆ। ਰਾਵਲਪਿੰਡੀ, ਪੇਸ਼ਾਵਰ ਅਤੇ ਮਾਰਗਿਲ ਆਦਿਕ ਥਾਵਾਂ ’ਤੇ ਜਾ ਕੇ ਉਸ ਨੇ ਆਪਣੀਆਂ ਸੇਵਾਵਾਂ ਭਾਰਤੀ ਫੌਜ ਨੂੰ ਦਿੱਤੀਆਂ। ਬਸਰੇ ਦੀ ਲੜਾਈ ਦੌਰਾਨ ਉਸ ਦੇ ਪੱਟ ਵਿਚ ਗੋਲੀ ਲੱਗ ਗਈ। ਤੰਦਰੁਸਤ ਹੋਣ ਤੋਂ ਬਾਅਦ ਗੰਡਾ ਸਿੰਘ ਨੇ ਐਂਗਲੋ ਪਰਸ਼ੀਅਨ ਤੇਲ ਕੰਪਨੀ ਵਿਚ ਨੌਕਰੀ ਕਰ ਲਈ। ਡਾ. ਗੰਡਾ ਸਿੰਘ ਨੇ ਅਕਤੂਬਰ 1931 ਤੋਂ ਲੈ ਕੇ ਜਨਵਰੀ 1988 ਤੱਕ ਸਾਰਾ ਸਮਾਂ ਪੰਜਾਬ ਦੇ ਇਤਿਹਾਸ ਨੂੰ ਸਮਰਪਿਤ ਕਰੀ ਰੱਖਿਆ। ਪੂਰੀ ਦੁਨੀਆਂ ਸ਼ਾਇਦ ਹੀ ਕੋਈ ਵਿਰਲਾ ਇਤਿਹਾਸਕਾਰ ਹੋਵੇ, ਜਿਸ ਨੇ ਇਤਨੀ ਸਮਰਪਿਤ ਤੇ ਇਕਾਗਰ ਭਾਵਨਾ ਨਾਲ ਕੰਮ ਕੀਤਾ ਹੋਵੇ। ਜਦੋਂ ਵੀ ਪੰਜਾਬ ਦੇ ਇਤਿਹਾਸਕ ਖੋਜ ਕਾਰਜਾਂ ਦੇ ਕੰਮ ਦਾ ਜ਼ਿਕਰ ਹੁੰਦਾ ਹੈ ਤਾਂ ਇੱਕ ਦਮ ਡਾ. ਗੰਡਾ ਸਿੰਘ ਦਾ ਨਾਮ ਸਾਡੇ ਜ਼ਹਿਨ ਵਿਚ ਆ ਜਾਂਦਾ ਹੈ। ਡਾ. ਗੰਡਾ ਸਿੰਘ ਨੇ ਇਤਿਹਾਸਕਾਰ ਵਜੋਂ ਪੰਜਾਬੀ ਸਾਹਿਤ ਦੀ ਝੋਲੀ ਵਿਚ ਕਰੀਬ ਤਿੰਨ ਦਰਜਨ ਪੁਸਤਕਾਂ ਪਾਈਆਂ। ਪੁਰਾਤਤਵ ਵਿਭਾਗ ਪੰਜਾਬ ਦੇ ਡਾਇਰੈਕਟਰ ਵਜੋਂ ਬਹੁਤ ਸਾਰੇ ਦੁਰਲੱਭ ਖਰੜੇ ਇਸ ਵਿਭਾਗ ਵਿਚ ਲਿਆਂਦੇ। ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਿੱਖ ਇਤਿਹਾਸ ਵਿਭਾਗ ਦੇ ਮੁਖੀ ਹੋਣ ਸਮੇਂ ਇਸ ਵਿਭਾਗ ਨੂੰ ਭਾਰਤ ਦੇ ਇਤਿਹਾਸ ਦਾ ਖੋਜ ਕੰਮ ਕਰ ਰਹੀਆਂ ਸੰਸਥਾਵਾਂ ਵਿਚ ਇੱਕ ਸਿਰੋਮਣੀ ਸੰਸਥਾ ਬਣਾ ਦਿੱਤਾ। ਡਾ. ਗੰਡਾ ਸਿੰਘ ਨੇ 1954 ਵਿਚ ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ‘ਅਹਿਮਦਸ਼ਾਹ ਦੁਰਾਨੀ’ ਬਾਰੇ ਖੋਜ ਕਾਰਜ ਕਰਕੇ ਆਪਣੀ ਪੀ ਐੱਚ ਡੀ ਦੀ ਡਿਗਰੀ ਪੂਰੀ ਕੀਤੀ। ਇੱਕ ਵਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਵਾਈਸ ਚਾਂਸਲਰ ਅਤੇ ਵਿਦਵਾਨ ਡਾ. ਅਮਰੀਕ ਸਿੰਘ ਨੇ ਉਸ ਨੂੰ ਪੁੱਛਿਆ ਕਿ ਉਸ ਨੇ ਪੀ ਐੱਚ ਡੀ ਦੇ ਵਿਸ਼ੇ ’ਤੇ ਕਿੰਨੀ ਦੇਰ ਤੱਕ ਕੰਮ ਕੀਤਾ ਹੈ। ਡਾ. ਗੰਡਾ ਸਿੰਘ ਦਾ ਜੁਆਬ ਸੀ ’ਵੀਹ ਵਰ੍ਹੇ÷। ਇਹ ਗੱਲ ਸੱਚ ਹੈ ਕਿ ਉਸ ਨੇ ਸਮੱਗਰੀ ਇਕੱਤਰ ਕਰਨ, ਵੱਖ ਵੱਖ ਸ੍ਰੋਤਾਂ ਤੋਂ ਪ੍ਰਾਪਤ ਜਾਣਕਾਰੀ ਦੇ ਤੱਥਾਂ ਦੀ ਪ੍ਰਮਾਣਿਕਤਾ ਸਿੱਧ ਕਰਨ ਅਤੇ ਫਿਰ ਕਿਤੇ ਜਾ ਕੇ ਅਹਿਮਦਸ਼ਾਹ ਦੁਰਾਨੀ ਦੀ ਇਤਿਹਾਸਕ ਜੀਵਨੀ ਦਾ ਖੋਜ ਕਾਰਜ ਪੂਰਾ ਕੀਤਾ। ਡਾ. ਗੰਡਾ ਸਿੰਘ ਦੀ ਅਜਿਹੀ ਸਿਰੜੀ ਬ੍ਰਿਤੀ ਅਜੋਕੇ ਖੋਜਕਾਰਾਂ ਲਈ ਪ੍ਰੇਰਨਾਦਾਇਕ ਦਾ ਕੰਮ ਕਰ ਸਕਦੀ ਹੈ। ਡਾ. ਗੰਡਾ ਸਿੰਘ ਪੰਜਾਬੀ ਅਤੇ ਹਿੰਦੀ ਭਾਸ਼ਾ ਦੇ ਨਾਲ ਨਾਲ ਅੰਗਰੇਜ਼ੀ, ਉਰਦੂ, ਫਾਰਸ਼ੀ, ਪਸ਼ਤੋ ਅਤੇ ਮਰਾਠੀ ਵਰਗੀਆਂ ਭਾਸ਼ਾਵਾਂ ਚੰਗੀ ਤਰ੍ਹਾਂ ਪੜ੍ਹ ਅਤੇ ਲਿਖ ਲੈਂਦਾ ਸੀ। 19 ਦਸੰਬਰ 1964 ਡਾ. ਗੰਡਾ ਸਿੰਘ ਨੂੰ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਨੇ ਡੀ. ਲਿਟ ਦੀ ਡਿਗਰੀ ਭੇਂਟ ਕੀਤੀ। ਹੈਰਾਨੀਜਨਕ ਗੱਲ ਹੈ ਕਿ ਉਸ ਨੇ ਮਰਾਠੀ ਪੰਜਾਹ ਵਰ੍ਹੇ ਦੀ ਉਮਰ ਦੇ ਕਰੀਬ ਵਿਚ ਜਾ ਕੇ ਸਿੱਖੀ। 1944-45 ਵਿਚ ਡਾ. ਗੰਡਾ ਸਿੰਘ ਨੇ ਜੈਪੁਰ ਵਿਖੇ ਮੁਗ਼ਲ ਕੋਰਟ ਨਾਲ ਸੰਬੰਧਿਤ ਫਾਰਸ਼ੀ ਦੀਆਂ ਕੁਝ ਹੱਥ ਲਿਖਤਾਂ ਦਾ ਨਿਰੀਖਣ ਕੀਤਾ, ਕਿਉਂਕਿ ਗੰਡਾ ਸਿੰਘ ਦੀ ਕੇਵਲ ਪੰਜਾਬ ਦੇ ਇਤਿਹਾਸ ਵਿਚ ਹੀ ਦਿਲਚਸਪੀ ਸੀ, ਇਸ ਲਈ ਇਨ੍ਹਾਂ ਹੱਥ ਲਿਖਤਾਂ ਵਿਚੋਂ ਪੰਜਾਬ ਨਾਲ ਸੰਬੰਧਿਤ ਹੱਥ ਲਿਖਤਾਂ ਦੀ ਚੋਣ ਕਰਕੇ ਇਨ੍ਹਾਂ ਦੀਆਂ ਕਾਪੀਆਂ ਤਿਆਰ ਕੀਤੀਆਂ। ਇਹ ਕਾਪੀਆਂ 1708 ਤੋਂ ਲੈ ਕੇ 1719 ਦੇ ਕਾਲ ਬਾਰੇ ਮਹੱਤਵਪੂਰਨ ਸੂਚਨਾਵਾਂ ਪ੍ਰਦਾਨ ਕਰਦੀਆਂ ਹਨ ਅਤੇ ਇਹ 220 ਪੰਨਿਆਂ ਦੀ ਕਾਪੀ ਜੋ ਕਿ ਡਾ. ਗੰਡਾ ਸਿੰਘ ਦੀ ਨਿੱਜੀ ਲਾਇਬਰੇਰੀ ਵਿਚ ਮੌਜੂਦ ਸੀ, ਪਰ ਅੱਜ ਕੱਲ੍ਹ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਚ ਉਪਲਬਧ ਹੈ। ਇਨ੍ਹਾਂ ਹੱਥ ਲਿਖਤਾਂ ਵਿਚ ਬੰਦਾ ਸਿੰਘ ਬਹਾਦਰ ਦੀਆਂ ਰੋਜ਼ਾਨਾ ਸਰਗਰਮੀਆਂ ਅਤੇ ਮੁਗ਼ਲ ਸਰਕਾਰ ਦੇ ਬੰਦਾ ਸਿੰਘ ਬਹਾਦਰ ਦੀ ਸ਼ਕਤੀ ਬਾਰੇ ਵੇਰਵੇ ਅੰਕਿਤ ਹਨ। ਇਸ ਤੋਂ ਇਲਾਵਾ ਗੁਰੂ ਗੋਬਿੰਦ ਸਿੰਘ ਤੋਂ ਬਾਅਦ ਸਿੱਖਾਂ ਦੇ ਮੁਗ਼ਲ ਸਰਕਾਰ ਵਿਰੁੱਧ ਕੀਤੇ ਗਏ ਸੰਘਰਸ਼ ਨਾਲ ਸੰਬੰਧਿਤ ਬਹੁਮੁੱਲੇ ਦਸਤਾਵੇਜ਼ ਹਨ। ਡਾ. ਗੰਡਾ ਸਿੰਘ ਨੇ ਬੰਦਾ ਸਿੰਘ ਬਹਾਦਰ ਬਾਰੇ ਦੋ ਪੁਸਤਕਾਂ (ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦਾ ਸੰਖੇਪ ਜੀਵਨ, ਮਈ 1934 ਅਤੇ ਬੰਦਾ ਸਿੰਘ ਬਹਾਦਰ ਦਾ ਜੀਵਨ ਅਪ੍ਰੈਲ 1935) ਲਿਖ ਕੇ ਅਤੇ ਉਸ ਦੇ ਜੀਵਨ ਨਾਲ



ਜੋੜੀਆਂ ਗਈਆਂ ਮਿਥਿਆਵਾਂ, ਕਲਪਨਾਵਾਂ ਦਾ ਖੰਡਨ ਕਰਕੇ ਇਤਿਹਾਸ ਦੇ ਪਰਿਪੇਖ ਵਿਚ ਉਸ ਦਾ ਸਹੀ ਸਥਾਨ ਨਿਰਧਾਰਿਤ ਕਰ ਦਿੱਤਾ। ਆਪਣੀ ਇੱਕ ਪੁਸਤਕ ਦੀ ਭੂਮਿਕਾ ਵਿਚ ਉਹ ਲਿਖਦਾ ਹੈ: ਮੈਂ ਇਹ ਕੰਮ ਨਵੇਂ ਸਿਰਿਉਂ ਸ਼ੁਰੂ ਕੀਤਾ। ਮੈਂ ਉਸ ਸਾਰੇ ਅਨ੍ਹੇਰੇ ਨੂੰ ਚੀਰਨ ਦਾ ਪ੍ਰਯਤਨ ਕੀਤਾ, ਜੋ ਮੁਢਲੀ ਅਠਾਰਵੀਂ ਸਦੀ ਦੇ ਇਸ ਮਹਾਨ ਨਾਇਕ ਅਤੇ ਸ਼ਹੀਦ ਦੇ ਜੀਵਨ-ਬਿਰਤਾਂਤ ਉੱਪਰ ਪੱਸਰਿਆ ਹੋਇਆ ਸੀ। ਮੈਂ ਬੰਦਾ ਸਿੰਘ ਬਹਾਦਰ ਦੇ ਜੀਵਨ ਨਾਲ ਸੰਬੰਧਿਤ ਸਾਰੀਆਂ ਹੱਥ ਲਿਖਤਾਂ ਦੇ ਇਕੱਲੇ ਇਕੱਲੇ ਤੱਥ ਦੀ ਚੀਰ ਫਾੜ ਕੀਤੀ। ਇਸ ਤਰ੍ਹਾਂ ਪੁਰਾਣੇ ਲੇਖਕਾਂ ਦੇ ਪੂਰਵਾਗ੍ਰਹਾਂ ਅਤੇ ਸਿੱਟਿਆਂ ਤੋਂ ਪੂਰਨ ਭਾਂਤ ਬੇਲਾਗ ਹੋ ਕੇ ਮੈਂ ਇਸ ਪੁਸਤਕ ਦੀ ਰਚਨਾ ਵਿਗਿਆਨਕ ਲੀਹਾਂ ਉਤੇ ਕਰਨ ਦਾ ਯਤਨ ਕੀਤਾ ਹੈ। ਫ਼ਾਰਸੀ ਅਤੇ ਗੁਰਮੁਖੀ ਵਿਚ ਮਿਲਦੀ ਸ੍ਰੋਤ ਸਮੱਗਰੀ ਦਾ ਅਨੁਵਾਦ ਮੈ ਸ਼ਾਬਦਿਕ ਰੂਪ ਵਿਚ ਕੀਤਾ ਹੈ ਤਾਂ ਜੋ ਸ਼ੈਲੀ ਦੀ ਕਲਾਤਮਕਤਾ ਵਿਚ ਇਤਿਹਾਸਕ ਤੱਥ ਹੀ ਨਾ ਗੁਆਚ ਜਾਣ। ਇਹ ਰਚਨਾ ਠੋਸ ਤੱਥਾਂ ਉਤੇ ਆਧਾਰਿਤ ਇੱਕ ਸਪੱਸ਼ਟ ਜੀਵਨੀ ਹੈ। (ਬੰਦਾ ਸਿੰਘ ਬਹਾਦਰ ਦਾ ਜੀਵਨ, 1935 ਪੰਨਾ 17) ਡਾ. ਗੰਡਾ ਸਿੰਘ ਦਾ ਵਿਚਾਰ ਹੈ ਕਿ ਸਰਹੰਦ ਦੇ ਸੂਬੇਦਾਰ ਵਜ਼ੀਰ ਖਾਨ ਨੇ ਗੁਰੂ ਗੋਬਿੰਦ ਸਿੰਘ ਦੇ ਵਿਰੁੱਧ ਇੱਕ ਸ਼ਾਜਿਸ ਰਚੀ। ਉਹ ਗੁਰੂ ਗੋਬਿੰਦ ਸਿੰਘ ਅਤੇ ਮੁਗ਼ਲ ਬਾਦਸ਼ਾਹ ਬਹਾਦਰ ਸ਼ਾਹ ਦੇ ਦਰਮਿਆਨ ਚੱਲ ਰਹੀ ਗੱਲਬਾਤ ਤੋਂ ਡਰਿਆ ਹੋਇਆ ਸੀ, ਕਿਉਂਕਿ ਵਜ਼ੀਰ ਖਾਨ ਨੇ ਸਿੱਖਾਂ ਪਰ ਬਹੁਤ ਅੱਤਿਆਚਾਰ ਕੀਤੇ ਸਨ ਅਤੇ ਸ਼ਾਹਿਬਜ਼ਾਦਿਆਂ ਨੂੰ ਸ਼ਹੀਦ ਕਰਨ ਵਿਚ ਵੀ ਮੁੱਖ ਦੋਸ਼ੀ ਉਹੀ ਸੀ। ਉਸ ਨੇ ਦੋ ਪਠਾਣਾਂ ਨੂੰ ਪੈਸੇ ਦੇ ਕੇ ਗੁਰੂ ਗੋਬਿੰਦ ਸਿੰਘ ਨੂੰ ਸ਼ਹੀਦ ਕਰਨ ਵਾਸਤੇ ਤਿਆਰ ਕਰ ਲਿਆ। ਡਾ. ਗੰਡਾ ਸਿੰਘ ਨੇ ਇਸ ਤੋਂ ਮਗਰੋਂ ਵਾਪਰਨ ਵਾਲੀਆਂ ਘਟਨਾਵਾਂ ਨੂੰ ਬੜੇ ਵਿਸਥਾਰ ਨਾਲ ਬਿਆਨ ਕੀਤਾ ਹੈ। ਇਸੇ ਤਰ੍ਹਾਂ ਡਾ. ਗੰਡਾ ਸਿੰਘ ਨੇ ਭਾਰਤ ਅਤੇ ਵਿਦੇਸ਼ਾਂ ਦੀਆਂ ਸਾਰੀਆਂ ਲਾਇਬਰੇਰੀਆਂ ਦੀ ਯਾਤਰਾ ਕੀਤੀ। ਉਸ ਨੇ ਸਟੇਟ ਲਾਇਬਰੇਰੀ ਰਾਮਪੁਰ (ਯੂ.ਪੀ) ਤੋਂ ਗਿਆਰ੍ਹਾਂ ਹੱਥ ਲਿਖਤਾਂ ਦੇ ਉਤਾਰੇ ਤਿਆਰ ਕਰਵਾਏ, ਅਸਫੀਆਂ ਲਾਇਬਰੇਰੀ ਹੈਦਰਾਬਾਦ ਤੋਂ ਬਾਰ੍ਹਾਂ, ਸਰ ਜਾਦੂਨਾਥ ਸਰਕਾਰ ਦੀ ਨਿੱਜੀ ਲਾਇਬਰੇਰੀ ਤੋਂ ਪੰਜ ਅਤੇ ਪੰਜਾਬ ਯੂਨੀਵਰਸਿਟੀ ਲਾਹੌਰ ਲਾਇਬਰੇਰੀ ਤੋਂ ਛੇ ਹੱਥ ਲਿਖਤਾਂ ਦਾ ਲਿਪੀਆਂਤਰ ਕਰਵਾਇਆ। ਕਾਜ਼ੀ ਨੂਰ ਮੁਹੰਮਦ ਦਾ ’ਜੰਗਨਾਮਾ’ ਸਭ ਤੋਂ ਪਹਿਲਾਂ ਸ. ਕਰਮ ਸਿੰਘ ਨੇ ਲੱਭਿਆ ਸੀ। ਉਸ ਨੇ ਇਹ ਜੰਗਨਾਮਾ ਭਾਈ ਵੀਰ ਸਿੰਘ ਨੂੰ ਦੇ ਦਿੱਤਾ। ਭਾਈ ਵੀਰ ਸਿੰਘ ਤੋਂ ਲੈ ਕੇ ਡਾ. ਗੰਡਾ ਸਿੰਘ ਨੇ ਇਸ ਦਾ ਲਿਪੀਆਂਤਰ ਕੀਤਾ। ਪੁਰਾਣੀ ਸ੍ਰੋਤ ਸਮੱਗਰੀ ਦੀ ਭਾਲ ਵਿਚ ਡਾ. ਗੰਡਾ ਸਿੰਘ ਕਬਾੜੀਆਂ ਦੀਆਂ ਦੁਕਾਨਾਂ ’ਤੇ ਵੀ ਜਾਂਦਾ ਰਿਹਾ ਹੈ। ਖੋਜ ਕਾਰਜਾਂ ਨਾਲ ਸੰਬੰਧਤ ਉਹ ਤਿੰਨ ਵਾਰ ਇੰਗਲੈਂਡ ਗਿਆ।1857 ਦੇ ਵਿਦਰੋਹ ਅਤੇ ਸਿੱਖ ਵਿਸ਼ੇ ’ਤੇ ਡਾ. ਗੰਡਾ ਸਿੰਘ ਨੇ ਆਪਣਾ ਮਤ ਆਪਣੇ ਖੋਜ ਕਾਰਜਾਂ ਰਾਹੀਂ ਪੇਸ਼ ਕੀਤਾ ਹੈ। ਡਾ. ਗੰਡਾ ਸਿੰਘ ਦਾ ਮੱਤ ਹੈ ਕਿ ਪਿਛਲੇ ਕੁਝ ਸਮਿਆਂ ਵਿਚ ਰਾਜਸੀ ਪ੍ਰਚਾਰਕਾਂ ਵੱਲੋਂ ਆਤਮ ਪ੍ਰਸੰਸ਼ਾ ਖਾਤਰ ਕੁਝ ਅਜਿਹੀਆਂ ਰਚਨਾਵਾਂ ਪ੍ਰਕਾਸ਼ਿਤ ਹੋਈਆਂ ਹਨ, ਜਿਨ੍ਹਾਂ ਨੇ 1857 ਦੀ ਘਟਨਾ ਨੂੰ ’ਭਾਰਤੀ ਆਜ਼ਾਦੀ ਦੀ ਪਹਿਲੀ ਲੜਾਈ’ ਦਾ ਨਾਮ ਦਿੱਤਾ ਹੈ। ਬੜੇ ਦੁੱਖ ਦੀ ਗੱਲ ਹੈ ਕਿ ਨਾ ਸਿਰਫ਼ ਸਾਧਾਰਣ ਲੋਕ ਬਲਕਿ ਪੜ੍ਹੇ ਲਿਖੇ ਲੋਕ ਵੀ ਦਿਸ਼ਾ ਰਹਿਤ ਦੇਸ਼ ਭਗਤੀ ਦੇ ਵਹਿਣ ਵਿਚ ਵਹਿ ਕੇ ਆਤਮ ਪ੍ਰਸੰਸ਼ਾ ਦਾ ਸ਼ਿਕਾਰ ਹੋ ਰਹੇ ਹਨ। ਆਚਾਰੀਆ ਕ੍ਰਿਪਲਾਨੀ ਨੇ ਜਨਵਰੀ 1968 ਦੀ ਭੂਪਾਲ ਇਤਿਹਾਸ ਕਾਨਫਰੰਸ ਦਾ ਉਦਘਾਟਨ ਕਰਦਿਆਂ ਹੋਇਆ ਇਤਿਹਾਸਕਾਰਾਂ ਨੂੰ ਅਜਿਹੀ ਉਪਭਾਵੁਕਤਾ ਤੋਂ ਬਚਣ ਦੀ ਪ੍ਰੇਰਨਾ ਦਿੱਤੀ ਸੀ। ਉਨ੍ਹਾਂ ਨੇ ਬਹੁਤ ਹੀ ਸ਼ਪਸ਼ਟ ਸ਼ਬਦਾਂ ਵਿਚ ਇਹ ਕਿਹਾ ਕਿ 1857 ਦਾ ਗਦਰ ਪੁਰਾਣੇ ਰਾਜਿਆਂ-ਰਜਵਾੜਿਆਂ ਵੱਲੋਂ ਆਪਣੇ ਰਾਜ ਭਾਗ ਅਤੇ ਸਰਵਸ੍ਰੇਸ਼ਠਤਾ ਪ੍ਰਾਪਤ ਕਰਨ ਦਾ ਹੀ ਇੱਕ ਯਤਨ-ਮਾਤਰ ਸੀ। ਇਸ ਨੂੰ ਸੁਤੰਤਰਤਾ ਸੰਗਰਾਮ ਨਾਲ ਜੋੜਨਾ ਠੀਕ ਨਹੀਂ ਹੋਵੇਗਾ। ਡਾ. ਗੰਡਾ ਸਿੰਘ ਅਨੁਸਾਰ 1857 ਈ. ਤੱਕ ਭਾਰਤੀ ਰਾਸ਼ਟਰ ਦਾ ਸੰਕਲਪ ਹੀ ਪੈਦਾ ਨਹੀਂ ਸੀ ਹੋਇਆ ਅਤੇ ਨਾ ਹੀ ਇੱਕ ਦੇਸ਼ ਦੀ ਧਾਰਨਾ ਹੀ ਬਣ ਸਕੀ ਸੀ। ਭਾਰਤੀ ਰਾਸ਼ਟਰ ਦਾ ਸੰਕਲਪ ਇਸ ਘਟਨਾ ਤੋਂ ਲਗਭਗ ਦਿਨ ਦਹਾਕੇ ਬਾਅਦ ’ਇੰਡੀਅਨ ਨੈਸ਼ਨਲ ਕਾਂਗਰਸ’ ਨੇ ਪੇਸ਼ ਕੀਤਾ ਤਾਂ ਜੋ ਲੋਕਾਂ ਨੂੰ ਦੇਸ਼ ਦੀ ਆਜ਼ਾਦੀ ਵਾਸਤੇ ਇੱਕ ਮੰਚ ਉਤੇ ਲਿਆਂਦਾ ਜਾ ਸਕੇ।1857 ਵਾਲਾ ਗਦਰ ਅਸਫਲ ਹੋ ਗਿਆ ਸੀ। ਇਸ ਲਈ ਨਹੀਂ ਕਿ ਸਿੱਖਾਂ ਜਾਂ ਪੰਜਾਬ ਦੇ ਲੋਕਾਂ ਨੇ ਇਸ ਵਿਚ ਭਾਗ ਨਹੀਂ ਲਿਆ ਜਾਂ ਕਿਸੇ ਪ੍ਰਦੇਸ਼ ਦੇ ਲੋਕ ਅੰਗਰੇਜਾਂ ਨੂੰ ਸਮਰਥਨ ਕਰਦੇ ਰਹੇ, ਬਲਕਿ ਇਸ ਲਈ ਕਿਉਂਕਿ ਇਸ ਦੇ ਸੰਚਾਲਕਾਂ ਜਾਂ ਇਸ ਲਈ ਲੜਨ ਵਾਲੇ ਸਿਪਾਹੀਆਂ ਦੇ ਮਨਾਂ ਵਿਚ ਕੋਈ ਦੇਸ਼ ਭਗਤੀ ਜਜ਼ਬਾ ਹੀ ਨਹੀਂ ਸੀ। ਨਾ ਇਸ ਦਾ ਕੋਈ ਲੀਡਰ ਸੀ, ਨਾ ਕੋਈ ਵਿਉਂਤਬੰਦੀ ਸੀ ਅਤੇ ਨਾ ਹੀ ਕੋਈ ਕੇਂਦਰੀ ਸੰਗਠਨ ਇਸ ਦੀ ਅਗਵਾਈ ਕਰ ਰਿਹਾ ਸੀ। ਇਸ ਲਈ 1857 ਦੇ ਗ਼ਦਰ ਨੂੰ ਆਜ਼ਾਦੀ ਦੀ ਕੌਮੀ ਜੰਗ ਕਹਿਣਾ ਉਚਿਤ ਨਹੀਂ ਹੋਵੇਗਾ। ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨਾਲ ਸੰਬੰਧਤ ਡਾ. ਗੰਡਾ ਸਿੰਘ ਨੇ ਇੱਕ ਇਤਿਹਾਸਕ ਪ੍ਰਮਾਣ ਹਾਸਲ ਕਰਕੇ ਇਹ ਗੱਲ ਸਿੱਧ ਕਰ ਦਿੱਤੀ ਹੈ ਕਿ ਗੁਰੂ ਤੇਗ਼ ਬਹਾਦਰ ਜੀ ਕਦੇ ਵੀ ਹਾਫ਼ਿਜ਼ ਆਦਮ ਨਾਲ ਕਿਸੇ ਤੇ ਨਹੀਂ ਗਏ। ਹਾਫ਼ਿਜ਼ ਨੂੰ 1642 ਵਿਚ ਸ਼ਾਹ ਜਹਾਨ ਨੇ ਪੰਜਾਬ ਵਿਚੋਂ ਦੇਸ਼ ਨਿਕਾਲਾ ਦੇ ਦਿੱਤਾ ਸੀ। ਅਫ਼ਗਾਨਿਸਤਾਨ ਤੋਂ ਇਹ ਮੱਕੇ ਮਦੀਨੇ ਦੀ ਯਾਤਰਾ ਵੱਲ ਚੱਲ ਗਿਆ ਅਤੇ 1643 ਵਿਚ ਉਥੇ ਹੀ ਉਸ ਦੀ ਮੌਤ ਹੋ ਗਈ। ਇਹ ਸਭ ਘਟਨਾਵਾਂ ਛੇਂਵੇ ਗੁਰੂ ਹਰਗੋਬਿੰਦ ਸਿੰਘ ਜੀ ਦੇ ਸਮੇਂ ਵਿਚ ਵਾਪਰੀਆਂ। ਗੁਰੂ ਤੇਗ਼ ਬਹਾਦਰ ਜੀ ਨੇ 1664 ਵਿਚ ਗੁਰੂਗੱਦੀ ਸੰਭਾਲੀ। ਉਸ ਸਮੇਂ ਹਾਫ਼ਿਜ਼ ਆਦਮ ਨੂੰ ਮਰਿਆ ਲਗਪਗ 21 ਸਾਲ ਗੁਜ਼ਰ ਚੁੱਕੇ ਸਨ। ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦਾ ਸੰਨ 1675 ਹੈ। ਇਸ ਤਰ੍ਹਾਂ ਦੋਹਾਂ ਘਟਨਾਵਾਂ ਵਿਚ ਘੱਟੋ-ਘੱਟ 32 ਵਰ੍ਹਿਆਂ ਦਾ ਅੰਤਰ ਹੈ। ਕਸ਼ਮੀਰ ਦੇ ਸੂਬੇਦਾਰ ਇਫ਼ਤਿਖਾਰ ਕਾਨ ਨੇ ਕਸ਼ਮੀਰੀ ਪੰਡਤਾਂ ਉਤੇ ਇਤਨੇ ਜ਼ੁਲਮ ਕੀਤੇ ਕਿ ਉਹ ਸਭ ਪਾਸੇ ਤੋਂ ਨਿਰਾਸ਼ ਹੋ ਕੇ ਗੁਰੂ ਤੇਗ਼ ਬਹਾਦਰ ਜੀ ਦੀ ਸ਼ਰਨ ਵਿਚ ਆ ਗਏ। ਸ੍ਰੀ ਆਨੰਦਪੁਰ ਸਾਹਿਬ ਹਾਜ਼ਰ ਹੋਣ ਵਾਲੇ ਪੰਡਤਾਂ ਦੀ ਅਗਵਾਈ ਕ੍ਰਿਪਾ ਰਾਮ ਕਰ ਰਿਹਾ ਸੀ। ਗੁਰੂ ਜੀ ਨੇ ਕਸ਼ਮੀਰੀ ਪੰਡਤਾਂ ਦੀ ਪੁਕਾਰ ਬਹੁਤ ਗਹੁ ਨਾਲ ਸੁਣੀ ਤੇ ਫੁਰਮਾਇਆ ਗੁਰੂ ਨਾਨਕ ਭਲੀ ਕਰਨਗੇ। ਸਮਕਾਲੀ ਇਤਿਹਾਸਕ ਸਰੋਤਾਂ ਦੇ ਆਧਾਰ ਤੇ ਡਾ. ਗੰਡਾ ਸਿੰਘ ਨੇ ਗੁਰੂ ਤੇਗ ਬਹਾਦਰ ਜੀ ਬਾਰੇ ਪ੍ਰਚੱਲਿਤ ਮਿਥਿਆ ਕਲਪਨਾਵਾਂ ਨੂੰ ਰੱਦ ਕਰਕੇ ਉਨ੍ਹਾਂ ਦੀ ਸਹੀ ਤਸਵੀਰ ਨੂੰ ਉਭਾਰਿਆ ਹੈ। ਇਹ ਤਸਵੀਰ ਇੱਕ ਅਜਿਹੇ ’ਸੱਚੇ ਪਾਤਸ਼ਾਹ’ ਦੀ ਹੈ ਜਿਸ ਨੇ ਧਰਮ ਦੀ ਆਨ ਬਦਲੇ ਆਪਣੇ ਆਪ ਨੂੰ ਕੁਰਬਾਨ ਕਰ ਦਿੱਤਾ।

ਡਾ. ਗੰਡਾ ਸਿੰਘ ਪੰਜਾਬ ਦੀ ਇਤਿਹਾਸਕਾਰੀ ਦੇ ਮੰਡਲ ਦਾ ਸਭ ਤੋਂ ਰੌਸ਼ਨ ਸਿਤਾਰਾ ਸੀ। ਜਿਸ ਨੇ ਜੀਰੋ ਤੋਂ ਖੋਜ ਕਾਰਜ ਦਾ ਕੰਮ ਸ਼ੁਰੂ ਕੀਤਾ ਅਤੇ ਆਪਣੀ ਅੱਧੀ ਸਦੀ ਦੀ ਅਣਥੱਕ ਸਾਧਨਾ ਦੁਆਰਾ ਪੰਜਾਬ ਦੀ ਇਤਿਹਾਸਕਾਰੀ ਦੇ ਖਜ਼ਾਨੇ ਨੂੰ ਮਾਲਾਮਾਲ ਕਰ ਦਿੱਤਾ। ਡਾ. ਗੰਡਾ ਸਿੰਘ ਦੀਆਂ ਪ੍ਰਮੁੱਖ ਰਚਨਾਵਾਂ ਵਿਚ ਇੰਕਸ਼ਾਫਿ ਹਕੀਕਤ, ਬੰਦਾ ਸਿੰਘ ਬਹਾਦਰ, ਗੁਰਦੁਆਰਾ ਸ਼ਹੀਦ ਗੰਜ ਲਾਹੌਰ ਦਾ ਇਤਿਹਾਸ, ਮਿਰਾਤੁਤ ਤਵਾਰੀਖ-ਇ-ਸਿੱਖਾਂ, ਸਿੱਖ ਇਤਿਹਾਸ ਦੇ ਸਮਕਾਲੀ ਸਰੋਤ 1469-1708, ਮਹਾਰਾਜਾ ਰਣਜੀਤ ਸਿੰਘ: ਸ਼ਤਾਬਦੀ ਗ੍ਰੰਥ, ਜੰਗਨਾਮਾ ਕਾਜ਼ੀ ਨੂਰ ਮੁਹੰਮਦ, ਮਹਾਰਾਜਾ ਕੌੜਾ ਮੱਲ ਬਹਾਦਰ, ਕੂਕਿਆਂ ਦੀ ਵਿਥਿਆ, ਸਿੱਖ ਇਤਿਹਾਸ ਵੱਲ, ਪੰਜਾਬ ਦੀਆਂ ਵਾਰਾਂ, ਸਿੱਖ ਇਤਿਹਾਸ ਬਾਰੇ, ਸਰਦਾਰ ਸ਼ਾਮ ਸਿੰਘ ਅਟਾਰੀਵਾਲਾ, ਖਾਲਸਾ ਕਾਲਜ ਅੰਮ੍ਰਿਤਸਰ ਦਾ ਇਤਿਹਾਸ, ਅਵਰਾਕਿ-ਪਰੀਸ਼ਾਨ-ਇ-ਤਵਾਰੀਖ਼-ਇ-ਪੰਜਾਬ, ਸਿੱਖਾਂ ਦਾ ਸੰਖੇਪ ਇਤਿਹਾਸ-ਭਾਗ ਪਹਿਲਾ, ਮੁਖ਼ਤਸਰ ਨਾਨਕਸ਼ਾਹੀ ਜੰਤਰੀ, ਪਟਿਆਲਾ ਅਤੇ ਪੈਪਸੂ ਦੀਆਂ ਰਿਆਸਤਾਂ, ਪੰਜਾਬ 1839-40, ਪੰਜਾਬ ਉਤੇ ਅੰਗਰੇਜਾਂ ਦਾ ਕਬਜ਼ਾ, ਪੈਪਸੂ ਦੀ ਸੰਦਰਭ ਗ੍ਰੰਥਾਵਲੀ, ਅਫ਼ਗਾਨਿਸਤਾਨ ਵਿਚ ਇੱਕ ਮਹੀਨਾ, ਅੰਗਰੇਜਾਂ ਤੇ ਸਿੱਖਾਂ ਦੀਆਂ ਲੜਾਈਆਂ ਸੰਬੰਧੀ ਨਿੱਜੀ ਪੱਤਰ ਵਿਹਾਰ, ਸਿੱਖ ਕੌਮ ਬਾਰੇ ਸੰਖੇਪ ਜਾਣਕਾਰੀ, ਅਹਿਮਦ ਸ਼ਾਹ ਦੁੱਰਾਨੀ, ਪੰਜਾਬ 1849-1960 ਭਾਈ ਜੋਧ ਸਿੰਘ ਅਭਿਨੰਦਨ ਗ੍ਰੰਥ, ਭਗਤ ਲਛਮਣ ਸਿੰਘ, ਪੰਜਾਬ ਬਾਰੇ ਗ੍ਰੰਥ ਸੂਚੀ, ਗੁਰੂ ਨਾਨਕ : ਸਹਾਇਕ ਗ੍ਰੰਥਾਵਲੀ, ਪੰਜਾਬ: ਪਾਸਟ ਐਂਡ ਪਰੈਜ਼ੈਂਟ, ਹੁਕਮਨਾਮੇ, ਸ੍ਰੀ ਗੁਰ ਸੋਭਾ, ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ ਜੋਤਿ ਸਮਾਉਣ ਦੀ ਵਾਰਤਾ, ਮਹਾਰਾਜਾ ਦਲੀਪ ਸਿੰਘ ਪੱਤਰਾਵਲੀ, ਪੰਜਾਬ ਦਾ ਜ਼ਬਤਸ਼ੁਦਾ ਸਾਹਿਤ ਆਦਿ ਹਨ। ਇਨ੍ਹਾਂ ਪ੍ਰਮੁੱਖ ਪੁਸਤਕਾਂ ਤੋਂ ਬਿਨਾਂ ਡਾ. ਗੰਡਾ ਸਿੰਘ ਦੀਆਂ ਹੋਰ ਵੀ ਬਹੁਤ ਸਾਰੀਆਂ ਰਚਨਾਵਾਂ ਮਿਲਦੀਆਂ ਹਨ। 27 ਦਸੰਬਰ 1987 ਨੂੰ ਮਹਾਨ ਸਿੱਖ ਇਤਿਹਾਸਕਾਰ ਡਾ. ਗੰਡਾ ਸਿੰਘ ਦਾ ਸੰਖੇਪ ਜਹੀ ਬਿਮਾਰੀ ਦੇ ਚਲਦਿਆਂ ਦੇਹਾਂਤ ਹੋ ਗਿਆ।



ਬੇਅੰਤ ਸਿੰਘ ਬਾਜਵਾ
ਖੋਜਾਰਥੀ, ਮਨਿਸਟਰੀ ਆਫ ਕਲਚਰ, ਭਾਰਤ ਸਰਕਾਰ।
ਮੋ: 80000-00584

# ਪਾਕਿਸਤਾਨ ’ਚ ਮਿਟਾਈ ਜਾ ਰਹੀ ਧਾਰਮਿਕ ਵਿਰਾਸਤ, ਖ਼ਤਰੇ ਵਿੱਚ ਮੰਦਰਾਂ ਦਾ ਅਸਤਿਤਵ

ਜ਼ਿਕਰ ਪੰਜਾਬ

ਕੁਝ ਹੀ ਦਿਨ ਪਹਿਲਾਂ ਪਾਕਿਸਤਾਨ ਦੇ ਪੰਜਾਬ ਸੂਬੇ ਦੇ ਮੰਡੀ ਚੂੜਕਾਨਾ ਵਿਖੇ 125 ਸਾਲ ਪੁਰਾਣੇ ਇਤਿਹਾਸਕ ਗੁਰਦੁਆਰਾ ਸਿੰਘ ਸਭਾ ਨੂੰ ਸਥਾਨਕ ਪ੍ਰਸ਼ਾਸਨ ਅਤੇ ਭੂ-ਮਾਫ਼ੀਆ ਦੀ ਕਥਿਤ ਮਿਲੀਭੁਗਤ ਨਾਲ ਢਾਹੇ ਜਾਣ ਦੀ ਖ਼ਬਰ ਸਾਹਮਣੇ ਆਈ ਸੀ। ਇਸ ਮਾਮਲੇ ਦੀ ਸਿਆਹੀ ਸੁੱਕੀ ਵੀ ਨਹੀਂ ਸੀ ਕਿ ਬਲੋਚਿਸਤਾਨ ਦੀ ਰਾਜਧਾਨੀ ਕਵੇਟਾ ਵਿੱਚ ਲਗਭਗ 200 ਸਾਲ ਪੁਰਾਣੇ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨੂੰ ਢਾਹ ਕੇ ਉਸ ਦੀ ਥਾਂ ਕਮਰਸ਼ੀਅਲ ਸ਼ਾਪਿੰਗ ਮਾਲ ਬਣਾਉਣ ਦੀ ਖ਼ਬਰ ਆ ਗਈ। ਹੁਣ ਇਸੇ ਕੜੀ ਵਿੱਚ ਪੰਜਾਬ ਸੂਬੇ ਦੇ ਨਾਰੋਵਾਲ ਜ਼ਿਲ੍ਹੇ ਦੇ ਸਿਰਜਾ ਪਿੰਡ ਵਿੱਚ ਸਵਾ ਸੌ ਸਾਲ ਤੋਂ ਵੱਧ ਪੁਰਾਣੇ ਹਿੰਦੂ ਮੰਦਰ ਨੂੰ ਢਾਹੇ ਜਾਣ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ।

ਇਹ ਘਟਨਾਵਾਂ ਸਿਰਫ਼ ਤਿੰਨ ਇਮਾਰਤਾਂ ਦੇ ਢਹਿਣ ਦੀਆਂ ਘਟਨਾਵਾਂ ਨਹੀਂ ਹਨ। ਇਹ ਉਸ ਵੱਡੇ ਸਵਾਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਪਾਕਿਸਤਾਨ ਵਿੱਚ ਹਿੰਦੂਆਂ, ਸਿੱਖਾਂ ਅਤੇ ਹੋਰ ਘੱਟ ਗਿਣਤੀਆਂ ਦਾ ਅਸਤਿਤਵ ਅਤੇ ਉਨ੍ਹਾਂ ਦੀ ਧਾਰਮਿਕ ਤੇ ਇਤਿਹਾਸਕ ਵਿਰਾਸਤ ਕਿੰਨੀ ਸੁਰੱਖਿਅਤ ਹੈ? ਕਿਸੇ ਵੀ ਦੇਸ਼ ਦੀ ਘੱਟ ਗਿਣਤੀ ਨੀਤੀ ਦੀ ਪਰਖ ਸਿਰਫ਼ ਸੰਵਿਧਾਨ ਦੀਆਂ ਧਾਰਾਵਾਂ ਨਾਲ ਨਹੀਂ ਹੁੰਦੀ। ਇਸ ਦੀ ਅਸਲ ਪਰਖ ਇਸ ਗੱਲ ਤੋਂ ਹੁੰਦੀ ਹੈ ਕਿ ਉਸ ਦੇਸ਼ ਦਾ ਆਮ ਘੱਟ ਗਿਣਤੀ ਨਾਗਰਿਕ ਆਪਣੇ ਧਰਮ, ਧਾਰਮਿਕ ਅਸਥਾਨ, ਜਾਇਦਾਦ ਅਤੇ ਪਛਾਣ ਨੂੰ ਕਿੰਨਾ ਸੁਰੱਖਿਅਤ ਮਹਿਸੂਸ ਕਰਦਾ ਹੈ।

ਪਾਕਿਸਤਾਨ ਦਾ ਸੰਵਿਧਾਨ ਗੈਰ-ਮੁਸਲਮਾਨ ਨਾਗਰਿਕਾਂ ਨੂੰ ਧਾਰਮਿਕ ਆਜ਼ਾਦੀ ਅਤੇ ਆਪਣੇ ਧਰਮ ਅਨੁਸਾਰ ਜੀਵਨ ਬਤੀਤ ਕਰਨ ਦੇ ਅਧਿਕਾਰ ਦੀ ਗੱਲ ਕਰਦਾ ਹੈ। ਪਰ ਜ਼ਮੀਨੀ ਹਕੀਕਤ ਕਈ ਵਾਰ ਇਨ੍ਹਾਂ ਸੰਵਿਧਾਨਕ ਗਾਰੰਟੀਆਂ ਨਾਲ ਮੇਲ ਨਹੀਂ ਖਾਂਦੀ। ਖ਼ਾਸ ਤੌਰ ’ਤੇ ਨਾਬਾਲਗ ਹਿੰਦੂ ਅਤੇ ਸਿੱਖ ਲੜਕੀਆਂ ਦੇ ਅਗਵਾ, ਜ਼ਬਰਦਸਤੀ ਧਰਮ ਪਰਿਵਰਤਨ, ਵਿਆਹ ਲਈ ਮਜਬੂਰ ਕਰਨ ਅਤੇ ਧਾਰਮਿਕ ਸਥਾਨਾਂ ਤੇ ਜਾਇਦਾਦਾਂ ’ਤੇ ਕਬਜ਼ਿਆਂ ਸਬੰਧੀ ਲੰਮੇ ਸਮੇਂ ਤੋਂ ਉੱਠ ਰਹੀਆਂ ਸ਼ਿਕਾਇਤਾਂ ਗੰਭੀਰ ਚਿੰਤਾ ਦਾ ਵਿਸ਼ਾ ਹਨ।

ਧਾਰਮਿਕ ਸਥਾਨਾਂ ਦੀ ਸੁਰੱਖਿਆ ਦਾ ਇੱਕ ਵੱਡਾ ਪੱਖ ਉਨ੍ਹਾਂ ਨਾਲ ਜੁੜੀ ਜ਼ਮੀਨ ਹੈ। ਜੇਕਰ ਮੰਦਰ ਜਾਂ ਗੁਰਦੁਆਰੇ ਦੀ ਇਮਾਰਤ ਬਚ ਵੀ ਜਾਵੇ ਪਰ ਉਸ ਦੀ ਜ਼ਮੀਨ ’ਤੇ ਕਬਜ਼ਾ ਹੋ ਜਾਵੇ ਤਾਂ ਕੁਝ ਸਮੇਂ ਬਾਅਦ ਉਸ ਧਾਰਮਿਕ ਸਥਾਨ ਦੀ ਹੋਂਦ ਆਪਣੇ ਆਪ ਖ਼ਤਰੇ ਵਿੱਚ ਪੈ ਜਾਂਦੀ ਹੈ।

ਦੇਸ਼ ਵੰਡ ਤੋਂ ਬਾਅਦ ਵੱਡੀ ਗਿਣਤੀ ਵਿੱਚ ਹਿੰਦੂ ਅਤੇ ਸਿੱਖ ਭਾਰਤ ਆ ਗਏ ਅਤੇ ਪਾਕਿਸਤਾਨ ਵਿੱਚ ਉਨ੍ਹਾਂ ਵੱਲੋਂ ਛੱਡੇ ਗਏ ਮੰਦਰਾਂ, ਗੁਰਦੁਆਰਿਆਂ ਅਤੇ ਹੋਰ ਜਾਇਦਾਦਾਂ ਦੀ ਸੰਭਾਲ ਲਈ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੀ ਵਿਵਸਥਾ ਕੀਤੀ ਗਈ। ਭਾਰਤ-ਪਾਕਿਸਤਾਨ ਦਰਮਿਆਨ ਹੋਏ ਸਮਝੌਤਿਆਂ ਅਤੇ ਬਾਅਦ ਦੇ ਕਾਨੂੰਨੀ ਪ੍ਰਬੰਧਾਂ ਦਾ ਮਕਸਦ ਵੀ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਅਤੇ ਜਾਇਦਾਦਾਂ ਦੀ ਰੱਖਿਆ ਤੇ ਉਨ੍ਹਾਂ ਦਾ ਢੁਕਵਾਂ ਪ੍ਰਬੰਧ ਕਰਨਾ ਸੀ।

ਇਸ ਲਈ ਸਵਾਲ ਸਿਰਫ਼ ਇਹ ਨਹੀਂ ਕਿ ਪਾਕਿਸਤਾਨ ਵਿੱਚ ਕਿੰਨੇ ਮੰਦਰ ਜਾਂ ਗੁਰਦੁਆਰੇ ਹਨ। ਸਵਾਲ ਇਹ ਵੀ ਹੈ ਕਿ ਉਨ੍ਹਾਂ ਦੀ ਜ਼ਮੀਨ ਕਿਸ ਦੇ ਨਾਮ ਹੈ? ਮਾਲਕੀ ਦਾ ਰਿਕਾਰਡ ਕਿੱਥੇ ਹੈ? ਜ਼ਮੀਨ ਤੋਂ ਹੋਣ ਵਾਲੀ ਆਮਦਨ ਕਿੱਥੇ ਖ਼ਰਚ ਹੁੰਦੀ ਹੈ? ਧਾਰਮਿਕ ਸਥਾਨਾਂ ਦੀ ਸੁਰੱਖਿਆ ਕੌਣ ਕਰਦਾ ਹੈ? ਅਤੇ ਜੇਕਰ ਕਿਸੇ ਜਾਇਦਾਦ ’ਤੇ ਨਾਜਾਇਜ਼ ਕਬਜ਼ਾ ਹੋ ਜਾਵੇ ਤਾਂ ਉਸ ਨੂੰ ਹਟਾਉਣ ਦੀ ਜ਼ਿੰਮੇਵਾਰੀ ਕਿਸ ਦੀ ਹੈ?

ਉਪਲਬਧ ਸਰਕਾਰੀ ਅੰਕੜਿਆਂ ਅਨੁਸਾਰ ਪਾਕਿਸਤਾਨ ਵਿੱਚ 14 ਕਾਰਜਸ਼ੀਲ ਅਤੇ 266 ਗੈਰ-ਕਾਰਜਸ਼ੀਲ ਹਿੰਦੂ ਮੰਦਰਾਂ ਅਤੇ 21 ਕਾਰਜਸ਼ੀਲ ਤੇ 51 ਗੈਰ-ਕਾਰਜਸ਼ੀਲ ਗੁਰਦੁਆਰੇ ਹਨ, ਜਦਕਿ ਵਿਆਪਕ ਰਿਕਾਰਡਾਂ ਵਿੱਚ ਲਗਭਗ 1130 ਹਿੰਦੂ ਮੰਦਰਾਂ ਅਤੇ 517 ਗੁਰਦੁਆਰਿਆਂ ਦੀ ਗਿਣਤੀ ਦੱਸੀ ਜਾਂਦੀ ਹੈ। ਇਨ੍ਹਾਂ ਨਾਲ 1,09,404 ਏਕੜ ਵਾਹੀਯੋਗ ਜ਼ਮੀਨ ਅਤੇ 46,499 ਸ਼ਹਿਰੀ ਯੂਨਿਟਾਂ ਮੌਜੂਦ ਹਨ। ਇਨ੍ਹਾਂ ਤੋਂ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਨੂੰ ਲਗਭਗ 650 ਕਰੋੜ ਰੁਪਏ ਦੀ ਸਾਲਾਨਾ ਆਮਦਨ ਹੁੰਦੀ ਹੈ।

ਜੇਕਰ ਇੰਨੀ ਵੱਡੀ ਜਾਇਦਾਦ ਅਤੇ ਆਮਦਨ ਦੇ ਬਾਵਜੂਦ ਕੇਵਲ 14 ਮੰਦਰ ਅਤੇ 21 ਗੁਰਦੁਆਰੇ ਹੀ ਕਾਰਜਸ਼ੀਲ ਹਨ ਅਤੇ ਬਹੁਤ ਸਾਰੇ ਇਤਿਹਾਸਕ ਧਾਰਮਿਕ ਸਥਾਨ ਢਹਿ ਰਹੇ ਹਨ, ਬੰਦ ਪਏ ਹਨ ਜਾਂ ਉਨ੍ਹਾਂ ਦੀਆਂ ਜ਼ਮੀਨਾਂ ’ਤੇ ਕਬਜ਼ਿਆਂ ਦੇ ਦੋਸ਼ ਲੱਗ ਰਹੇ ਹਨ ਤਾਂ ਇਹ ਜਵਾਬਦੇਹੀ ਦਾ ਗੰਭੀਰ ਸਵਾਲ ਹੈ।

ਆਜ਼ਾਦੀ ਤੋਂ ਪਹਿਲਾਂ ਮੁਹੰਮਦ ਅਲੀ ਜਿਨਾਹ ਨੇ ਇਹ ਵਿਸ਼ਵਾਸ ਦਿਵਾਇਆ ਸੀ ਕਿ ਪਾਕਿਸਤਾਨ ਵਿੱਚ ਲੋਕ ਆਪਣੇ-ਆਪਣੇ ਧਾਰਮਿਕ ਸਥਾਨਾਂ ਵਿੱਚ ਜਾਣ ਲਈ ਆਜ਼ਾਦ ਹੋਣਗੇ। ਅੱਜ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਨਾਲ ਵਾਪਰ ਰਹੀਆਂ ਘਟਨਾਵਾਂ ਇਸ ਵਚਨਬੱਧਤਾ ਦੀ ਭਾਵਨਾ ’ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ।

ਪਾਕਿਸਤਾਨ ਵਿੱਚ ਹਿੰਦੂ ਮੰਦਰਾਂ ਦੀ ਤੋੜਫੋੜ ਅਤੇ ਬੇਅਦਬੀ ਦੀਆਂ ਕਈ ਘਟਨਾਵਾਂ ਪਹਿਲਾਂ ਵੀ ਸਾਹਮਣੇ ਆ ਚੁੱਕੀਆਂ ਹਨ। 2014 ਵਿੱਚ ਡੇਰਾ ਇਸਮਾਈਲ ਖ਼ਾਨ ਵਿੱਚ ਇਤਿਹਾਸਕ ਕਾਲੀ ਬਾਰੀ ਮੰਦਰ ਨੂੰ ਤਾਜ ਹੋਟਲ ਵਜੋਂ ਬਦਲਣ ਅਤੇ ਹਿੰਦੂ ਸ਼ਮਸ਼ਾਨ ਘਾਟ ਦੀ ਜ਼ਮੀਨ ’ਤੇ ਕਥਿਤ ਕਬਜ਼ੇ ਦੇ



ਮਾਮਲੇ ਸਾਹਮਣੇ ਆਏ। 2017 ਵਿੱਚ ਪਾਕਿਸਤਾਨ ਦੀ ਸੁਪਰੀਮ ਕੋਰਟ ਵਿੱਚ ਕਟਾਸ ਰਾਜ ਮੰਦਰਾਂ ਨਾਲ ਸਬੰਧਤ ਮਾਮਲੇ ਦੀ ਸੁਣਵਾਈ ਦੌਰਾਨ ਮੂਰਤੀਆਂ ਦੇ ਗਾਇਬ ਹੋਣ ਅਤੇ ਮੰਦਰ ਪ੍ਰਬੰਧਨ ਨਾਲ ਜੁੜੇ ਗੰਭੀਰ ਸਵਾਲ ਉੱਠੇ।

2020 ਵਿੱਚ ਬਾਦਿਨ ਅਤੇ ਨਾਗਾਰਪਾਰਕਰ ਸਮੇਤ ਵੱਖ-ਵੱਖ ਥਾਵਾਂ ’ਤੇ ਮੰਦਰਾਂ ਦੀ ਤੋੜਫੋੜ ਅਤੇ ਮੂਰਤੀਆਂ ਖੰਡਿਤ ਕਰਨ ਦੀਆਂ ਘਟਨਾਵਾਂ ਸਾਹਮਣੇ ਆਈਆਂ। ਸਿੰਧ ਦੇ ਖਿਪਰੋ ਵਿੱਚ ਕ੍ਰਿਸ਼ਨ ਜਨਮ ਅਸ਼ਟਮੀ ਮਨਾ ਰਹੇ ਹਿੰਦੂ ਸ਼ਰਧਾਲੂਆਂ ’ਤੇ ਹਮਲਾ ਅਤੇ ਮੰਦਰ ਦੀ ਤੋੜਫੋੜ, ਜਦਕਿ ਪੰਜਾਬ ਦੇ ਭੋਂਗ, ਜ਼ਿਲ੍ਹਾ ਰਹੀਮ ਯਾਰ ਖ਼ਾਨ ਵਿੱਚ ਗਣੇਸ਼ ਮੰਦਰ ’ਤੇ ਹਿੰਸਕ ਭੀੜ ਵੱਲੋਂ ਹਮਲਾ ਵੀ ਚਰਚਾ ਵਿੱਚ ਰਿਹਾ। ਖ਼ੈਬਰ ਪਖ਼ਤੂਨਖ਼ਵਾ ਦੇ ਕਰਕ ਜ਼ਿਲ੍ਹੇ ਦੇ ਟੇਰੀ ਪਿੰਡ ਵਿੱਚ ਵੀ ਮੰਦਰ ਦੀ ਤੋੜਫੋੜ ਅਤੇ ਅੱਗਜ਼ਨੀ ਦੀ ਘਟਨਾ ਨੇ ਦੁਨੀਆ ਦਾ ਧਿਆਨ ਖਿੱਚਿਆ। ਇਨ੍ਹਾਂ ਘਟਨਾਵਾਂ ਤੋਂ ਇਲਾਵਾ ਲਾਹੌਰ ਦੇ ਜੈਨ ਮੰਦਰ, ਅਨਾਰਕਲੀ ਬਜ਼ਾਰ ਦੇ ਬੰਸੀਧਰ ਮੰਦਰ ਅਤੇ ਸ਼ੀਤਲਾ ਦੇਵੀ ਮੰਦਰ ਸਮੇਤ ਕਈ ਹੋਰ ਇਤਿਹਾਸਕ ਧਾਰਮਿਕ ਸਥਾਨਾਂ ਨੂੰ ਵੀ ਸਮੇਂ-ਸਮੇਂ ’ਤੇ ਨੁਕਸਾਨ ਪਹੁੰਚਣ ਦੀਆਂ ਰਿਪੋਰਟਾਂ ਆਈਆਂ ਹਨ।

ਇਹ ਘਟਨਾਵਾਂ ਵੱਖ-ਵੱਖ ਸਮਿਆਂ ਅਤੇ ਥਾਵਾਂ ’ਤੇ ਵਾਪਰੀਆਂ ਹੋਣ ਦੇ ਬਾਵਜੂਦ ਇੱਕ ਸਾਂਝਾ ਸਵਾਲ ਜ਼ਰੂਰ ਛੱਡਦੀਆਂ ਹਨ—ਕੀ ਪਾਕਿਸਤਾਨ ਵਿੱਚ ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਦੀ ਰੱਖਿਆ ਲਈ ਮੌਜੂਦਾ ਪ੍ਰਬੰਧ ਕਾਫ਼ੀ ਹਨ?

ਪਾਕਿਸਤਾਨ ਵਿੱਚ ਹਿੰਦੂ ਮੰਦਰਾਂ ਦੇ ਪ੍ਰਬੰਧਨ, ਪੂਜਾ-ਪਾਠ, ਵਿਦੇਸ਼ਾਂ ਤੋਂ ਆਉਣ ਵਾਲੇ ਹਿੰਦੂ ਸ਼ਰਧਾਲੂਆਂ ਦੀ ਯਾਤਰਾ, ਰਹਿਣ-ਸਹਿਣ ਅਤੇ ਸੁਰੱਖਿਆ ਆਦਿ ਲਈ ਦਸੰਬਰ 2021 ਵਿੱਚ ਪਾਕਿਸਤਾਨ ਹਿੰਦੂ ਮੰਦਰ ਪ੍ਰਬੰਧਕ ਕਮੇਟੀ ਬਣਾਈ ਗਈ ਸੀ। ਇਹ ਪ੍ਰਬੰਧ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਰਜ਼ ’ਤੇ ਈਟੀਪੀਬੀ ਦੇ ਅਧੀਨ ਕੀਤਾ ਗਿਆ। ਪਰ ਸਿਰਫ਼ ਕਮੇਟੀਆਂ ਬਣਾਉਣਾ ਕਾਫ਼ੀ ਨਹੀਂ। ਜਦ ਤੱਕ ਇਨ੍ਹਾਂ ਸੰਸਥਾਵਾਂ ਨੂੰ ਅਸਲ ਫ਼ੈਸਲਾ ਲੈਣ ਦੀ ਤਾਕਤ, ਪਾਰਦਰਸ਼ੀ ਵਿੱਤੀ ਪ੍ਰਬੰਧ ਅਤੇ ਆਪਣੀ ਵਿਰਾਸਤ ਦੀ ਰੱਖਿਆ ਲਈ ਪ੍ਰਭਾਵਸ਼ਾਲੀ ਅਧਿਕਾਰ ਨਹੀਂ ਮਿਲਦੇ, ਉਦੋਂ ਤੱਕ ਇਹ ਪ੍ਰਬੰਧ ਕਾਗ਼ਜ਼ੀ ਹੀ ਰਹਿਣ ਦਾ ਖ਼ਤਰਾ ਬਣਿਆ ਰਹੇਗਾ।

ਪਾਕਿਸਤਾਨ ਨੂੰ ਇਹ ਸਮਝਣਾ ਹੋਵੇਗਾ ਕਿ ਇੱਕ ਮੰਦਰ ਨੂੰ ਢਾਹੁਣਾ ਕੁਝ ਘੰਟਿਆਂ ਦਾ ਕੰਮ ਹੋ ਸਕਦਾ ਹੈ, ਪਰ ਉਸ ਮੰਦਰ ਨਾਲ ਜੁੜਿਆ ਧ੍ਰੋਹਰ ਤੇ ਇਤਿਹਾਸ ਸਦੀਆਂ ਵਿੱਚ ਬਣਦਾ ਹੈ। ਜੇਕਰ ਕਿਸੇ ਮੰਦਰ ਦੀ ਜਗ?ਹਾ ਮਦਰਸਾ, ਦੁਕਾਨ, ਮਕਾਨ ਜਾਂ ਕੋਈ ਹੋਰ ਇਮਾਰਤ ਖੜ੍ਹੀ ਕਰ ਦਿੱਤੀ ਜਾਵੇ ਤਾਂ ਨਵੀਂ ਇਮਾਰਤ ਭਾਵੇਂ ਕਿੰਨੀ ਵੀ ਸੁੰਦਰ ਹੋਵੇ, ਮਿਟ ਚੁੱਕਿਆ ਇਤਿਹਾਸ ਵਾਪਸ ਨਹੀਂ ਆਉਂਦਾ।

ਹਿੰਦੂ ਸਿੱਖਾਂ ਨੂੰ ਕਾਫ਼ਰ ਮੰਨਣ ਵਾਲੇ ਇਸਲਾਮਿਕ ਕੱਟੜਪੰਥੀਆਂ ਨੂੰ ਇਹ ਸਮਝਣਾ ਹੋਵੇਗਾ ਕਿ ਧਰਮ ਦੇ ਨਾਮ ’ਤੇ ਕਿਸੇ ਹੋਰ ਧਰਮ ਦੀ ਵਿਰਾਸਤ ਨੂੰ ਮਿਟਾਉਣਾ ਨਾ ਧਰਮ ਦੀ ਜਿੱਤ ਹੈ ਅਤੇ ਨਾ ਹੀ ਰਾਜ ਦੀ ਤਾਕਤ। ਅਸਲ ਤਾਕਤ ਇਹ ਹੈ ਕਿ ਬਹੁਗਿਣਤੀ ਸਮਾਜ ਆਪਣੇ ਨਾਲੋਂ ਕਮਜ਼ੋਰ ਸਮਝੇ ਜਾਂਦੇ ਭਾਈਚਾਰੇ ਦੇ ਹੱਕਾਂ ਦੀ ਵੀ ਉਸੇ ਤਰ੍ਹਾਂ ਰੱਖਿਆ ਕਰੇ, ਜਿਸ ਤਰ੍ਹਾਂ ਉਹ ਆਪਣੇ ਹੱਕਾਂ ਦੀ ਰੱਖਿਆ ਕਰਦਾ ਹੈ।

ਸਰਹੱਦਾਂ ਇਤਿਹਾਸ ਨੂੰ ਨਹੀਂ ਮਿਟਾ ਸਕਦੀਆਂ। ਪਾਕਿਸਤਾਨ ਵਿੱਚ ਮੌਜੂਦ ਗੁਰਦੁਆਰੇ, ਮੰਦਰ ਅਤੇ ਹੋਰ ਧਾਰਮਿਕ ਸਥਾਨ ਕਿਸੇ ‘ਦੁਸ਼ਮਣ ਦੀ ਜਾਇਦਾਦ’ ਨਹੀਂ, ਸਗੋਂ ਉਸ ਧਰਤੀ ਦੇ ਬਹੁ-ਸਭਿਆਚਾਰਕ ਇਤਿਹਾਸ ਦੀਆਂ ਸਦੀਵੀ ਨਿਸ਼ਾਨੀਆਂ ਹਨ। ਇਨ੍ਹਾਂ ਦੀ ਰੱਖਿਆ ਕਿਸੇ ਭਾਈਚਾਰੇ ’ਤੇ ਅਹਿਸਾਨ ਨਹੀਂ, ਸਗੋਂ ਪਾਕਿਸਤਾਨ ਦੀ ਆਪਣੀ ਇਤਿਹਾਸਕ ਵਿਰਾਸਤ ਦੀ ਰੱਖਿਆ ਹੈ। ਨਾਰੋਵਾਲ ਜ਼ਿਲ੍ਹੇ ਦੇ ਸਿਰਜਾ ਪਿੰਡ ਵਿੱਚ ਲਗਭਗ 1000 ਵਰਗ ਮੀਟਰ ਵਿੱਚ ਫੈਲਿਆ ਇਹ ਪੁਰਾਣਾ ਮੰਦਰ ਲਾਹੌਰ ਤੋਂ ਕਰੀਬ 130 ਕਿਲੋਮੀਟਰ ਦੂਰ ਹੈ। ਇਸ ਨਾਲ ਲੱਗਦੀ ਜ਼ਮੀਨ ਪਹਿਲਾਂ ਇੱਕ ਮਦਰਸੇ ਲਈ ਲੀਜ਼ ’ਤੇ ਦਿੱਤੀ ਗਈ ਸੀ। ਕਿਰਾਇਆ ਅਦਾ ਨਾ ਹੋਣ ਕਾਰਨ ਲੀਜ਼ ਰੱਦ ਕਰ ਦਿੱਤੀ ਗਈ, ਪਰ ਇਸ ਦੇ ਬਾਵਜੂਦ ਉੱਥੇ ਨਾਜਾਇਜ਼ ਕਬਜ਼ਾ ਬਣਿਆ ਰਿਹਾ। ਹੁਣ ਮਦਰਸੇ ਦੇ ਵਿਸਥਾਰ ਲਈ ਮੰਦਰ ਦੀ ਜ਼ਮੀਨ ਨੂੰ ਸ਼ਾਮਲ ਕਰਨ ਦੇ ਉਦੇਸ਼ ਨਾਲ ਪਾਬੰਦੀਸ਼ੁਦਾ ਕੱਟੜਪੰਥੀ ਇਸਲਾਮੀ ਸੰਗਠਨ ਨਾਲ ਜੁੜੇ ਕੁਝ ਲੋਕਾਂ ਵੱਲੋਂ ਮੰਦਰ ਨੂੰ ਜਾਣਬੁੱਝ ਕੇ ਢਾਹ ਦਿੱਤਾ ਗਿਆ। ਹਾਲਾਂਕਿ ਪਾਕਿਸਤਾਨ ਦੇ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਨਾਲ ਜੁੜੇ ਅਧਿਕਾਰੀਆਂ ਦਾ ਦਾਅਵਾ ਹੈ ਕਿ ਮੰਦਰ ਭਾਰੀ ਮੀਂਹ ਕਾਰਨ ਢਹਿ ਗਿਆ। ਸਵਾਲ ਇਹ ਹੈ ਕਿ ਜੇਕਰ ਮੰਦਰ ਕੁਦਰਤੀ ਕਾਰਨਾਂ ਕਰਕੇ ਢਹਿਆ ਹੈ ਤਾਂ ਇਸ ਦੀ ਸੁਤੰਤਰ ਤਕਨੀਕੀ ਜਾਂਚ ਕਰਵਾਉਣ ਵਿੱਚ ਕੀ ਹਿਚਕ ਹੈ? ਅਤੇ ਜੇਕਰ ਇਹ ਜਾਣਬੁੱਝ ਕੇ ਢਾਹਿਆ ਗਿਆ ਹੈ ਤਾਂ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕਿਉਂ ਨਾ ਹੋਵੇ?

ਦੋਵੇਂ ਹਾਲਾਤਾਂ ਵਿੱਚ ਪਾਕਿਸਤਾਨ ਸਰਕਾਰ ਨੂੰ ਮੰਦਰ ਦੀ ਮੁੜ ਉਸਾਰੀ, ਉਸ ਦੀ ਇਤਿਹਾਸਕ ਵਿਰਾਸਤ ਦੀ ਸੰਭਾਲ ਅਤੇ ਜ਼ਮੀਨ ਦੀ ਕਾਨੂੰਨੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ। ਇਸ ਦੇ ਨਾਲ ਮੰਦਰ ਦੀ ਜ਼ਮੀਨ ਦੀ ਮਾਲਕੀ, ਲੀਜ਼, ਕਬਜ਼ੇ ਅਤੇ ਰਿਕਾਰਡ ਨੂੰ ਜਨਤਕ ਕੀਤਾ ਜਾਵੇ। ਈਟੀਪੀਬੀ ਦੀਆਂ ਘੱਟਗਿਣਤੀ ਧਾਰਮਿਕ ਜਾਇਦਾਦਾਂ ਦਾ ਸੁਤੰਤਰ ਆਡਿਟ ਕਰਵਾ ਕੇ ਨਾਜਾਇਜ਼ ਕਬਜ਼ਿਆਂ ਦੀ ਨਿਸ਼ਾਨਦੇਹੀ ਅਤੇ ਉਨ੍ਹਾਂ ਨੂੰ ਹਟਾਉਣ ਦੀ ਕਾਰਵਾਈ ਕੀਤੀ ਜਾਵੇ। ਇਤਿਹਾਸਕ ਮੰਦਰਾਂ ਅਤੇ ਗੁਰਦੁਆਰਿਆਂ ਦੀ ਵਿਗਿਆਨਕ ਸੰਭਾਲ ਲਈ ਵਿਸ਼ੇਸ਼ ਵਿਰਾਸਤੀ ਪ੍ਰਬੰਧ ਵੀ ਲਾਜ਼ਮੀ ਹੈ। ਕਿਉਂਕਿ ਹਿੰਦੂ ਮੰਦਰਾਂ ਨੂੰ ਬਚਾਉਣਾ ਸਿਰਫ਼ ਹਿੰਦੂ ਆਸਥਾ ਨੂੰ ਬਚਾਉਣਾ ਨਹੀਂ; ਇਹ ਇਤਿਹਾਸ ਨੂੰ ਬਚਾਉਣਾ ਹੈ, ਵਿਰਾਸਤ ਨੂੰ ਬਚਾਉਣਾ ਹੈ ਅਤੇ ਸਭ ਤੋਂ ਵੱਧ ਇਨਸਾਨੀਅਤ ਨੂੰ ਬਚਾਉਣਾ ਹੈ। ਇਕ ਆਖ਼ਰੀ ਗਲ, ਪਾਕਿਸਤਾਨ ’ਚ ਇਸਲਾਮ ਖ਼?ਲਾਫ਼ ਈਸ਼ਨਿੰਦਾ ਲਈ ਤਾਂ ਮੌਤ ਦੀ ਸਜ਼ਾ ਮੁਕੱਰਰ ਹੈ ਪਰ ਗੈਰ ਇਸਲਾਮ ਜਾਂ ਮੰਦਰਾਂ ਦੇ ਹਮਲਾਵਰਾਂ ਖ਼?ਲਾਫ਼ ਕਾਨੂੰਨ ਦੀ ਅਣਹੋਂਦ ਕਾਰਨ ਕੋਈ ਠੋਸ ਕਾਰਵਾਈ ਨਹੀਂ ਹੁੰਦੀ। ਪਾਕਿਸਤਾਨ ਦੇ ਸਿਆਸੀ ਅਤੇ ਧਾਰਮਿਕ ਆਗੂਆਂ ਵੱਲੋਂ ਹਿੰਦੂ ਸਮਾਜ ਪ੍ਰਤੀ ਜ਼ਹਿਰ ਉਗਲਨ ਨਾਲ ਘੱਟਗਿਣਤੀ ਭਾਈਚਾਰਾ ਜਾਨ ਮਾਲ ਦੀ ਰਾਖੀ ਲਈ ਸੁਰੱਖਿਅਤ ?ਠਿਕਾਣੇ ਦੀ ਹਮੇਸ਼ਾ ਭਾਲ ’ਚ ਰਹਿੰਦੇ ਹਨ। ਉਹ ਭਾਰਤ ’ਚ ਸ਼ਰਨਾਰਥੀ ਬਣ ਕੇ ਜੀਵਨ ਬਸਰ ਕਰਨਾ ਲੋਚਦੇ ਹਨ। ਡਰ ਤੇ ਸਹਿਮ ਦੇ ਸਾਏ ਹੇਠ ਜੀਅ ਰਹੇ ਹਿੰਦੂ - ਸਿੱਖ ਸਮਾਜ ਨੂੰ ਖਦੇੜਨ ਅਤੇ ਉਨ੍ਹਾਂ ਦੇ ਅਸਤਿਤਵ ਮਿਟਾਉਣ ਲਈ ਧਰਮ ਅਸਥਾਨਾਂ ’ਤੇ ਬੇ ਲਗਾਮ ਹੋ ਕੇ ਹਮਲੇ ਕਰਨ ਵਾਲੇ ਕੱਟੜਪੰਥੀ ਦੀ ਪੁਸ਼ਤ ਪਨਾਹੀ ਹਕੂਮਤ ਵੱਲੋਂ ਕੀਤੀ ਜਾ ਰਹੀ ਹੈ, ਕੀ ਇਹ ਹੀ ਨਵਾਂ ਪਾਕਿਸਤਾਨ ਹੈ? ਇਸ ਦਾ ਜਵਾਬ ਪਾਕਿਸਤਾਨ ਨੂੰ ਜ਼ਰੂਰ ਦੇਣਾ ਚਾਹੀਦਾ ਹੈ।



ਪ੍ਰੋ. ਸਰਚਾਂਦ ਸਿੰਘ ਖਿਆਲਾ
ਮੋਬਾ. 9781355522

# ਪੰਜਾਬ ਦੀ ਅਰਥਵਿਵਸਥਾ: ਸੰਕਟ, ਸੰਭਾਵਨਾਵਾਂ ਅਤੇ ਹੱਲ

ਜ਼ਿਕਰ ਪੰਜਾਬ

ਪੰਜਾਬ ਨੂੰ ਕਦੇ ਦੇਸ਼ ਦਾ ਅੰਨਦਾਤਾ ਹੀ ਨਹੀਂ, ਸਗੋਂ ਤੇਜ਼ੀ ਨਾਲ ਤਰੱਕੀ ਕਰਨ ਵਾਲੇ ਸੂਬਿਆਂ ਵਿੱਚ ਗਿਣਿਆ ਜਾਂਦਾ ਸੀ। ਹਰਿਤ ਕ੍ਰਾਂਤੀ ਨੇ ਪੰਜਾਬ ਦੀ ਖੇਤੀ ਨੂੰ ਨਵੀਂ ਦਿਸ਼ਾ ਦਿੱਤੀ ਅਤੇ ਦੇਸ਼ ਦੀ ਅਨਾਜ ਸੁਰੱਖਿਆ ਵਿੱਚ ਇਸ ਸੂਬੇ ਨੇ ਇਤਿਹਾਸਕ ਯੋਗਦਾਨ ਪਾਇਆ। ਪਰ ਅੱਜ ਪੰਜਾਬ ਦੀ ਅਰਥਵਿਵਸਥਾ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਪੁਰਾਣੇ ਆਰਥਿਕ ਮਾਡਲ ਦੀਆਂ ਸੀਮਾਵਾਂ ਸਪੱਸ਼ਟ ਹੋ ਰਹੀਆਂ ਹਨ। ਵਧਦਾ ਕਰਜ਼ਾ, ਖੇਤੀ ਉੱਤੇ ਅਤਿ-ਨਿਰਭਰਤਾ, ਉਦਯੋਗਿਕ ਵਿਕਾਸ ਦੀ ਮੰਦੀ ਰਫ਼ਤਾਰ, ਬੇਰੁਜ਼ਗਾਰੀ ਅਤੇ ਨੌਜਵਾਨਾਂ ਦਾ ਵਿਦੇਸ਼ਾਂ ਵੱਲ ਵਧਦਾ ਰੁਝਾਨ—ਇਹ ਸਾਰੇ ਮਸਲੇ ਆਪਸ ਵਿੱਚ ਜੁੜੇ ਹੋਏ ਹਨ। ਪੰਜਾਬ ਦੀ ਸਭ ਤੋਂ ਵੱਡੀ ਆਰਥਿਕ ਸਮੱਸਿਆ ਇਹ ਹੈ ਕਿ ਸੂਬੇ ਦੀ ਆਮਦਨ ਵਧਾਉਣ ਦੇ ਸਰੋਤ ਸੀਮਤ ਹਨ, ਜਦਕਿ ਖ਼ਰਚਿਆਂ ਦਾ ਦਾਇਰਾ ਲਗਾਤਾਰ ਵਧ ਰਿਹਾ ਹੈ। ਸਰਕਾਰੀ ਕਰਜ਼ੇ ਅਤੇ ਵਿਆਜ ਦੀਆਂ ਜ਼ਿੰਮੇਵਾਰੀਆਂ ਵਿਕਾਸ ਕਾਰਜਾਂ ਲਈ ਉਪਲਬਧ ਵਿੱਤੀ ਗੁੰਜਾਇਸ਼ ਨੂੰ ਪ੍ਰਭਾਵਿਤ ਕਰਦੀਆਂ ਹਨ। ਕਰਜ਼ਾ ਆਪਣੇ ਆਪ ਵਿੱਚ ਬੁਰਾ ਨਹੀਂ ਹੁੰਦਾ; ਜੇਕਰ ਇਸ ਦੀ ਵਰਤੋਂ ਉਤਪਾਦਕ ਨਿਵੇਸ਼—ਜਿਵੇਂ ਉਦਯੋਗ, ਸਿੰਚਾਈ, ਸਿੱਖਿਆ, ਹੁਨਰ ਵਿਕਾਸ ਅਤੇ ਬੁਨਿਆਦੀ ਢਾਂਚੇ—ਲਈ ਹੋਵੇ ਤਾਂ ਇਹ ਭਵਿੱਖ ਦੀ ਆਮਦਨ ਵਧਾ ਸਕਦਾ ਹੈ। ਸਮੱਸਿਆ ਉਦੋਂ ਪੈਦਾ ਹੁੰਦੀ ਹੈ ਜਦੋਂ ਕਰਜ਼ਾ ਮੁੱਖ ਤੌਰ 'ਤੇ ਰੋਜ਼ਮਰ੍ਹਾ ਦੇ ਖ਼ਰਚੇ ਪੂਰੇ ਕਰਨ ਲਈ ਵਰਤਿਆ ਜਾਣ ਲੱਗੇ। ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦੀ




ਰੀੜ੍ਹ ਦੀ ਹੱਡੀ ਰਹੀ ਹੈ, ਪਰ ਅੱਜ ਖੇਤੀ ਵੀ ਗੰਭੀਰ ਚੁਣੌਤੀਆਂ ਨਾਲ ਘਿਰੀ ਹੋਈ ਹੈ। ਕਣਕ-ਝੋਨੇ ਦੇ ਚੱਕਰ ਨੇ ਮਿੱਟੀ ਅਤੇ ਪਾਣੀ ਦੇ ਸਰੋਤਾਂ ਉੱਤੇ ਭਾਰੀ ਦਬਾਅ ਪਾਇਆ ਹੈ। ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਲਾਗਤ ਵਧ ਰਹੀ ਹੈ, ਜਦਕਿ ਆਮਦਨ ਵਿੱਚ ਉਸ ਅਨੁਪਾਤ ਨਾਲ ਵਾਧਾ ਨਹੀਂ ਹੋ ਰਿਹਾ। ਇਸ ਲਈ ਖੇਤੀ ਵਿਭਿੰਨਤਾ ਹੁਣ ਕੇਵਲ ਨਾਅਰਾ ਨਹੀਂ, ਸਗੋਂ ਪੰਜਾਬ ਦੀ ਆਰਥਿਕ ਲੋੜ ਬਣ ਚੁੱਕੀ ਹੈ।

ਫਲ, ਸਬਜ਼ੀਆਂ, ਦਾਲਾਂ, ਤੇਲ ਬੀਜ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਪ੍ਰੋਸੈਸਿੰਗ ਵਰਗੇ ਖੇਤਰਾਂ ਨੂੰ ਬਾਜ਼ਾਰ, ਤਕਨਾਲੋਜੀ ਅਤੇ ਭਰੋਸੇਯੋਗ ਕੀਮਤਾਂ ਨਾਲ ਜੋੜਨਾ ਹੋਵੇਗਾ। ਦੂਜੀ ਵੱਡੀ ਚੁਣੌਤੀ ਉਦਯੋਗਿਕ ਵਿਕਾਸ ਦੀ ਹੈ। ਪੰਜਾਬ ਵਿੱਚ ਛੋਟੇ ਅਤੇ ਦਰਮਿਆਨੇ ਉਦਯੋਗਾਂ ਦੀ ਮਜ਼ਬੂਤ ਪਰੰਪਰਾ ਹੈ, ਪਰ ਬੁਨਿਆਦੀ ਢਾਂਚੇ, ਨਿਵੇਸ਼, ਹੁਨਰਮੰਦ ਮਨੁੱਖੀ ਸ਼ਕਤੀ, ਲਾਜਿਸਟਿਕਸ ਅਤੇ ਨੀਤੀਗਤ ਸਥਿਰਤਾ ਨਾਲ ਜੁੜੀਆਂ ਸਮੱਸਿਆਵਾਂ ਉਦਯੋਗ ਦੇ ਵਿਸਥਾਰ ਵਿੱਚ ਰੁਕਾਵਟ ਬਣਦੀਆਂ ਹਨ। ਸੂਬੇ ਨੂੰ ਸਿਰਫ਼ ਵੱਡੇ ਉਦਯੋਗਾਂ ਦੀ ਉਡੀਕ ਕਰਨ ਦੀ ਬਜਾਏ ਐਮਐੱਸਐਮਈ ਖੇਤਰ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਲੁਧਿਆਣਾ ਦਾ ਸਾਈਕਲ ਅਤੇ ਹੌਜ਼ਰੀ ਉਦਯੋਗ, ਜਲੰਧਰ ਦਾ ਖੇਡਾਂ ਦਾ ਸਾਮਾਨ ਅਤੇ ਹੋਰ ਸਥਾਨਕ ਉਦਯੋਗ ਇਸ ਗੱਲ ਦਾ ਸਬੂਤ ਹਨ ਕਿ ਪੰਜਾਬ ਕੋਲ ਉਦਯੋਗਿਕ ਸਮਰੱਥਾ ਦੀ ਕਮੀ ਨਹੀਂ; ਲੋੜ ਇਸ ਸਮਰੱਥਾ ਨੂੰ ਆਧੁਨਿਕ ਤਕਨਾਲੋਜੀ ਅਤੇ ਵਿਸ਼ਵ ਬਾਜ਼ਾਰ ਨਾਲ ਜੋੜਨ ਦੀ ਹੈ। ਨੌਜਵਾਨਾਂ ਦਾ ਵਿਦੇਸ਼ਾਂ ਵੱਲ ਜਾਣਾ ਵੀ ਪੰਜਾਬ ਦੀ ਆਰਥਿਕ ਸਿਹਤ ਦਾ ਇੱਕ ਮਹੱਤਵਪੂਰਨ ਸੰਕੇਤ ਹੈ। ਜਦੋਂ ਇੱਕ ਪੜ੍ਹਿਆ-ਲਿਖਿਆ ਨੌਜਵਾਨ ਆਪਣੇ ਹੀ ਸੂਬੇ ਵਿੱਚ ਯੋਗ ਰੁਜ਼ਗਾਰ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਨਹੀਂ ਵੇਖਦਾ ਤਾਂ ਉਸ ਦਾ ਪਰਵਾਸ ਕਰਨਾ ਸਿਰਫ਼ ਵਿਅਕਤੀਗਤ ਫ਼ੈਸਲਾ ਨਹੀਂ ਰਹਿੰਦਾ; ਇਹ ਸੂਬੇ ਦੀ ਮਨੁੱਖੀ ਪੂੰਜੀ ਦੇ ਨੁਕਸਾਨ ਦਾ ਕਾਰਨ ਬਣਦਾ ਹੈ। ਇਸ ਲਈ ਸਰਕਾਰ ਨੂੰ ਸਰਕਾਰੀ ਨੌਕਰੀਆਂ ਦੀ ਗਿਣਤੀ ਵਧਾਉਣ ਤੋਂ ਅੱਗੇ ਸੋਚਣਾ ਪਵੇਗਾ। ਨਿੱਜੀ ਖੇਤਰ, ਸਟਾਰਟਅੱਪ, ਹੁਨਰ ਵਿਕਾਸ, ਉਦਯਮਤਾ ਅਤੇ ਸਥਾਨਕ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨੇ ਹੋਣਗੇ। ਪੰਜਾਬ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਲਈ ਸਿੱਖਿਆ ਨੂੰ ਵੀ ਆਰਥਿਕ ਨੀਤੀ ਦਾ ਕੇਂਦਰ ਬਣਾਉਣਾ ਪਵੇਗਾ। ਸਿਰਫ਼ ਡਿਗਰੀਆਂ ਦੇਣ ਵਾਲੀ ਸਿੱਖਿਆ ਦੀ ਬਜਾਏ ਉਦਯੋਗ ਦੀਆਂ ਲੋੜਾਂ ਅਨੁਸਾਰ ਹੁਨਰ, ਤਕਨੀਕੀ ਸਿੱਖਿਆ, ਡਿਜੀਟਲ ਸਮਰੱਥਾ ਅਤੇ 19 ਵਰਗੀਆਂ ਨਵੀਆਂ ਤਕਨਾਲੋਜੀਆਂ ਨਾਲ ਜੁੜੀ ਸਿਖਲਾਈ ਦੀ ਲੋੜ ਹੈ। ਯੂਨੀਵਰਸਿਟੀਆਂ, ਉਦਯੋਗ ਅਤੇ ਸਰਕਾਰ ਵਿਚਕਾਰ ਮਜ਼ਬੂਤ ਤਾਲਮੇਲ ਬਣੇ ਤਾਂ ਪੰਜਾਬ ਗਿਆਨ-ਆਧਾਰਿਤ ਅਰਥਵਿਵਸਥਾ ਵੱਲ ਵਧ ਸਕਦਾ ਹੈ। ਇਸ ਦੇ ਨਾਲ ਹੀ ਪੰਜਾਬ ਨੂੰ ਆਪਣੀ ਆਰਥਿਕ ਨੀਤੀ ਨੂੰ ਸਿਆਸੀ ਐਲਾਨਾਂ ਤੋਂ ਉੱਪਰ ਚੁੱਕ ਕੇ ਲੰਬੇ ਸਮੇਂ ਦੀ ਰਣਨੀਤੀ ਵਿੱਚ ਬਦਲਣ ਦੀ ਲੋੜ ਹੈ। ਸਰਕਾਰ ਕੋਈ ਵੀ ਹੋਵੇ, ਖੇਤੀ ਸੁਧਾਰ, ਉਦਯੋਗਿਕ ਵਿਕਾਸ, ਪਾਣੀ ਦੀ ਸੰਭਾਲ, ਸਿੱਖਿਆ, ਸਿਹਤ, ਹੁਨਰ ਵਿਕਾਸ ਅਤੇ ਵਿੱਤੀ ਅਨੁਸ਼ਾਸਨ ਵਰਗੇ ਮਸਲਿਆਂ 'ਤੇ ਘੱਟੋ-ਘੱਟ ਇੱਕ ਸਾਂਝਾ ਆਰਥਿਕ ਏਜੰਡਾ ਹੋਣਾ ਚਾਹੀਦਾ ਹੈ। ਹਰ ਪੰਜ ਸਾਲ ਬਾਅਦ ਨੀਤੀਆਂ ਬਦਲਣ ਦੀ ਬਜਾਏ 10-15 ਸਾਲਾਂ ਦਾ ਸਪੱਸ਼ਟ ਰੋਡਮੈਪ ਬਣਾਇਆ ਜਾਣਾ ਚਾਹੀਦਾ ਹੈ। ਪੰਜਾਬ ਕੋਲ ਸੰਕਟਾਂ ਦੇ ਨਾਲ-ਨਾਲ ਅਸਾਧਾਰਨ ਸੰਭਾਵਨਾਵਾਂ ਵੀ ਹਨ। ਖੇਤੀ-ਆਧਾਰਿਤ ਉਦਯੋਗ, ਫੂਡ ਪ੍ਰੋਸੈਸਿੰਗ, ਨਵਿਆਉਣਯੋਗ ਊਰਜਾ, ਖੇਡਾਂ ਦਾ ਸਾਮਾਨ, ਲਾਜਿਸਟਿਕਸ, ਸੈਰ-ਸਪਾਟਾ, 9", ਸਿਹਤ ਸੇਵਾਵਾਂ ਅਤੇ ਗਿਆਨ-ਆਧਾਰਿਤ ਉਦਯੋਗ ਪੰਜਾਬ ਦੀ ਆਰਥਿਕਤਾ ਨੂੰ ਨਵੀਂ ਦਿਸ਼ਾ ਦੇ ਸਕਦੇ ਹਨ। ਪਰ ਇਸ ਲਈ ਸਿਆਸੀ ਇੱਛਾ-ਸ਼ਕਤੀ, ਨੀਤੀਗਤ ਸਥਿਰਤਾ, ਪਾਰਦਰਸ਼ਤਾ ਅਤੇ ਲੰਬੀ ਸੋਚ ਲਾਜ਼ਮੀ ਹੈ। ਪੰਜਾਬ ਦੀ ਅਰਥਵਿਵਸਥਾ ਦਾ ਸੰਕਟ ਕਿਸੇ ਇੱਕ ਸਰਕਾਰ ਜਾਂ ਇੱਕ ਖੇਤਰ ਦੀ ਦੇਣ ਨਹੀਂ। ਇਹ ਕਈ ਦਹਾਕਿਆਂ ਵਿੱਚ ਬਣੀਆਂ ਆਰਥਿਕ ਨੀਤੀਆਂ, ਬਦਲਦੀਆਂ ਲੋੜਾਂ ਅਤੇ ਢਾਂਚਾਗਤ ਕਮਜ਼ੋਰੀਆਂ ਦਾ ਨਤੀਜਾ ਹੈ। ਇਸ ਲਈ ਇਸ ਦਾ ਹੱਲ ਵੀ ਕਿਸੇ ਇੱਕ ਐਲਾਨ ਨਾਲ ਨਹੀਂ ਨਿਕਲ ਸਕਦਾ। ਪੰਜਾਬ ਨੂੰ ਖ਼ਰਚੇ ਤੋਂ ਨਿਵੇਸ਼ ਵੱਲ, ਰਵਾਇਤੀ ਖੇਤੀ ਤੋਂ ਵਿਭਿੰਨ ਖੇਤੀ ਵੱਲ, ਬੇਰੁਜ਼ਗਾਰੀ ਤੋਂ ਉਦਯਮਤਾ ਵੱਲ ਅਤੇ ਪਰਵਾਸ ਤੋਂ ਸਥਾਨਕ ਮੌਕਿਆਂ ਵੱਲ ਆਪਣੀ ਆਰਥਿਕ ਦਿਸ਼ਾ ਮੋੜਨੀ ਪਵੇਗੀ। ਅਸਲ ਚੁਣੌਤੀ ਇਹ ਨਹੀਂ ਕਿ ਪੰਜਾਬ ਕੋਲ ਸਰੋਤ ਹਨ ਜਾਂ ਨਹੀਂ। ਚੁਣੌਤੀ ਇਹ ਹੈ ਕਿ ਉਨ੍ਹਾਂ ਸਰੋਤਾਂ ਨੂੰ ਕਿੰਨੀ ਸਿਆਣਪ, ਇਮਾਨਦਾਰੀ ਅਤੇ ਦੂਰਅੰਦੇਸ਼ੀ ਨਾਲ ਵਰਤਿਆ ਜਾਂਦਾ ਹੈ। ਜੇਕਰ ਪੰਜਾਬ ਮਨੁੱਖੀ ਪੂੰਜੀ, ਖੇਤੀ, ਉਦਯੋਗ ਅਤੇ ਗਿਆਨ ਨੂੰ ਇੱਕ ਸਾਂਝੀ ਆਰਥਿਕ ਰਣਨੀਤੀ ਵਿੱਚ ਜੋੜ ਸਕੇ ਤਾਂ ਮੌਜੂਦਾ ਸੰਕਟ ਹੀ ਨਵੇਂ ਆਰਥਿਕ ਪੁਨਰਜਾਗਰਣ ਦਾ ਆਧਾਰ ਬਣ ਸਕਦਾ ਹੈ।



**ਬਲਕਰਨ ਸਿੰਘ ਢਿੱਲੋਂ**
**ਮੋਬਾ. 9501805812**

## ਨੇਪਾਲ ਤਬਾਹੀ ਤੋਂ ਬਾਅਦ ਨਵਾਂ ਖਤਰਾ:

# ਹੁਣ ਕਈ ਵੱਡੇ ਸ਼ਹਿਰ ਜਲ ਸਮਾਧੀ ਲੈ ਸਕਦੇ ਹਨ



ਜ਼ਿਕਰ ਪੰਜਾਬ

ਨੇਪਾਲ ਵਿੱਚ ਆਈ ਤਬਾਹੀ ਨੇ ਮਨੁੱਖਤਾ ਦੇ ਸਾਹਮਣੇ ਕਈ ਵੱਡੇ ਸਵਾਲ ਖੜੇ ਕਰ ਦਿੱਤੇ ਹਨ। ਜੇ ਇਹਨਾਂ ਨੂੰ ਗਹਿਰਾਈ ਨਾਲ ਸੋਚਿਆ ਜਾਵੇ ਤਾਂ, ਇਹ ਮੰਨਿਆ ਜਾ ਰਿਹਾ ਹੈ ਕਿ ਅਜਿਹਾ ਵਾਤਾਵਰਨ, ਜਿਸ ਕਾਰਨ ਨੇਪਾਲ ਵਿੱਚ ਵੱਡੇ ਪੱਧਰ ਤੇ ਤਬਾਹੀ ਮੱਚੀ ਹੈ, ਮਨੁੱਖਤਾ ਨੂੰ ਭਵਿੱਖ ਵਿੱਚ ਤਬਾਹ ਕਰ ਸਕਦਾ ਹੈ। ਨੇਪਾਲ ਵਿੱਚ ਆਈ ਤਬਾਹੀ ਦੀ ਮੁੱਖ ਵਜਾਹ ਗਲੇਸ਼ੀਅਰਾਂ ਦਾ ਟੁੱਟ ਕੇ ਡਿੱਗਣਾ ਮੰਨਿਆ ਜਾ ਰਿਹਾ ਹੈ। ਜੇ ਇਹ ਸਹੀ ਹੈ ਤਾਂ ਇਹ ਮਨੁੱਖਤਾ ਲਈ ਖਤਰੇ ਦੀ ਘੰਟੀ ਹੈ। ਗਲੇਸ਼ੀਆਰਾਂ ਦੇ ਪਿਘਲਣ ਦਾ ਮੁੱਖ ਕਾਰਨ ਵਾਤਾਵਰਨ ਦੀ ਗਰਮੀ ਹੀ ਹੈ। ਇਸ ਗਰਮੀ ਨੂੰ ਵਿਗਿਆਨ ਦੀ ਭਾਸ਼ਾ ਵਿੱਚ ਗਲੋਬਲ ਵਾਰਮਿੰਗ ਆਖਿਆ ਜਾਂਦਾ ਹੈ। ਪਰਿਭਾਸ਼ਾ ਅਨੁਸਾਰ ਗਲੋਬਲ ਵਾਰਮਿੰਗ ਦਾ ਮਤਲਬ ਵਿਸ਼ਵ ਦੇ ਔਸਤ ਤਾਪਮਾਨ ਦਾ ਹੌਲੀ ਹੌਲੀ ਵਧਣਾ ਹੈ। ਨੇਪਾਲ ਵਿੱਚ ਵੀ ਇਹੀ ਹੋਇਆ ਜਾਪਦਾ ਹੈ। ਇਸੇ ਗਲੋਬਲ ਵਾਰਮਿੰਗ ਦੇ ਕਾਰਨ ਗਲੇਸ਼ੀਅਰਾਂ ਵਿੱਚ ਜੰਮੀ ਲੱਖਾਂ ਕਰੋੜਾਂ ਟਨ ਬਰਫ਼ ਤਾਪਮਾਨ ਦੇ ਵਾਧੇ ਦੇ ਕਾਰਨ ਪਿਘਲਣ ਲੱਗ ਗਈ ਅਤੇ ਉਸ ਦੇ ਪਿਘਲਣ ਕਾਰਨ ਬਰਫ਼ ਦੀ ਉੱਪਰਲੀ ਸਤਾ ਦੀ ਪਕੜ ਕਮਜ਼ੋਰ ਹੋ ਜਾਣ ਕਾਰਨ ਗਲੇਸ਼ੀਅਰ ਦਾ ਵੱਡਾ ਹਿੱਸਾ ਟੁੱਟ ਕੇ ਹੇਠਾਂ ਆ ਡਿੱਗਿਆ ਤੇ ਉਸ ਨੇ ਸਾਰਾ ਕੁਝ ਤਹਿਸ ਨਹਿਸ ਕਰ ਦਿੱਤਾ। ਇਹ ਵਰਤਾਰਾ ਸਿਰਫ਼ ਨੇਪਾਲ ਵਿੱਚ ਹੀ ਨਹੀਂ ਦੁਨੀਆਂ ਭਰ ਵਿੱਚ ਹੋ ਰਿਹਾ ਹੈ। ਅਸਲ ਵਿੱਚ ਦੁਨੀਆਂ ਦੇ ਦੋ ਧਰੁਵ ਮੰਨੇ ਜਾਂਦੇ ਹਨ ਉੱਤਰੀ ਤੇ ਦੱਖਣੀ ਧਰੁਵ। ਪਰ ਦੱਖਣੀ ਏਸ਼ੀਆ ਵਿੱਚ ਦੁਨੀਆਂ ਦੇ ਵੱਡੇ ਗਲੇਸ਼ੀਅਰ ਹੋਣ ਕਾਰਨ ਇਸ ਨੂੰ ਤੀਜਾ ਧਰੁਵ ਵੀ ਕਿਹਾ ਜਾਂਦਾ ਹੈ। ਪਿਛਲੇ ਕੁਝ ਸਾਲਾਂ ਤੋਂ ਗਲੋਬਲ ਵਾਰਮਿੰਗ ਵਧਣ ਦੇ ਕਾਰਨ ਗਲੇਸ਼ਰਾਂ ਦੇ ਪਿਘਲਨ ਦੀ ਦਰ ਤੇਜ਼ ਹੋ ਗਈ ਹੈ। ਜਿਸ ਕਾਰਨ ਵੱਡੀ ਗਿਣਤੀ ਵਿੱਚ ਪਾਣੀ ਦਰਿਆਵਾਂ ਵਿੱਚ ਆ ਰਿਹਾ ਹੈ। ਦਰਿਆਵਾਂ ਵਿੱਚ ਪਾਣੀ ਦਾ ਲੈਵਲ ਵਧਣ ਦੇ ਕਾਰਨ ਅਸੀਂ ਪਿਛਲੇ ਕੁਝ ਸਮੇਂ ਤੋਂ ਵੱਖ ਵੱਖ ਥਾਵਾਂ ਤੇ ਹੜ ਆਉਣ ਬਾਰੇ ਵੀ ਖਬਰਾਂ ਸੁਣਦੇ ਰਹਿੰਦੇ ਹਾਂ। ਅਸਲ ਵਿੱਚ ਪਾਣੀ ਦੇ ਇਸ ਵਧੇ ਲੈਵਲ ਨੇ ਅਖੀਰ ਵਿੱਚ ਆਪਣੇ ਟੀਚੇ ਸਮੁੰਦਰ ਵਿੱਚ ਪਹੁੰਚ ਜਾਣਾ ਹੁੰਦਾ ਹੈ। ਪਰ ਇਹ ਉੱਥੇ ਪਹੁੰਚਣ ਤੋਂ ਪਹਿਲਾਂ ਬਹੁਤ ਸਾਰੀ ਤਬਾਹੀ ਮਚਾਉਂਦਾ ਜਾਂਦਾ ਹੈ ਜਿਹੜੀ ਕਿ ਪਿਛਲੇ ਸਾਲਾਂ ਵਿੱਚ ਅਸੀਂ ਦੇਖਦੇ ਵੀ ਆਏ ਹਾਂ। ਇਸ ਤੋਂ ਇੱਕ ਗੱਲ ਤਾਂ ਸਪਸ਼ਟ ਹੁੰਦੀ ਹੈ ਕਿ ਆਉਣ ਵਾਲੇ ਸਮੇਂ ਵਿੱਚ ਸਮੁੰਦਰਾਂ ਦੇ ਪਾਣੀ ਵਿੱਚ ਵਾਧਾ ਹੋ ਜਾਵੇਗਾ ਇਹ ਪਾਣੀ ਗਲੇਸ਼ੀਰਾਂ ਤੋਂ ਪਿਘਲ ਕੇ ਸਮੁੰਦਰਾਂ ਵਿੱਚ ਜਾ ਮਿਲੇਗਾ ਸਮੁੰਦਰੀ ਲੈਵਲ ਉੱਚਾ ਹੋ ਜਾਣ ਕਾਰਨ ਬਹੁਤ ਸਾਰੇ ਸਮੁੰਦਰੀ ਕੰਢੇ ਵਾਲੇ ਸ਼ਹਿਰ ਡੁੱਬ ਸਕਣ ਦਾ ਖਤਰਾ ਹੈ। ਭਾਰਤ ਦੇ ਦੋ ਸ਼ਹਿਰ ਮੁੰਬਈ ਅਤੇ ਕਲਕੱਤਾ ਇਸ ਮਾਰ ਹੇਠ ਹਨ।

ਗਵਾਂਡ ਵਿਚਲੇ ਬੰਗਲਾਦੇਸ਼ ਦਾ ਢਾਕਾ ਸ਼ਹਿਰ ਵੀ ਇਸ ਦੀ ਮਾਰ ਹੇਠ ਹੈ। ਪੈਸੀਫਿਕ ਆਈਲੈਂਡ ਫੋਰਮ ਲੀਡਰਸ ਦੀ 55ਵੀਂ ਬੈਠਕ ਵਿੱਚ ਸੈਕਟਰੀ ਜਨਰਲ ਅਮੀਨਾ ਮੁਹੰਮਦ ਨੇ ਜੋ ਰਿਪੋਰਟ ਪੇਸ਼ ਕੀਤੀ ਹੈ ਉਸ ਦੇ ਮੁਤਾਬਕ 2024 ਵਿੱਚ ਸਮੁੰਦਰ ਦੇ ਪਾਣੀ ਦੇ ਲੈਵਲ ਵਿੱਚ ਸਲਾਨਾ ਵਾਧਾ ਹੁਣ ਤੱਕ ਦਾ ਸਭ ਤੋਂ ਵੱਧ ਹੈ। ਇਹ ਛੇ ਮਿਲੀਮੀਟਰ ਦਰਜ ਕੀਤਾ ਗਿਆ ਹੈ। ਵੈਸੇ ਹਰ ਸਾਲ ਦਾ ਔਸਤ ਵਾਧਾ 4.7 ਮਿਲੀਮੀਟਰ ਪਿਛਲੇ ਦਹਾਕੇ ਵਿੱਚ ਦਰਜ ਕੀਤਾ ਗਿਆ ਸੀ। ਇਹ ਸਥਿਤੀ ਸਾਨੂੰ ਡਰਾਉਂਦੀ ਵੀ ਹੈ ਤੇ ਸਤਰਕ ਵੀ ਕਰਦੀ ਹੈ। ਜੇ ਇਸੇ ਦਰ ਦੇ ਨਾਲ ਗਲੇਸ਼ੀਅਰ ਪਿਘਲਦੇ ਰਹੇ, ਗਲੋਬਲ ਵਾਰਮਿੰਗ ਹੁੰਦੀ ਰਹੀ, ਪਾਣੀ ਦਾ ਲੈਵਲ ਵਾਧਾ ਰਿਹਾ ਤੇ ਸਮੁੰਦਰ ਉੱਚਾ ਹੁੰਦਾ ਰਿਹਾ ਤਾਂ ਨੇੜਲੇ ਭਵਿੱਖ ਵਿੱਚ ਸਮੁੰਦਰੀ ਕੰਢੇ ਵਾਲੇ ਬਹੁਤ ਸਾਰੇ ਸ਼ਹਿਰ ਜਲ ਮਗਨ ਹੋ ਜਾਣਗੇ। ਬਹੁਤ ਸਾਰੀਆਂ ਸ਼ਹਿਰੀ ਸਭਿਅਤਾਵਾਂ ਜਿਹੜੀਆਂ ਸਮੁੰਦਰੀ ਕੰਢੇ ਦੇ ਉੱਤੇ ਬਸੀਆਂ ਹੋਈਆਂ ਹਨ ਉਹ ਜਲ ਸਮਾਧੀ ਲੈ ਸਕਦੀਆਂ ਹਨ। ਇਸ ਲਈ ਅਜਿਹੀ ਡਰਾਉਣੀ ਸਥਿਤੀ ਤੋਂ ਬਚਣ ਦੇ ਲਈ ਸਾਨੂੰ ਵਾਤਾਵਰਨ ਦੀ ਸ਼ੁੱਧਤਾ ਵੱਲ ਧਿਆਨ ਦੇਣਾ ਚਾਹੀਦਾ ਹੈ। ਵੱਧ ਤੋਂ ਵੱਧ ਰੁੱਖ ਲਗਾਣੇ ਚਾਹੀਦੇ ਹਨ ਤਾਂ ਕਿ ਰੁੱਖ ਵੱਧ ਤੋਂ ਵੱਧ ਗਰਮੀ ਚੂਸ ਕੇ ਗਲੋਬਲ ਵਾਰਮਿੰਗ ਵਿੱਚ ਜਿਹੜਾ ਵਾਧਾ ਹੋ ਰਿਹਾ ਹੈ ਉਸ ਨੂੰ ਕੰਟਰੋਲ ਕਰਨ। ਜਿਸ ਨਾਲ ਗਲੇਸ਼ੀਅਰ ਨਾ ਪਿਘਲਨ ਅਤੇ ਅਸੀਂ ਭਵਿੱਖੀ ਸਭਿਅਤਾਵਾਂ ਨੂੰ ਬਚਾ ਸਕੀਏ। ਵਾਤਾਵਰਨ ਨੂੰ ਸ਼ੁੱਧ ਬਣਾਉਣ ਦੇ ਨਾਲ ਸਾਡੀਆਂ ਕਈ ਸਮੱਸਿਆਵਾਂ ਦਾ ਨਿਪਟਾਰਾ ਹੋ ਸਕਦਾ ਹੈ। ਹੜ੍ਹਾਂ ਤੋਂ ਬਚਾ ਹੋ ਸਕਦਾ ਹੈ। ਗਲੋਬਲ ਵਾਰਮਿੰਗ ਤੋਂ ਬਚਾ ਹੋ ਸਕਦਾ ਹੈ। ਹਰ ਸਾਲ ਜਿਹੜੀ ਗਰਮੀ ਦੀ ਔਸਤ ਵਾਧਾ ਦਰਜ ਕੀਤਾ ਜਾ ਰਿਹਾ ਹੈ ਉਸ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ ਤੇ ਸਭ ਤੋਂ ਵੱਡੀ ਗੱਲ ਸਮੁੰਦਰੀ ਪਾਣੀ ਦੇ ਲੈਵਲ ਨੂੰ ਉੱਚਾ ਹੋਣ ਤੋਂ ਬਚਾ ਕੇ ਸਮੁੰਦਰ ਕੰਢੇ ਤੇ ਵਸੇ ਸ਼ਹਿਰਾਂ ਅਤੇ ਸ਼ਹਿਰੀ ਲੋਕਾਂ ਨੂੰ ਬਚਾਇਆ ਜਾ ਸਕਦਾ ਹੈ।

**ਸੰਜੀਵ ਝਾਂਜੀ ਜਗਰਾਉਂ**
**ਸੰਪਰਕ: 8004910000**

# ਅਧਿਆਪਕ : ਸਿੱਖਿਆ ਦੇ ਕਲਾਕਾਰ

ਜ਼ਿਕਰ ਪੰਜਾਬ

ਕਿਸੇ ਨੂੰ ਵੀ ਪਹਿਲੀ ਵਾਰ ਪੜ੍ਹਨਾ-ਸਿੱਖਣ ਦਾ ਸਟੀਕ ਦਿਨ ਯਾਦ ਨਹੀਂ ਹੁੰਦਾ। ਪਰ ਲਗਭਗ ਹਰ ਵਿਅਕਤੀ ਉਨ੍ਹਾਂ ਅਧਿਆਪਕਾਂ ਨੂੰ ਜ਼ਰੂਰ ਯਾਦ ਰੱਖਦਾ ਹੈ, ਜਿਨ੍ਹਾਂ ਨੇ ਉਸ ਨੂੰ ਪੜ੍ਹਾਇਆ ਹੁੰਦਾ ਹੈ। ਭੁੱਲ ਜਾਣ ਵਾਲੇ ਪਲ ਅਤੇ ਕਦੇ ਨਾ ਭੁਲਾਏ ਜਾਣ ਵਾਲੇ ਵਿਅਕਤੀ ਦੇ ਵਿਚਕਾਰਲਾ ਇਹੋ ਫਰਕ ਸਾਨੂੰ ਸਿੱਖਿਆ ਦੇਣ ਦੇ ਕੰਮ ਬਾਰੇ ਕੁਝ ਬਹੁਤ ਮਹੱਤਵਪੂਰਨ ਗੱਲਾਂ ਦੱਸ ਦਿੰਦਾ ਹੈ। ਇੱਕ ਅਧਿਆਪਕ ਆਪਣੇ ਪਿੱਛੇ ਅਜਿਹੀਆਂ ਚੀਜਾਂ ਛੱਡ ਜਾਂਦਾ ਹੈ ਜਿਸਨੂੰ ਅਸਾਨੀ ਨਾਲ ਮਾਪਿਆ ਨਹੀਂ ਜਾ ਸਕਦਾ: ਕੋਸ਼ਿਸ਼ ਕਰਨ ਦਾ ਆਤਮ-ਵਿਸ਼ਵਾਸ, ਦ੍ਰਿੜ੍ਹ ਰਹਿਣ ਦਾ ਅਨੁਸ਼ਾਸਨ, ਸਵਾਲ ਪੁੱਛਣ ਦੀ ਉਤਸੁਕਤਾ, ਜਾਂ ਕਦੇ-ਕਦੇ ਸਿਰਫ਼ ਇਹ ਵਿਸ਼ਵਾਸ ਕਿ ਇੱਕ ਮਨੁੱਖ ਹੋਰ ਵੀ ਬਹੁਤ ਕੁਝ ਕਰ ਸਕਦਾ ਹੈ। ਇਸ ਲਈ, ਸਿੱਖਿਆ ਨੂੰ ਇੱਕ ਕਲਾ ਤੋਂ ਘੱਟ ਨਹੀਂ ਮੰਨਿਆ ਜਾ ਸਕਦਾ। ਭਾਰਤ ਦੇ ਮਹਾਮਹਿਮ ਰਾਸ਼ਟਰਪਤੀ ਦੁਆਰਾ ਹਰ ਸਾਲ ਪ੍ਰਦਾਨ ਕੀਤੇ ਜਾਣ ਵਾਲੇ 'ਰਾਸ਼ਟਰੀ ਅਧਿਆਪਕ ਪੁਰਸਕਾਰ' ਅਸਲ ਵਿੱਚ ਉਨ੍ਹਾਂ ਚੁਣੇ ਹੋਏ ਲੋਕਾਂ ਪ੍ਰਤੀ ਸਨਮਾਨ ਹੁੰਦੇ ਹਨ, ਜਿਨ੍ਹਾਂ ਦਾ ਯੋਗਦਾਨ ਦੂਜਿਆਂ ਤੋਂ ਕਿਤੇ ਵਧ ਹੁੰਦਾ ਹੈ। ਇਸ ਸਭ ਤੋਂ ਇਲਾਵਾ, ਦੇਸ਼ ਦੇ ਹਰ ਕੋਨੇ ਵਿੱਚ ਭਾਵੇਂ ਉਹ ਕਲਾਸਰੂਮ ਹੋਵੇ ਜਾਂ ਕੌਸ਼ਲ ਸਬੰਧੀ ਪ੍ਰਯੋਗਸ਼ਾਲਾ ਜਾਂ ਪੌਲਿਟੈਕਨੀਕ ਜਾਂ ਖੇਡ ਦਾ ਮੈਦਾਨ ਜਾਂ ਫਿਰ ਸੰਗੀਤ ਦੀ ਕਲਾਸ-ਵਿਦਿਆਰਥੀ ਧੰਨਵਾਦ ਕਹਿਣ ਦਾ ਆਪਣਾ-ਆਪਣਾ ਢੰਗ ਲੱਭ ਹੀ ਲੈਂਦੇ ਹਨ। ਕਦੇ ਹੱਥ ਨਾਲ ਲਿਖੀ ਹੋਈ ਇੱਕ ਟਿੱਪਣੀ। ਕਦੇ ਸਵੇਰ ਦੀ ਸਭਾ ਵਿੱਚ ਧੰਨਵਾਦ ਪ੍ਰਗਟਾਉਣ ਦਾ ਇੱਕ ਪਲ। ਕਦੇ ਇੱਕ ਅਜਿਹੀ ਖਾਮੋਸ਼ ਸ਼ਲਾਘਾ ਜੋ ਦਿਨ ਖਤਮ ਹੋਣ ਦੇ ਬਹੁਤ ਦੇਰ ਬਾਅਦ ਤੱਕ ਅਧਿਆਪਕ ਦੇ ਮਨ ਵਿੱਚ ਬਸੀ ਰਹਿੰਦੀ ਹੈ। ਇਹ ਕਿਸੇ ਜਸ਼ਨ ਤੋਂ ਘੱਟ ਨਹੀਂ ਹਨ, ਸਗੋਂ ਕਈ ਮਾਇਨਿਆਂ ਵਿੱਚ ਇਹ ਸਭ ਤੋਂ ਵਧੀਆ ਉਤਸਵ ਹਨ। ਹਾਲਾਂਕਿ, ਅੰਕੜੇ ਸਾਨੂੰ ਇੱਕ ਹੋਰ ਵੀ ਚਿੰਤਾਜਨਕ ਤਸਵੀਰ ਪ੍ਰਗਟ ਕਰਦੇ ਹਨ। ®534 ਦਾ 2026 ਦਾ 'ਅਧਿਆਪਕ ਗਿਆਨ ਸਰਵੇਖਣ' ਕਿਸੇ ਵਿਸ਼ੇ ਦੀ ਜਾਣਕਾਰੀ ਹੋਣ ਅਤੇ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੜ੍ਹਾਉਣ ਦੀ ਯੋਗਤਾ ਵਿਚਕਾਰ ਪਾੜੇ ਨੂੰ ਉਜਾਗਰ ਕਰਦਾ ਹੈ। ਇਸ ਸਰਵੇਖਣ ਦੇ ਨਤੀਜਿਆਂ ਤੋਂ ਪਤਾ ਲਗਦਾ ਹੈ ਕਿ ਵਿਸ਼ੇ ਦਾ ਗਿਆਨ ਹਮੇਸ਼ਾ ਪ੍ਰਭਾਵਸ਼ਾਲੀ ਸਿੱਖਿਆ ਅਭਿਆਸਾਂ ਵਿੱਚ ਨਹੀਂ ਬਦਲਦਾ। ਗੱਲ ਸਰਲ ਹੈ, ਪਰ ਬਹੁਤ ਮਹੱਤਵਪੂਰਨ ਹੈ: ਕਿਸੇ ਵਿਸ਼ੇ ਨੂੰ ਡੂੰਘਾਈ ਨਾਲ ਜਾਣਨਾ ਅਤੇ ਕਿਸੇ ਹੋਰ ਵਿਅਕਤੀ ਨੂੰ ਇਸ ਨੂੰ ਸਿੱਖਣ ਵਿੱਚ ਮਦਦ ਕਰਨਾ- ਇਹ ਦੋ ਵੱਖੋ-ਵੱਖਰੇ ਹੁਨਰ ਹਨ। ਪੜ੍ਹਾਉਣਾ ਇੱਕ ਕਲਾ ਹੈ ਅਤੇ ਇਸ ਲਈ ਮਨੁੱਖੀ ਸਬੰਧਾਂ ਅਤੇ ਪੜ੍ਹਾਉਣ ਦੇ ਤਰੀਕਿਆਂ ਦੀ ਸਮਝ ਦੇ ਨਾਲ-ਨਾਲ ਕਲਾਸਰੂਪ ਵਿੱਚ ਨਾਟਕੀਅਤਾ ਦੀ ਵੀ ਲੋੜ ਹੁੰਦੀ ਹੈ। ਯੂਨੈਸਕੋ ਦੀ 'ਅਧਿਆਪਕਾਂ ਨਾਲ ਸਬੰਧਿਤ ਗਲੋਬਲ ਰਿਪੋਰਟ 2024' ਵਿੱਚ ਇਸ ਪੇਸ਼ੇ ਨੂੰ ਨਜ਼ਰਅੰਦਾਜ਼ ਕਰਨ ਦੀ ਕੀਮਤ ਨੂੰ ਅੰਕੜਿਆਂ ਵਿੱਚ ਦਰਸਾਇਆ ਗਿਆ ਹੈ। ਦੁਨੀਆ ਨੂੰ 2030 ਤੱਕ 44 ਮਿਲੀਅਨ ਵਾਧੂ ਪ੍ਰਾਇਮਰੀ ਅਤੇ ਸੈਕੰਡਰੀ ਸਕੂਲ ਅਧਿਆਪਕਾਂ ਦੀ ਲੋੜ ਪਵੇਗੀ। ਅਤੇ ਇਸ ਵਿੱਚੋਂ ਅੱਧੇ ਤੋਂ ਵੱਧ ਹਿੱਸੇ ਦੀ ਲੋੜ ਸਿਰਫ਼ ਉਨ੍ਹਾਂ ਅਧਿਆਪਕਾਂ ਨੂੰ ਬਦਲਣ ਦੀ ਹੋਵੇਗੀ ਜੋ ਪੇਸ਼ੇ ਨੂੰ ਛੱਡ ਰਹੇ ਹਨ। ਇਸ ਦੌਰਾਨ, ਮੈਕਿੰਸੇ ਗਲੋਬਲ ਇੰਸਟੀਟਿਊਟ ਦਾ ਅੰਦਾਜ਼ਾ ਹੈ ਕਿ, ਆਟੋਮੇਸ਼ਨ ਦੇ ਕਾਰਨ, 2030 ਤੱਕ ਦੁਨੀਆ ਭਰ ਵਿੱਚ 75 ਮਿਲੀਅਨ ਤੋਂ 375 ਮਿਲੀਅਨ ਕਾਮਿਆਂ ਨੂੰ ਆਪਣੇ ਪੇਸ਼ੇ ਬਦਲਣ ਦੀ ਲੋੜ ਪੈ ਸਕਦੀ ਹੈ। ਅਜਿਹੀਆਂ ਹਾਲਤਾਂ ਵਿੱਚ, ਯੋਗ ਅਧਿਆਪਕਾਂ ਦੀ ਮਹੱਤਤਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਹੋਵੇਗੀ। ਭਾਰਤ ਵਿੱਚ 'ਅਧਿਆਪਕ' ਕਿਸ ਨੂੰ ਮੰਨਿਆ ਜਾਵੇ, ਇਸ ਦਾ ਦਾਇਰਾ ਵਧਾਇਆ ਜਾ ਰਿਹਾ ਹੈ, ਅਤੇ ਸ਼ਾਇਦ ਇਹ ਸਭ ਤੋਂ ਵਿਲੱਖਣ ਵਿਚਾਰ ਹੈ। ਸਮਾਜ ਵਿੱਚ ਸਾਰਿਆਂ ਲਈ ਜੀਵਨ ਭਰ ਸਿੱਖਣ ਦੀ ਸਮਝ ('ਉੱਲਾਸ') ਯਾਨੀ- 'ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ' ਇਸ ਸਿਧਾਂਤ 'ਤੇ ਅਧਾਰਿਤ ਹੈ ਕਿ ਕੋਈ ਵੀ ਪੜ੍ਹਿਆ-ਲਿਖਿਆ ਵਿਅਕਤੀ ਇੱਕ ਅਨਪੜ੍ਹ ਵਿਅਕਤੀ ਨੂੰ ਪੜ੍ਹਾ ਸਕਦਾ ਹੈ। ਇਸ ਸਾਲ ਜਦੋਂ ਅਸੀਂ 'ਅੰਤਰਰਾਸ਼ਟਰੀ ਸਾਖ਼ਰਤਾ ਦਿਵਸ' ਮਨਾ ਰਹੇ ਹਾਂ, ਤਾਂ ਇਸ ਪ੍ਰੋਗਰਾਮ ਅਧੀਨ ਨੌਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਪੂਰੀ ਤਰ੍ਹਾਂ ਸਾਖ਼ਰ ਐਲਾਨਿਆ ਗਿਆ ਹੈ। ਸਿੱਖਿਆ ਮੰਤਰਾਲੇ ਦੇ 'ਵਿਦਿਆਂਜਲੀ' ਪੋਰਟਲ ਵਿੱਚ ਇਹ ਭਾਵਨਾ ਸਾਫ ਝਲਕਦੀ ਹੈ। ਇਹ ਪੋਰਟਲ 8.75 ਲੱਖ ਤੋਂ ਵੱਧ ਸਰਕਾਰੀ ਸਕੂਲਾਂ ਨੂੰ ਅਜਿਹੇ ਵਲੰਟੀਅਰਾਂ ਨਾਲ ਜੋੜਦਾ ਹੈ ਜੋ ਇੱਕ ਤੋਹਫ਼ੇ ਵਜੋਂ ਆਪਣੀ ਮੁਹਾਰਤ- ਭਾਵੇਂ ਉਹ ਡਾਂਸ ਨਾਲ ਸਬੰਧਿਤ ਹੋਵੇ ਜਾਂ ਗਣਿਤ ਨਾਲ ਜਾਂ ਜਨਤਕ ਭਾਸ਼ਣ ਜਾਂ ਫਿਰ ਸ਼ਿਲਪਕਾਰੀ ਨਾਲ - ਨੂੰ ਕਲਾਸਰੂਮਾਂ ਵਿੱਚ ਸਾਂਝੀ ਕਰਦੇ ਹਨ। ਹਰ ਵਲੰਟੀਅਰ ਇੱਕ ਅਧਿਆਪਕ ਦੀ ਭੂਮਿਕਾ ਨਿਭਾਉਂਦਾ ਹੈ। ਇਹ ਵਲੰਟੀਅਰ ਜੋ ਵੀ ਵਿਸ਼ਾ ਪੜ੍ਹਾਉਂਦੇ ਹਨ ਉਸ ਨੂੰ ਬਰਾਬਰ ਦਾ ਮਹੱਤਵ ਦਿੱਤਾ ਜਾਂਦਾ ਹੈ। ਕਿਉਂਕਿ ਅਸਲ ਵਿੱਚ, ਪੜ੍ਹਾਉਣਾ ਕੋਈ ਤਕਨੀਕੀ ਕੰਮ ਨਹੀਂ ਹੈ, ਸਗੋਂ ਇੱਕ ਕਲਾ ਹੈ। ਇੱਕ ਅਧਿਆਏ ਨੂੰ ਪੜ੍ਹਾਉਣ ਦੀ ਯੋਜਨਾ ਇੱਕ ਰਚਨਾ ਜਿਹੀ ਹੁੰਦੀ ਹੈ। ਇਹ ਵਿਆਖਿਆ ਇੱਕ ਪ੍ਰਦਰਸ਼ਨ ਵਰਗੀ ਹੁੰਦੀ ਹੈ। ਕੋਈ ਵੀ ਕਲਾ ਕਿਸੇ ਵੀ ਕਲਾਕਾਰ ਵਿੱਚ ਕੋਈ ਅੰਤਰ ਨਹੀਂ ਕਰਦੀ। ਇਸ ਲਈ, ਸਾਡੇ ਮਨ ਵਿੱਚ ਉੱਚ-ਨੀਚ ਦੀ ਜੋ ਵੀ ਧਾਰਨਾ ਹੈ, ਉਸ ਨੂੰ ਪਰਖ ਕੇ ਖਤਮ ਕਰਨਾ ਜ਼ਰੂਰੀ ਹੈ। ਕਦੇ-ਕਦੇ ਸੰਗੀਤ ਦੇ ਅਧਿਆਪਕ ਜਾਂ ਸਰੀਰਕ ਸਿੱਖਿਆ ਦੇ ਅਧਿਆਪਕ ਨੂੰ ਪੂਰਕ ਅਤੇ ਕਿੱਤਾਮੁਖੀ ਸਿੱਖਿਆ ਦੇ ਇੰਸਟ?ਰਕਟਰਾਂ ਨੂੰ ਇੱਕ ਵਿਕਲਪਿਕ ਪ੍ਰਬੰਧ ਵਜੋਂ ਦੇਖਿਆ ਜਾਂਦਾ ਹੈ। ਇਹ ਵਰਗੀਕਰਣ ਨਾ ਸਿਰਫ਼ ਅਨੁਚਿਤ ਹੈ ਸਗੋਂ ਪੂਰੀ ਤਰ੍ਹਾਂ ਗਲਤ ਵੀ ਹੈ। ਪ੍ਰੀਖਿਆ-ਸਬੰਧਿਤ ਤਣਾਅ ਵਧਣ ਨਾਲ ਸੰਗੀਤ ਜਾਂ ਸਰੀਰਕ ਕਸਰਤ ਮਨ ਨੂੰ ਸ਼ਾਂਤ ਕਰ ਸਕਦੇ ਹਨ, ਜਿਸ ਨਾਲ ਤਿਆਰੀ ਵਿੱਚ ਸਹਾਇਤਾ ਮਿਲਦੀ ਹੈ। ਭਾਰਤ ਦੀ ਵਧਦੀ ਰਚਨਾਤਮਕ ਅਰਥਵਿਵਸਥਾ ('ਔਰੇਂਜ ਇਕੌਨਮੀ') ਦੇ ਨਾਲ, ਵੱਖ-ਵੱਖ ਕਲਾ ਰੂਪ ਵਿਦਿਆਰਥੀਆਂ ਨੂੰ ਆਧੁਨਿਕ ਦੁਨੀਆ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਖੇਤਰਾਂ ਵਿੱਚੋਂ ਇੱਕ ਲਈ ਤਿਆਰ ਕਰਨਗੇ। ਜਿਵੇਂ-ਜਿਵੇਂ ਖੇਡ ਯੂਨੀਵਰਸਿਟੀਆਂ ਆਕਾਰ ਲੈ ਰਹੀਆਂ ਹਨ ਅਤੇ ਰਾਸ਼ਟਰੀ ਖੇਡ ਬੁਨਿਆਦੀ ਢਾਂਚੇ ਮਜ਼ਬੂਤ ਹੋ ਰਹੇ ਹਨ, ਖੇਡ ਕੋਚ ਅਤੇ ਸਰੀਰਕ ਸਿੱਖਿਆ ਅਧਿਆਪਕ ਇੱਕ ਭਰੋਸੇਯੋਗ ਕਰੀਅਰ ਲਈ ਮੌਕੇ ਖੋਲ੍ਹ ਦੇਣਗੇ। ਸਟੀਕ ਮੈਨੂਫੈਕਚਰਿੰਗ ਸਿਖਾ ਰਹੇ ਆਈ.ਟੀ.ਆਈ. ਇੰਸਟ?ਰਕਟਰ ਅਜਿਹੇ ਹੁਨਰਾਂ ਨੂੰ ਵਿਕਸਿਤ ਕਰ ਰਹੇ ਹਨ ਜੋ ਪੁਲਾਂ ਦੇ ਨਿਰਮਾਣ ਅਤੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਵਿੱਚ ਸਹਾਇਕ ਹਨ। ਇਹੋ ਰਾਸ਼ਟਰ-ਨਿਰਮਾਣ ਦਾ ਇੱਕ ਹੋਰ ਪਹਿਲੂ ਹੈ। ਇੱਕ ਲਾਤੀਨੀ ਕਹਾਵਤ ਇਸ ਤੱਥ ਨੂੰ ਢੁਕਵੇਂ ਢੰਗ ਨਾਲ ਉਜਾਗਰ ਕਰਦੀ ਹੈ: Non scholae sed vitae discimus - ਅਸੀਂ ਸਕੂਲ ਲਈ ਨਹੀਂ, ਸਗੋਂ ਜ਼ਿੰਦਗੀ ਲਈ ਸਿੱਖਦੇ ਹਾਂ। ਅਤੇ ਮਨੁੱਖ ਸੰਭਾਵਨਾਵਾਂ ਦਾ ਸੱਚਾ ਕਲਾਕਾਰ ਮੰਨੇ ਜਾਣ ਵਾਲਾ ਇੱਕ ਅਧਿਆਪਕ ਹੀ ਓਹੀ ਵਿਅਕਤੀ ਹੈ ਜੋ ਇਸ ਨੂੰ ਸੰਭਵ ਬਣਾਉਂਦਾ ਹੈ।

**ਸ਼੍ਰੀ ਜਯੰਤ ਚੌਧਰੀ**
**(ਲੇਖਕ ਕੇਂਦਰੀ ਸਿੱਖਿਆ ਅਤੇ ਕੌਸ਼ਲ ਵਿਕਾਸ ਅਤੇ ਉੱਦਮਤਾ ਰਾਜ ਮੰਤਰੀ ਹਨ।)**

# ਕਈ ਵੱਡੇ ਰੋਗਾਂ ਦਾ ਕਾਰਨ ਬਣਦੇ ਹਨ ਪੇਟ ਦੇ ਕੀੜੇ

ਜ਼ਿਕਰ ਪੰਜਾਬ

ਬੱਚੇ ਦੇਸ਼ ਦਾ ਧਨ ਹੁੰਦੇ ਹਨ ਅਤੇ ਪੇਟ ਦੇ ਕੀੜੇ ਬੱਚਿਆਂ ਅੰਦਰ ਕਈ ਰੋਗਾਂ ਅਤੇ ਸਿਹਤ ਸਬੰਧੀ ਗੰਭੀਰ ਸਮੱਸਿਆਵਾਂ ਨੂੰ ਜਨਮ ਦਿੰਦੇ ਹਨ । ਇਨ੍ਹਾ ਸਿਹਤ ਸਮੱਸਿਆਵਾਂ ਬਾਰੇ ਲੋੜੀਂਦੀ ਜਾਣਕਾਰੀ ਹਾਸਿਲ ਕਰਨਾ ਅਤੇ ਇਨ੍ਹਾ ਕੀੜਿਆਂ ਦਾ ਖ਼ਾਤਮਾ ਕਰਨਾ ਬੇਹੱਦ ਜ਼ਰੂਰੀ ਹੁੰਦਾ ਹੈ। ਇਨ੍ਹਾ ਦੇ ਇਲਾਜ ਸਬੰਧੀ ਵਰਤੀ ਅਣਗਹਿਲੀ ਜਾਂ ਲਾਪਰਵਾਹੀ ਬੱਚਿਆਂ ਲਈ ਤੇ ਸਬੰਧਿਤ ਮਾਪਿਆਂ ਲਈ ਕਾਫੀ ਭਾਰੀ ਪੈ ਸਕਦੀ ਹੈ। ਸਿਹਤ ਮਾਹਿਰਾਂ ਅਨੁਸਾਰ ਪੇਟ ਦੇ ਕੀੜੇ ਜ਼ਿਆਦਾਤਰ 1 ਤੋਂ 14 ਸਾਲ ਤੱਕ ਦੀ ਉਮਰ ਦੇ ਬੱਚਿਆਂ ਅਤੇ ਕਈ ਵਾਰ 19 ਸਾਲ ਤੱਕ ਦੀ ਉਮਰ ਦੇ ਬੱਚਿਆਂ ਅੰਦਰ ਵੀ ਪਾਏ ਜਾਂਦੇ ਹਨ।

ਵਿਸ਼ਵ ਸਿਹਤ ਸੰਗਠਨ ਇਹ ਮੰਨਦਾ ਹੈ ਕਿ ਹਰ ਸਾਲ ਦੁਨੀਆਂ ਦੀ ਕੁੱਲ ਆਬਾਦੀ ਦਾ 24 ਫ਼ੀਸਦੀ ਹਿੱਸਾ ਪੇਟ ਦੇ ਕੀੜਿਆਂ ਦਾ ਸ਼ਿਕਾਰ ਹੁੰਦਾ ਹੈ ਜਿਸ ਕਰਕੇ ਇੱਕ ਤੋਂ ਚੌਦ੍ਹਾਂ ਸਾਲ ਦੇ ਉਮਰ ਵਰਗ ਦੇ ਲਗਪਗ 241 ਮਿਲੀਅਨ ਭਾਵ 24 ਕਰੋੜ ਬੱਚੇ ਮਿੱਟੀ ਤੋਂ ਪਨਪੇ ਪੇਟ ਦੇ ਕੀੜਿਆਂ ਦੇ ਸ਼ਿਕਾਰ ਬਣ ਜਾਂਦੇ ਹਨ। ਮਿੱਟੀ ਤੋਂ ਪਨਪੇ ਪੇਟ ਦੇ ਕੀੜਿਆਂ ਤੋਂ ਭਾਵ ਇਹ ਹੈ ਕਿ ਬੱਚਿਆਂ ਦੇ ਪੇਟ ਅੰਦਰ ਜੋ ਹਾਨੀਕਾਰਕ ਕੀੜੇ ਪਾਏ ਜਾਂਦੇ ਹਨ ਉਨ੍ਹਾ ਦੇ ਪੈਦਾ ਹੋਣ ਦੇ ਮੁੱਢਲੇ ਕਾਰਨਾਂ ਵਿੱਚ ਸ਼ਰੀਰ ਦੀ ਸਾਫ਼-ਸਫ਼ਾਈ ਵਿੱਚ ਕਮੀ, ਕੱਚਾ ਅਤੇ ਕੀਟਾਣੂਯੁਕਤ ਭੋਜਨ, ਜ਼ਿਆਦਾ ਮਿੱਠੇ ਪਦਾਰਥ ਅਤੇ ਜੰਕ ਫ਼ੂਡ ਆਦਿ ਦਾ ਨਿਯਮਿਤ ਤੌਰ 'ਤੇ ਸੇਵਨ ਕਰਨਾ ਆਦਿ ਨੂੰ ਪ੍ਰਮੁੱਖ ਮੰਨਿਆ ਜਾਂਦਾ ਹੈ। ਅਧਿਕਤਰ ਸਿਹਤ ਮਾਹਿਰਾਂ ਦੀ ਰਾਇ ਹੈ ਕਿ ਬੱਚਿਆਂ ਅੰਦਰ ਪੇਟ ਦੇ ਕੀੜਿਆਂ ਦੇ ਪੈਦਾ ਹੋਣ ਕਾਰਨ ਸਾਹਮਣੇ ਆਉਣ ਵਾਲੀਆਂ ਬਿਮਾਰੀਆਂ ਜਾਂ ਬਿਮਾਰੀਆਂ ਦੇ ਲੱਛਣਾਂ ਵਿੱਚ -'ਵਾਰ ਵਾਰ ਪੇਟ ਦਰਦ, ਪੇਟ ਅੰਦਰ ਗੈਸ ਬਣਨਾ, ਬਦਹਜ਼ਮੀ, ਉਲਟੀ ਵਾਲਾ ਮਨ ਹੋਣਾ,ਉਲਟੀਆਂ ਆਉਣਾ, ਹੈਜ਼ਾ ਹੋਣਾ ਅਤੇ ਕੁਝ ਮਾਮਲਿਆਂ ਵਿੱਚ ਚੰਗੀ ਅਤੇ ਉੱਤਮ ਖ਼ੁਰਾਕ ਦੇ ਬਾਵਜੂਦ ਭਾਰ ਘਟ ਜਾਣਾ' ਆਦਿ ਹਨ। ਇਸਦੇ ਨਾਲ ਹੀ ਜੇ ਪੇਟ ਦੇ ਕੀੜਿਆਂ ਨੂੰ ਖ਼ਤਮ ਕਰਨ ਜਾਂ ਇਨ੍ਹਾ ਤੋਂ ਬਚੇ ਰਹਿਣ ਦੇ ਉਪਾਵਾਂ ਦੀ ਜੇ ਗੱਲ ਕੀਤੀ ਜਾਵੇ ਤਾਂ ਤਨ ਦੀ ਸਫ਼ਾਈ ਦੇ ਨਾਲ-ਨਾਲ ਖਾਣਾ ਖਾਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਸਾਬਣ ਅਤੇ ਸਾਫ਼ ਜਾਂ ਕੋਸੇ ਪਾਣੀ ਆਦਿ ਨਾਲ ਹੱਥਾਂ ਨੂੰ ਚੰਗੀ ਤਰ੍ਹਾਂ ਧੋਣਾ, ਖਾਣਾ ਬਣਾਉਣ ਲਈ ਸਾਫ਼ ਤੇ ਕੀਟਾਣੂਮੁਕਤ ਪਾਣੀ ਦੀ ਵਰਤੋਂ ਕਰਨਾ, ਪੇਟ ਦੇ ਕੀੜਿਆਂ ਸਬੰਧੀ ਸ਼ੱਕ ਪੈਣ 'ਤੇ ਮਾਹਿਰ ਡਾਕਟਰ ਕੋਲੋਂ ਨਿਰੀਖਣ ਕਰਵਾਉਣਾ ਤੇ ਡਾਕਟਰ ਦੀ ਸਲਾਹ 'ਤੇ ਲੋੜੀਂਦੀ ਦਵਾਈ ਨੂੰ ਨਿਯਮਬੱਧ ਢੰਗ ਨਾਲ ਲੈਣਾ ਆਦਿ ਪ੍ਰਮੁੱਖ ਉਪਾਅ ਹਨ।



**ਉਧਰ ਆਯੁਰਵੇਦ ਦੇ ਮਾਹਿਰਾਂ ਦਾ ਮੰਨਣਾ ਹੈ ਕਿ ਪੇਟ ਦੇ ਕੀੜਿਆਂ ਦੇ ਖ਼ਾਤਮੇ ਲਈ -ਸੁੰਢ,ਕਾਲੀ ਮਿਰਚ, ਪਿਪਲੀ ਅਤੇ ਸ਼ਹਿਦ ਆਦਿ ਦੀ ਵਰਤੋਂ ਕਰਕੇ ਤਿਆਰ ਕੀਤੇ ਮਿਸ਼ਰਣ ਨੂੰ ਘੱਟੋ-ਘੱਟ ਪੰਦਰ੍ਹਾਂ ਦਿਨ ਤੱਕ ਲੈਣਾ ਚਾਹੀਦਾ ਹੈ। ਇਸ ਤੋਂ ਇਲਾਵਾ ਤੁਲਸੀ ਦੇ ਪੱਤਿਆਂ ਦਾ ਰਸ ਅਤੇ ਸ਼ਹਿਦ ਦਾ ਮਿਸ਼ਰਣ ਵੀ ਇਸ ਕਾਰਜ ਹਿਤ ਲਾਭਕਾਰੀ ਸਿੱਧ ਹੋ ਸਕਦਾ ਹੈ। ਨਾਰੀਅਲ ਪਾਣੀ ਦਾ ਸੇਵਨ ਜਾਂ ਅਜਵਾਇਣ ਪਾ ਕੇ ਉਬਾਲਿਆ ਪਾਣੀ ਪੀਣ ਦੇ ਨਾਲ ਨਾਲ ਆਮ ਰੁਟੀਨ ਵਿੱਚ ਵੀ ਕੋਸਾ ਪਾਣੀ ਪੀਣ ਦੀ ਆਦਤ ਪਾਉਣੀ ਚਾਹੀਦੀ ਹੈ।**

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**
**ਮੋ :97816-46008**

ਉਧਰ ਆਯੁਰਵੇਦ ਦੇ ਮਾਹਿਰਾਂ ਦਾ ਮੰਨਣਾ ਹੈ ਕਿ ਪੇਟ ਦੇ ਕੀੜਿਆਂ ਦੇ ਖ਼ਾਤਮੇ ਲਈ -ਸੁੰਢ,ਕਾਲੀ ਮਿਰਚ, ਪਿਪਲੀ ਅਤੇ ਸ਼ਹਿਦ ਆਦਿ ਦੀ ਵਰਤੋਂ ਕਰਕੇ ਤਿਆਰ ਕੀਤੇ ਮਿਸ਼ਰਣ ਨੂੰ ਘੱਟੋ-ਘੱਟ ਪੰਦਰ੍ਹਾਂ ਦਿਨ ਤੱਕ ਲੈਣਾ ਚਾਹੀਦਾ ਹੈ। ਇਸ ਤੋਂ ਇਲਾਵਾ ਤੁਲਸੀ ਦੇ ਪੱਤਿਆਂ ਦਾ ਰਸ ਅਤੇ ਸ਼ਹਿਦ ਦਾ ਮਿਸ਼ਰਣ ਵੀ ਇਸ ਕਾਰਜ ਹਿਤ ਲਾਭਕਾਰੀ ਸਿੱਧ ਹੋ ਸਕਦਾ ਹੈ। ਨਾਰੀਅਲ ਪਾਣੀ ਦਾ ਸੇਵਨ ਜਾਂ ਅਜਵਾਇਣ ਪਾ ਕੇ ਉਬਾਲਿਆ ਪਾਣੀ ਪੀਣ ਦੇ ਨਾਲ ਨਾਲ ਆਮ ਰੁਟੀਨ ਵਿੱਚ ਵੀ ਕੋਸਾ ਪਾਣੀ ਪੀਣ ਦੀ ਆਦਤ ਪਾਉਣੀ ਚਾਹੀਦੀ ਹੈ। ਆਯੁਰਵੇਦ ਮਾਹਿਰ ਇਹ ਵੀ ਮੰਨਦੇ ਹਨ ਕਿ ਰੋਜ਼ਾਨਾ ਦੇ ਭੋਜਨ ਵਿੱਚ ਅਜਵਾਇਣ, ਸੁੰਢ, ਕਾਲੀ ਮਿਰਚ, ਪਿਪਲੀ ਆਦਿ ਦੀ ਸ਼ਹਿਦ ਨਾਲ ਕੀਤੀ ਵਰਤੋਂ ਪੀੜਤ ਬੱਚੇ ਨੂੰ ਕਾਫ਼ੀ ਅਰਾਮ ਪਹੁੰਚਾ ਸਕਦੀ ਹੈ।

ਸੋ ਮੁੱਕਦੀ ਗੱਲ ਇਹ ਹੈ ਕਿ ਹਰੇਕ ਬੱਚੇ ਨੂੰ ਚਾਹੀਦਾ ਹੈ ਕਿ ਉਹ ਤਨ ਦੀ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦੇਵੇ ਅਤੇ ਸਾਫ਼ ਤੇ ਸੰਤੁਲਿਤ ਭੋਜਨ ਕਰਨ ਦੇ ਨਾਲ-ਨਾਲ ਸਾਫ਼ ਪਾਣੀ ਪੀਣ ਦਾ ਯਤਨ ਕਰੇ। ਜੰਕ ਫ਼ੂਡ ਤੋਂ ਜਿੰਨਾ ਦੂਰ ਰਿਹਾ ਜਾ ਸਕਦਾ ਹੈ, ਰਹਿਣਾ ਚਾਹੀਦਾ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਉਕਤ ਸਾਵਧਾਨੀਆਂ ਅਤੇ ਲੱਛਣਾਂ ਪ੍ਰਤੀ ਜਾਗਰੂਕ ਰਹਿਣ ਅਤੇ ਲੱਛਣ ਨਜ਼ਰ ਆਉਣ 'ਤੇ ਜਾਂ ਅੰਦੇਸ਼ਾ ਹੋਣ 'ਤੇ ਤੁਰੰਤ ਡਾਕਟਰ ਦੀ ਸਲਾਹ ਲੈਣ ਅਤੇ ਸਮੇਂ ਸਿਰ ਲੋੜੀਂਦਾ ਇਲਾਜ ਸ਼ੁਰੂ ਕਰ ਦੇਣ। ਸਿਹਤ ਵਿਭਾਗ ਦੀ ਮਦਦ ਨਾਲ ਸਕੂਲ ਪੱਧਰ 'ਤੇ ਵੰਡੀਆ ਜਾ ਰਹੀਆਂ ਅਲਬੰਡਾਜ਼ੋਲ ਦੀਆਂ ਗੋਲੀਆਂ ਨੂੰ ਨਕਾਰਨ ਜਾਂ ਬੇਕਾਰ ਮੰਨ ਕੇ ਸੁੱਟ ਦੇਣ ਦੀ ਥਾਂ ਇਨ੍ਹਾ ਦਾ ਸੇਵਨ ਕਰਨਾ ਚਾਹੀਦਾ ਹੈ। ਬੱਚਿਆਂ ਅੰਦਰ ਪੇਟ ਦੇ ਕੀੜੇ ਖ਼ਤਮ ਕਰਨ ਹਿੱਤ ਸਮੂਹ ਸਬੰਧਿਤ ਧਿਰਾਂ ਦਾ ਯੋਗਦਾਨ ਬੇਹੱਦ ਜ਼ਰੂਰੀ ਹੈ।

# ਕੇਂਦਰੀ ਵਾਤਾਵਰਣ ਮੰਤਰੀ ਨੇ ਅੰਤਰਰਾਸ਼ਟਰੀ ਗਿਰਝ ਜਾਗਰੂਕਤਾ ਦਿਵਸ 2026 ਦੇ ਜਸ਼ਨਾਂ ਦੀ ਅਗਵਾਈ ਕੀਤੀ

## 'ਸੰਕਟ ਤੋਂ ਰਿਕਵਰੀ ਤੱਕ-ਭਾਰਤ ਦੇ ਗਿਰਝਾਂ ਦੀ ਸੰਭਾਲ' ਵਿਸ਼ੇ 'ਤੇ ਰਾਸ਼ਟਰੀ ਵਰਕਸ਼ੌਪ ਦਾ ਉਦਘਾਟਨ ਕੀਤਾ

ਜ਼ਿਕਰ ਪੰਜਾਬ

**ਪੰਚਕੂਲਾ/ਪਿੰਜੌਰ : ਪੀਆਈਬੀ**

ਹਰਿਆਣਾ ਦੇ ਪੰਚਕੂਲਾ ਵਿਖੇ ਅੰਤਰਰਾਸ਼ਟਰੀ ਗਿਰਝ ਜਾਗਰੂਕਤਾ ਦਿਵਸ 2026 ਮਨਾਇਆ ਗਿਆ। ਇਸ ਮੌਕੇ 'ਤੇ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰੀ, ਸ਼੍ਰੀ ਭੂਪੇਂਦਰ ਯਾਦਵ ਨੇ 'ਸੰਕਟ ਤੋਂ ਰਿਕਵਰੀ ਤੱਕ - ਭਾਰਤ ਦੇ ਗਿਰਝਾਂ ਦੀ ਸੰਭਾਲ' ਵਿਸ਼ੇ 'ਤੇ ਇੱਕ ਰਾਸ਼ਟਰ ਪੱਧਰੀ ਵਰਕਸ਼ੌਪ ਦਾ ਉਦਘਾਟਨ ਕੀਤਾ। ਇਸ ਸਮਾਗਮ ਵਿੱਚ ਹਰਿਆਣਾ ਰਾਜ ਦੇ ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਮਾਮਲੇ ਮੰਤਰੀ, ਸ਼੍ਰੀ ਰਾਓ ਨਰਬੀਰ ਸਿੰਘ, ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਹਰਿਆਣਾ ਰਾਜ ਸਰਕਾਰ ਦੇ ਸੀਨੀਅਰ ਪਤਵੰਤੇ ਵੀ ਹਾਜ਼ਰ ਸਨ। ਇਹ ਪ੍ਰੋਗਰਾਮ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ, ਕੇਂਦਰੀ ਚਿੜੀਆਘਰ ਅਥਾਰਿਟੀ, ਹਰਿਆਣਾ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ, ਬੰਬੇ ਨੈਚੁਰਲ ਹਿਸਟਰੀ ਸੋਸਾਇਟੀ ਅਤੇ ਜਟਾਯੂ ਕੰਜ਼ਰਵੇਸ਼ਨ ਬ੍ਰੀਡਿੰਗ ਸੈਂਟਰ, ਪਿੰਜੌਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਇਸ ਵਿੱਚ ਭਾਰਤ ਵਿੱਚ ਗਿਰਝਾਂ ਦੀ ਸੰਭਾਲ ਲਈ ਸਹਿਯੋਗੀ ਯਤਨਾਂ ਨੂੰ ਮਜ਼ਬੂਤ ਕਰਨ ਲਈ ਸੀਨੀਅਰ ਵਣ ਅਧਿਕਾਰੀਆਂ, ਵਿਗਿਆਨੀਆਂ,



ਪਸ਼ੂਆਂ ਦੇ ਡਾਕਟਰਾਂ, ਚਿੜੀਆਘਰ ਪੇਸ਼ੇਵਰਾਂ, ਸੰਭਾਲ ਪ੍ਰੈਕਟੀਸ਼ਨਰਾਂ ਅਤੇ ਹੋਰ ਹਿੱਸੇਦਾਰਾਂ ਨੂੰ ਇਕਜੁੱਟ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਯਾਦਵ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਦਾ ਵਾਤਾਵਰਣ ਸੰਭਾਲ ਦ੍ਰਿਸ਼ਟੀਕੋਣ ਇੱਕ ਸੰਪੂਰਨ ਈਕੋਸਿਸਟਮ-ਅਧਾਰਿਤ ਸੰਭਾਲ ਮਾਡਲ 'ਤੇ ਅਧਾਰਿਤ ਹੈ ਅਤੇ ਇਹ ਕਿਸੇ ਖਾਸ ਪ੍ਰਜਾਤੀ ਤੱਕ ਸੀਮਤ ਨਹੀਂ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ ਇਹ ਦ੍ਰਿਸ਼ਟੀਕੋਣ ਵੱਖ-ਵੱਖ ਪ੍ਰਜਾਤੀਆਂ ਦੀ ਸੰਭਾਲ ਪਹਿਲਕਦਮੀਆਂ ਵਿੱਚ ਸਪਸ਼ਟ ਤੌਰ 'ਤੇ ਦਿਖਾਈ ਦਿੰਦਾ ਹੈ ਭਾਵੇਂ ਉਹ ਬਿਗ ਕੈਟਸ, ਸਲੋਥ ਬੀਅਰ, ਗ੍ਰੇਟ ਇੰਡੀਅਨ ਬਸਟਾਰਡ, ਡੌਲਫਿਨ, ਘੜਿਆਲ, ਜੰਗਲੀ ਪਾਣੀ ਦੀ ਮੱਝ ਜਾਂ ਗਿਰਝ ਹੋਣ। ਗਿਰਝਾਂ ਬਾਰੇ ਗੱਲ ਕਰਦੇ ਹੋਏ, ਉਨ੍ਹਾਂ ਦੱਸਿਆ ਕਿ ਕਿਵੇਂ ਭਾਰਤ, ਜੋ ਕਿ ਇੱਕ ਵਿਭਿੰਨ ਭਾਈਚਾਰੇ ਦੇ ਨਿਵਾਸੀ ਅਤੇ ਪ੍ਰਵਾਸੀ ਗਿਰਝਾਂ ਦਾ ਘਰ ਹੈ - ਚਿੱਟੀ ਪੂੰਛ ਵਾਲੇ, ਲੰਬੀ ਚੁੰਝ ਵਾਲੇ, ਪਤਲੀ ਚੁੰਝ ਵਾਲੇ, ਲਾਲ ਸਿਰ ਵਾਲੇ, ਮਿਸਰ ਦੇ, ਹਿਮਾਲਿਅਨ ਗ੍ਰਿਫਨ, ਯੂਰੇਸ਼ੀਅਨ ਗ੍ਰਿਫਨ, ਸਿਨੇਰੀਅਸ ਅਤੇ ਦਾੜ੍ਹੀ ਵਾਲੇ ਗਿਰਝ - ਉਨ੍ਹਾਂ ਦੀ ਸਫਲ ਸੰਭਾਲ ਲਈ ਯਤਨ ਕਰ ਰਿਹਾ ਹੈ। ਸ਼੍ਰੀ ਯਾਦਵ ਨੇ ਗਿਰਝਾਂ ਦੀ ਮਹੱਤਵਪੂਰਨ ਵਾਤਾਵਰਣ-ਸਬੰਧੀ ਭੂਮਿਕਾ ਨੂੰ ਬਹੁਤ ਹੀ ਕੁਸ਼ਲ ਸਫਾਈ ਕਰਨ ਵਾਲਿਆਂ ਵਜੋਂ ਉਜਾਗਰ ਕੀਤਾ ਅਤੇ ਉਨ੍ਹਾਂ ਨੂੰ ਕੁਦਰਤ ਦੀ ਆਪਣੀ ਸਫਾਈ ਪ੍ਰਣਾਲੀ ਦੱਸਿਆ। ਜਾਨਵਰਾਂ ਦੀਆਂ ਲਾਸ਼ਾਂ ਨੂੰ ਤੇਜ਼ੀ ਨਾਲ ਖਾਣ ਨਾਲ, ਗਿਰਝ ਪੌਸ਼ਟਿਕ ਤੱਤਾਂ ਦੀ ਰੀਸਾਈਕਲਿੰਗ ਦੀ ਸਹੂਲਤ ਦਿੰਦੇ ਹਨ ਅਤੇ ਵਾਤਾਵਰਣ ਸੰਤੁਲਨ ਬਣਾਈ ਰੱਖਣ ਵਿੱਚ ਮਦਦ ਕਰਦੇ ਹਨ। ਉਨ੍ਹਾਂ ਕਿਹਾ ਕਿ ਦੁਨੀਆ ਜਲਵਾਯੂ ਪਰਿਵਰਤਨ, ਮਨੁੱਖ-ਜਾਨਵਰ ਟਕਰਾਅ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ ਅਤੇ 1990 ਦੇ ਦਹਾਕੇ ਤੋਂ ਭਾਰਤੀ ਗਿਰਝਾਂ ਦੀ ਮੁੱਖ ਤੌਰ 'ਤੇ ਉਨ੍ਹਾਂ ਦੀ ਭੋਜਨ ਲੜੀ ਵਿੱਚ ਵਿਘਨ ਅਤੇ ਗਿਰਝਾਂ ਦੁਆਰਾ ਖਾਏ ਜਾਣ ਵਾਲੇ ਜਾਨਵਰਾਂ ਲਈ ਦਰਦ ਨਿਵਾਰਕ ਦਵਾਈਆਂ ਦੀ ਵਰਤੋਂ ਕਾਰਨ ਆਬਾਦੀ ਵਿੱਚ ਤੇਜ਼ੀ ਨਾਲ ਗਿਰਾਵਟ ਦੇਖੀ ਗਈ ਹੈ। ਮੰਤਰੀ ਨੇ ਗਿਰਝਾਂ ਦੀ ਸੰਭਾਲ ਲਈ ਨੀਤੀ ਨਿਰਮਾਣ ਵਿੱਚ 'ਸੰਪੂਰਨ ਸਰਕਾਰ' ਅਤੇ 'ਸੰਪੂਰਨ ਸਮਾਜ' ਦੇ ਦ੍ਰਿਸ਼ਟੀਕੋਣ ਵਜੋਂ ਤਾਲਮੇਲ ਵਾਲੇ ਯਤਨਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਗਿਰਝਾਂ-ਸੁਰੱਖਿਅਤ ਪਸ਼ੂ ਚਿਕਿਤਸਾ ਅਭਿਆਸਾਂ ਰਾਹੀਂ ਗਿਰਝਾਂ ਸੁਰੱਖਿਅਤ ਜ਼ੋਨ ਬਣਾਉਣ ਲਈ ਨਿਰੰਤਰ ਯਤਨਾਂ ਦਾ ਸੱਦਾ ਦਿੱਤਾ, ਸੁਰੱਖਿਅਤ ਭੋਜਨ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਅਤੇ ਜੰਗਲੀ ਪ੍ਰਜਾਤੀਆਂ ਦੀ ਰਿਕਵਰੀ ਵਿੱਚ ਸਹਾਇਤਾ ਲਈ ਤਕਨੀਕੀ ਸਮਰੱਥਾ ਦਾ ਨਿਰਮਾਣ ਕੀਤਾ। ਮੰਤਰੀ ਨੇ ਪਸ਼ੂ ਚਿਕਿਤਸਾ ਪੇਸ਼ੇਵਰਾਂ, ਪਸ਼ੂਆਂ ਦੇ ਮਾਲਕਾਂ, ਸਥਾਨਕ ਪ੍ਰਸ਼ਾਸਨ ਅਤੇ ਭਾਈਚਾਰਿਆਂ ਨੂੰ ਵੀ ਗਿਰਝਾਂ ਦੀ ਸੰਭਾਲ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਅਤੇ ਸੁਰੱਖਿਅਤ ਲਾਸ਼-ਪ੍ਰਬੰਧਨ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਦੀ ਤਾਕੀਦ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਹਰਿਆਣਾ ਰਾਜ ਦੇ ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਮਾਮਲੇ ਮੰਤਰੀ, ਸ਼੍ਰੀ ਰਾਓ ਨਰਬੀਰ ਸਿੰਘ ਨੇ ਜਟਾਯੂ ਕੰਜ਼ਰਵੇਸ਼ਨ ਬ੍ਰੀਡਿੰਗ ਸੈਂਟਰ (ਜੇਸੀਬੀਸੀ), ਪਿੰਜੌਰ ਵਿਖੇ ਕੀਤੇ ਜਾ ਰਹੇ ਮਹੱਤਵਪੂਰਨ ਯੋਗਦਾਨ ਅਤੇ ਸਫਲ ਗਿਰਝ ਸੰਭਾਲ ਪ੍ਰੋਗਰਾਮ ਬਾਰੇ ਗੱਲ ਕੀਤੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸੰਭਾਲ ਪ੍ਰਜਨਨ ਦੀ ਸਫਲਤਾ ਨੂੰ ਸਿਰਫ਼ ਜਨਮੇ ਜਾਨਵਰਾਂ ਦੀ ਗਿਣਤੀ ਦੁਆਰਾ ਨਹੀਂ ਮਾਪਿਆ ਜਾਣਾ ਚਾਹੀਦਾ, ਸਗੋਂ ਸਿਹਤਮੰਦ ਅਤੇ ਜੈਨੇਟਿਕ ਤੌਰ 'ਤੇ ਪ੍ਰਬੰਧਿਤ ਆਬਾਦੀ ਦੀ ਸਥਾਪਨਾ, ਵਿਗਿਆਨਕ ਗਿਆਨ ਦੀ ਸਿਰਜਣਾ, ਤਕਨੀਕੀ ਸਮਰੱਥਾ ਦੇ ਵਿਕਾਸ ਅਤੇ ਜੰਗਲੀ ਜੀਵਨ ਵਿੱਚ ਪ੍ਰਜਾਤੀਆਂ ਦੀ ਰਿਕਵਰੀ ਵਿੱਚ ਯੋਗਦਾਨ ਦੁਆਰਾ ਮਾਪਿਆ ਜਾਣਾ ਚਾਹੀਦਾ ਹੈ। ਅੰਤਰਰਾਸ਼ਟਰੀ ਗਿਰਝ ਜਾਗਰੂਕਤਾ ਦਿਵਸ 2026 ਰਾਸ਼ਟਰੀ ਵਰਕਸ਼ੌਪ ਦਾ ਆਯੋਜਨ ਇੱਕ ਨਵੀਂ ਵਚਨਬੱਧਤਾ ਨਾਲ ਕੀਤਾ ਗਿਆ ਸੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਗਿਰਝ ਭਾਰਤ ਦੇ ਲੈਂਡਸਕੇਪਾਂ ਵਿੱਚ ਵਧਦੇ-ਫੁਲਦੇ ਰਹਿਣ ਅਤੇ ਆਪਣੀ ਮਹੱਤਵਪੂਰਨ ਵਾਤਾਵਰਣ-ਸਬੰਧੀ ਭੂਮਿਕਾ ਨਿਭਾਉਂਦੇ ਰਹਿਣ। 'ਸੰਕਟ ਤੋਂ ਰਿਕਵਰੀ ਤੱਕ' ਯਾਤਰਾ ਵਿਗਿਆਨ, ਨੀਤੀ, ਸੰਭਾਲ ਪ੍ਰਜਨਨ, ਸੁਰੱਖਿਅਤ ਲੈਂਡਸਕੇਪਾਂ ਅਤੇ ਭਾਈਚਾਰਕ ਭਾਗੀਦਾਰੀ ਰਾਹੀਂ ਗਿਰਝਾਂ ਦੀ ਸੰਭਾਲ ਪ੍ਰਤੀ ਭਾਰਤ ਦੀ ਸਮੂਹਿਕ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਮੁੱਖ ਮੰਤਰੀ ਮਾਨ ਵੱਲੋਂ ਝੋਨੇ ਦੀ ਖ਼ਰੀਦ ਨਾਲ ਸਬੰਧਤ ਤਿੰਨ ਅਹਿਮ ਨੀਤੀਆਂ ਨੂੰ ਪ੍ਰਵਾਨਗੀ

**• ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸਾਉਣੀ ਸੀਜ਼ਨ 2026-27 ਲਈ 'ਪੰਜਾਬ ਕਸਟਮ ਮਿਲਿੰਗ ਪਾਲਿਸੀ', 'ਅਨਾਜ ਢੋਆ-ਢੁਆਈ ਨੀਤੀ 2027' ਅਤੇ 'ਅਨਾਜ ਲੇਬਰ ਤੇ ਕਾਰਟੇਜ ਨੀਤੀ 2027' ਨੂੰ ਹਰੀ ਝੰਡੀ**

ਜ਼ਿਕਰ ਪੰਜਾਬ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਅੱਜ ਆਗਾਮੀ ਸਾਉਣੀ ਮੰਡੀਕਰਨ ਸੀਜ਼ਨ (ਕੇ.ਐਮ.ਐਸ.) 2026-27 ਦੌਰਾਨ ਝੋਨੇ ਦੀ ਨਿਰਵਿਘਨ ਤੇ ਸੁਚਾਰੂ ਖ਼ਰੀਦ ਅਤੇ ਢੋਆ-ਢੁਆਈ ਨੂੰ ਯਕੀਨੀ ਬਣਾਉਣ ਲਈ ਤਿੰਨ ਅਹਿਮ ਨੀਤੀਆਂ ਨੂੰ ਪ੍ਰਵਾਨਗੀ ਦਿੱਤੀ ਹੈ। ਇਸ ਤੋਂ ਇਲਾਵਾ ਪੰਜਾਬ ਲੋਕ ਸੇਵਾ ਕਮਿਸ਼ਨ (ਗਰੁੱਪ 'ਏ') ਸੇਵਾ ਨਿਯਮ, 2012 ਵਿੱਚ ਸੋਧ, ਸਬ-ਡਵੀਜ਼ਨਲ ਹਸਪਤਾਲ, ਚਮਕੌਰ ਸਾਹਿਬ ਵਿਖੇ 33 ਅਸਾਮੀਆਂ ਸੁਰਜੀਤ ਕਰਨ, ਸਿਹਤ ਸੰਭਾਲ ਖੇਤਰ ਵਿੱਚ 138 ਨਵੀਆਂ ਅਸਾਮੀਆਂ ਦੀ ਸਿਰਜਣਾ ਅਤੇ 80 ਖਾਲੀ ਅਸਾਮੀਆਂ ਭਰਨ ਦੀ ਪ੍ਰਵਾਨਗੀ ਵੀ ਦਿੱਤੀ ਗਈ ਹੈ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਆਗਾਮੀ ਸਾਉਣੀ ਮੰਡੀਕਰਨ ਸੀਜ਼ਨ 2026-27 ਦੌਰਾਨ ਝੋਨੇ ਦੀ ਸੁਚਾਰੂ ਅਤੇ ਮੁਸ਼ਕਲ ਰਹਿਤ ਖ਼ਰੀਦ ਯਕੀਨੀ ਬਣਾਉਣ ਲਈ ਕੈਬਨਿਟ ਨੇ 'ਪੰਜਾਬ ਕਸਟਮ ਮਿਲਿੰਗ ਪਾਲਿਸੀ ਫਾਰ ਖਰੀਫ 2026-27', 'ਪੰਜਾਬ ਫੂਡਗ੍ਰੇਨਜ਼ ਟ੍ਰਾਂਸਪੋਰਟੇਸ਼ਨ ਪਾਲਿਸੀ 2027' ਅਤੇ 'ਪੰਜਾਬ ਫੂਡਗ੍ਰੇਨਜ਼ ਲੇਬਰ ਐਂਡ ਕਾਰਟੇਜ ਪਾਲਿਸੀ 2027' ਨੂੰ ਸਹਿਮਤੀ ਦੇ ਦਿੱਤੀ ਹੈ। ਮੰਤਰੀ ਮੰਡਲ ਨੇ ਆਗਾਮੀ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ ਦੇ ਇੱਕ-ਇੱਕ ਦਾਣੇ ਦੀ ਚੁਕਾਈ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ। ਕੈਬਨਿਟ ਨੇ ਝੋਨੇ ਦੇ ਆਗਾਮੀ ਖ਼ਰੀਦ ਸੀਜ਼ਨ ਦੌਰਾਨ ਪੈਦਾ ਹੋਣ ਵਾਲੀਆਂ ਸੰਭਾਵੀ ਪ੍ਰਸ਼ਾਸਕੀ ਲੋੜਾਂ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨੀਤੀਆਂ ਦੇ ਕਿਸੇ ਵੀ ਉਪਬੰਧ ਵਿੱਚ ਸੋਧ ਕਰਨ ਦਾ ਅਧਿਕਾਰ ਵੀ ਦਿੱਤਾ। ਇੱਕ ਹੋਰ ਮਹੱਤਵਪੂਰਨ ਫੈਸਲੇ ਵਿੱਚ ਕੈਬਨਿਟ ਨੇ ਪੰਜਾਬ ਲੋਕ ਸੇਵਾ ਕਮਿਸ਼ਨ (ਗਰੁੱਪ 'ਏ') ਸੇਵਾ ਨਿਯਮ, 2012 ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਪੰਜਾਬ ਲੋਕ ਸੇਵਾ ਕਮਿਸ਼ਨ ਵਿੱਚ ਨਿੱਜੀ ਸਹਾਇਕ ਤੋਂ ਨਿੱਜੀ ਸਕੱਤਰ ਵਜੋਂ ਤਰੱਕੀ ਲਈ ਉਪਬੰਧ ਸ਼ਾਮਲ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰਨ ਦਾ ਰਾਹ ਪੱਧਰਾ ਹੋ ਗਿਆ ਹੈ। ਚਮਕੌਰ ਸਾਹਿਬ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕੈਬਨਿਟ ਨੇ ਸਬ-ਡਵੀਜ਼ਨਲ ਹਸਪਤਾਲ, ਚਮਕੌਰ ਸਾਹਿਬ ਵਿਖੇ ਨਵੀਆਂ ਸਿਰਜੀਆਂ ਗਈਆਂ 33 ਅਸਾਮੀਆਂ ਨੂੰ ਸੁਰਜੀਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸਬ-ਡਵੀਜ਼ਨਲ ਹਸਪਤਾਲ ਨੂੰ ਕਮਿਊਨਿਟੀ ਹੈਲਥ ਸੈਂਟਰ ਤੋਂ ਅੱਪਗ੍ਰੇਡ ਕੀਤਾ ਗਿਆ ਸੀ। ਇਨ੍ਹਾਂ ਅਸਾਮੀਆਂ ਵਿੱਚ ਮੈਡੀਕਲ ਅਫ਼ਸਰ (ਮੈਡੀਸਨ), ਮੈਡੀਕਲ ਅਫ਼ਸਰ (ਆਰਥੋਪੈਡਿਕਸ), ਮੈਡੀਕਲ ਅਫ਼ਸਰ (ਐਨੇਸਥੀਸੀਆ), ਮੈਡੀਕਲ ਅਫ਼ਸਰ (ਪੈਥਾਲੋਜੀ), ਮੈਡੀਕਲ ਅਫ਼ਸਰ (ਅੱਖਾਂ ਦੇ ਮਾਹਿਰ), ਮੈਡੀਕਲ ਅਫ਼ਸਰ (ਰੇਡੀਓਲੋਜੀ), ਐਮ.ਬੀ.ਬੀ.ਐਸ. ਜਨਰਲ, ਨਰਸਿੰਗ ਸਿਸਟਰ, ਸੀਨੀਅਰ ਸਹਾਇਕ/ਅਕਾਊਂਟੈਂਟ, ਸਟਾਫ਼ ਨਰਸ, ਓ.ਟੀ.ਏ., ਡਰਾਈਵਰ ਅਤੇ ਕਲਰਕ ਆਦਿ ਸ਼ਾਮਲ ਹਨ। ਕੈਬਨਿਟ ਨੇ ਸਿਵਲ ਸਰਜਨ ਦਫ਼ਤਰ, ਮਾਲੇਰਕੋਟਲਾ ਲਈ ਵੱਖ-ਵੱਖ ਕੇਡਰਾਂ ਦੀਆਂ 19 ਨਵੀਆਂ ਅਸਾਮੀਆਂ ਦੀ ਸਿਰਜਣਾ ਨੂੰ ਵੀ ਪ੍ਰਵਾਨਗੀ ਦਿੱਤੀ ਹੈ ਤਾਂ ਜੋ ਜ਼ਿਲ੍ਹੇ ਦੇ ਵਸਨੀਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ-ਨਾਲ ਸਰਕਾਰੀ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਇੱਕ ਹੋਰ ਫੈਸਲੇ ਵਿੱਚ ਕੈਬਨਿਟ ਨੇ ਲੋਕਾਂ ਨੂੰ ਵਿਆਪਕ ਅਤੇ ਵਧੇਰੇ ਉੱਨਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਬ-ਡਵੀਜ਼ਨਲ ਹਸਪਤਾਲ, ਧੂਰੀ ਅਤੇ ਉੱਥੇ ਨਵੇਂ ਬਣੇ ਐਮ.ਸੀ.ਐਚ. ਸੈਂਟਰ ਵਿਖੇ ਵੱਖ-ਵੱਖ ਕੇਡਰਾਂ ਦੀਆਂ 119 ਨਵੀਆਂ ਅਸਾਮੀਆਂ ਦੀ ਸਿਰਜਣਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਮੰਤਰੀ ਮੰਡਲ ਨੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ ਮੈਡੀਕਲ ਅਫ਼ਸਰ (ਡੈਂਟਲ) ਦੀਆਂ 80 ਖਾਲੀ ਅਸਾਮੀਆਂ ਨੂੰ ਭਰਨ ਲਈ ਵੀ ਆਪਣੀ ਸਹਿਮਤੀ ਦੇ ਦਿੱਤੀ ਹੈ। ਇਨ੍ਹਾਂ ਵਿੱਚੋਂ 53 ਅਸਾਮੀਆਂ ਨੂੰ ਖਾਲੀ ਹੋਏ ਇੱਕ ਸਾਲ ਤੋਂ ਵੱਧ, ਜਦਕਿ 27 ਅਸਾਮੀਆਂ ਨੂੰ ਇੱਕ ਸਾਲ ਤੋਂ ਘੱਟ ਸਮਾਂ ਹੋ ਗਿਆ ਹੈ।



# ਈਪੀਐੱਫਓ ਖੇਤਰੀ ਦਫ਼ਤਰ ਚੰਡੀਗੜ੍ਹ ਵੱਲੋਂ ਮੋਹਾਲੀ ਇੰਡਸਟਰੀਅਲ ਐਸੋਸੀਏਸ਼ਨ ਵਿਖੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ



ਜ਼ਿਕਰ ਪੰਜਾਬ

**ਮੋਹਾਲੀ/ਪੀ.ਆਈ.ਬੀ**

ਕਰਮਚਾਰੀ ਭਵਿੱਖ ਨਿਧੀ ਸੰਗਠਨ ਦੇ ਖੇਤਰੀ ਦਫ਼ਤਰ, ਚੰਡੀਗੜ੍ਹ ਨੇ ਅੱਜ ਮੋਹਾਲੀ ਇੰਡਸਟਰੀਅਲ ਐਸੋਸੀਏਸ਼ਨ , ਮੋਹਾਲੀ ਵਿਖੇ ਸ਼੍ਰੀ ਅਸ਼ੋਕ ਗੁਪਤਾ, ਪ੍ਰਧਾਨ; ਸ਼੍ਰੀ ਰਾਕੇਸ਼ ਵਿੱਗ, ਜਨਰਲ ਸਕੱਤਰ; ਅਤੇ ਸ਼੍ਰੀ ਜਸਬੀਰ ਸਿੰਘ, ਚੇਅਰਮੈਨ ਸਮੇਤ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਅਹੁਦੇਦਾਰਾਂ ਦੇ ਸਹਿਯੋਗ ਨਾਲ ਇੱਕ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ। ਇਸ ਸੈਮੀਨਾਰ ਦਾ ਉਦੇਸ਼ ਐਮਨੈਸਟੀ ਸਕੀਮ, 2026, ਵਿਸ਼ਵਾਸ ਸਕੀਮ, 2026, ਕਰਮਚਾਰੀ ਨਾਮਜ਼ਦਗੀ ਮੁਹਿੰਮ, 2026 ਅਤੇ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੋਜ਼ਗਾਰ ਯੋਜਨਾ ਬਾਰੇ ਜਾਣਕਾਰੀ ਦਾ ਪ੍ਰਸਾਰ ਕਰਨਾ ਅਤੇ ਵਿਆਪਕ ਜਾਗਰੂਕਤਾ ਪੈਦਾ ਕਰਨਾ ਸੀ। ਇਸ ਸੈਮੀਨਾਰ ਦੀ ਪ੍ਰਧਾਨਗੀ ਡਾ. ਕੇ.ਪੀ. ਸਿੰਘ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-9 ਅਤੇ ਇੰਚਾਰਜ ਅਧਿਕਾਰੀ, ਖੇਤਰੀ ਦਫ਼ਤਰ, ਚੰਡੀਗੜ੍ਹ ਨੇ ਕੀਤੀ। ਇਸ ਮੌਕੇ ਸ਼੍ਰੀ ਨੀਰਜ ਸ਼੍ਰੀਵਾਸਤਵ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-9, ਜ਼ੋਨਲ ਦਫ਼ਤਰ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਵੀ ਹਾਜ਼ਰ ਰਹੇ। ਸੈਮੀਨਾਰ ਦੌਰਾਨ, ਸੰਗਠਨ ਦੇ ਅਧਿਕਾਰੀਆਂ ਨੇ ਸਬੰਧਤ ਕਾਨੂੰਨੀ ਉਪਬੰਧਾਂ, ਹਰੇਕ ਸਕੀਮ ਅਧੀਨ ਉਪਲਬਧ ਲਾਭਾਂ ਅਤੇ ਇਸ ਨਾਲ ਜੁੜੇ ਪ੍ਰਕਿਰਿਆਤਮਕ ਪਹਿਲੂਆਂ ਦੀ ਵਿਸਤ੍ਰਿਤ ਜਾਣਕਾਰੀ ਦਿੱਤੀ, ਤਾਂ ਜੋ ਹਿੱਸੇਦਾਰ ਇਨ੍ਹਾਂ ਸਕੀਮਾਂ ਦਾ ਲਾਭ ਸਪੱਸ਼ਟਤਾ ਅਤੇ ਆਸਾਨੀ ਨਾਲ ਲੈ ਸਕਣ। ਇਸ ਪ੍ਰੋਗਰਾਮ ਵਿੱਚ ਹੋਰਨਾਂ ਦੇ ਨਾਲ-ਨਾਲ, ਛੋਟ ਪ੍ਰਾਪਤ ਅਦਾਰਿਆਂ ਜਿਵੇਂ ਹਿੰਦੁਸਤਾਨ ਯੂਨੀਲੀਵਰ ਲਿਮਟਿਡ, ਪੀ.ਆਰ.ਟੀ.ਸੀ., ਡੀ.ਏ.ਵੀ. ਆਦਿ ਦੇ ਨੁਮਾਇੰਦਿਆਂ; ਮੋਹਾਲੀ, ਡੇਰਾਬੱਸੀ, ਲਾਲੜੂ ਅਤੇ ਪਟਿਆਲਾ ਦੇ ਵੱਖ-ਵੱਖ ਅਦਾਰਿਆਂ ਜਿਵੇਂ ਟੈਲੀਪਰਫਾਰਮੈਂਸ ਮੋਹਾਲੀ, ਟੀ.ਡੀ.ਐੱਸ. ਮੈਨੇਜਮੈਂਟ ਮੋਹਾਲੀ, ਨਾਹਰ ਇੰਡਸਟਰੀਜ਼ ਆਦਿ ਦੇ ਨੁਮਾਇੰਦਿਆਂ; ਅਤੇ ਮਾਲਕ ਐਸੋਸੀਏਸ਼ਨਾਂ ਜਿਵੇਂ ਡੇਰਾਬੱਸੀ ਇੰਡਸਟਰੀਅਲ ਐਸੋਸੀਏਸ਼ਨ (ਜਿਸਦੀ ਨੁਮਾਇੰਦਗੀ ਸ਼੍ਰੀ ਗੁਰਜੰਟ ਸਿੰਘ ਨੇ ਕੀਤੀ) ਅਤੇ ਲਾਲੜੂ ਇੰਡਸਟਰੀਅਲ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੇ ਨਾਲ-ਨਾਲ ਹੋਰ ਸਬੰਧਤ ਵਿਅਕਤੀਆਂ ਅਤੇ ਹਿੱਸੇਦਾਰਾਂ ਨੇ ਵੀ ਹਿੱਸਾ ਲਿਆ। ਪ੍ਰੋਗਰਾਮ ਵਿੱਚ ਮੌਜੂਦ ਸਾਰੇ ਲੋਕਾਂ ਨੇ ਇਨ੍ਹਾਂ ਸਕੀਮਾਂ ਨੂੰ ਸ਼ੁਰੂ ਕਰਨ ਦੀ ਸਰਕਾਰ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ।

# ਹਲਕਾ ਪੂਰਵੀ ਦੇ ਵੱਖ-ਵੱਖ ਮੰਦਰਾਂ 'ਚ ਮਨਾਇਆ ਗਿਆ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ

**• ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਵਿਧਾਇਕ ਗਰੇਵਾਲ ਨੇ ਭਰੀ ਹਾਜ਼ਰੀ • ਸਾਡੇ ਧਾਰਮਿਕ ਸਮਾਗਮਾਂ ਰਾਹੀਂ ਸਾਨੂੰ ਆਪਸੀ ਭਾਈਚਾਰਕ ਸਾਂਝ ਦਾ ਮਿਲਦਾ ਹੈ ਸੁਨੇਹਾ : ਗਰੇਵਾਲ /ਸਿਸੋਦੀਆ**

ਜ਼ਿਕਰ ਪੰਜਾਬ

**ਲੁਧਿਆਣਾ/ਅਨਿਲ ਜੇਤਲੀ**

ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਦੇਸ਼ ਭਰ ਤੋਂ ਇਲਾਵਾ ਵਿਦੇਸ਼ਾਂ ਵਿੱਚ ਵੀ ਬੜੀ ਧੂਮ - ਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ , ਇਸੇ ਹੀ ਤਹਿਤ ਮਹਾਨਗਰ ਦੇ ਹਲਕਾ ਪੂਰਵੀ ਦੇ ਵੱਖ - ਵੱਖ ਮੰਦਰਾਂ ਅਤੇ ਇਲਾਕਿਆਂ ਚ ਇਸ ਤਿਉਹਾਰ ਨੂੰ ਮਨਾਇਆ ਗਿਆ । ਇਸ ਦੌਰਾਨ ਮੁੱਖ ਮਹਿਮਾਨ ਦੇ ਤੌਰ ਤੇ ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਸਮੂਹ ਦੇਸ਼ ਵਾਸੀਆਂ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ । ਇਸ ਮੌਕੇ ਤੇ ਪੰਜਾਬ ਇੰਚਾਰਜ ਮਨੀਸ਼ ਸਸੋਦੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੜੀ ਹੀ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਵਾਸੀ ਹਰ ਤਿਉਹਾਰ ਨੂੰ ਚਾਹੇ ਉਹ ਕਿਸੇ ਵੀ ਧਰਮ ਨਾਲ ਸੰਬੰਧਿਤ ਕਿਉਂ ਨਾ ਹੋਵੇ ਮਿਲ ਜੁਲ ਕੇ ਮਨਾਉਂਦੇ ਹਨ। ਉਹਨਾਂ ਇੰਚਾਰਜ ਮਨੀਸ਼ ਸਿਸੋਦੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਖਾਸ ਤੌਰ ਤੇ ਇਸ ਪਵਿੱਤਰ ਤਿਉਹਾਰ ਤੇ ਪੰਜਾਬ ਵਾਸੀਆਂ ਨੂੰ ਵਧਾਈ ਦੇਣ ਲਈ ਪਹੁੰਚੇ ਹਨ , ਅਸੀਂ ਆਪਣੇ ਹਲਕੇ ਅਤੇ ਸਮੂਹ ਪਾਰਟੀ ਵਰਕਰਾਂ ਵੱਲੋਂ ਉਹਨਾਂ ਦੇ ਧੰਨਵਾਦੀ ਹਾਂ , ਉਹਨਾਂ ਕਿਹਾ ਕਿ ਅਸੀਂ ਪੰਜਾਬੀ ਹਾਂ ਅਤੇ ਸਾਡੀਆਂ ਮਿਸਾਲਾਂ ਹਰ ਖੇਤਰ ਵਿੱਚ ਉਸ ਪਰਮਾਤਮਾ ਦੀ ਕਿਰਪਾ ਨਾਲ ਚੜ੍ਹਦੀ ਕਲਾ ਦੇ ਰੂਪ ਵਿੱਚ ਦਿੱਤੀਆਂ ਜਾਂਦੀਆਂ ਹਨ, ਉਹਨਾਂ ਕਿਹਾ ਕਿ ਸਾਡੇ ਧਾਰਮਿਕ ਸਮਾਗਮਾਂ ਰਾਹੀਂ ਸਾਨੂੰ ਆਪਸੀ ਭਾਈਚਾਰਕ ਸਾਂਝ ਦਾ ਜੋ ਸੁਨੇਹਾ ਮਿਲਦਾ ਹੈ ਉਸ ਦੀ ਬਦੌਲਤ ਹੀ ਅਸੀਂ ਅਤੇ ਸਾਡਾ ਸੂਬਾ ਅੱਜ ਮੁੜ ਤੋਂ ਰੰਗਲਾ ਪੰਜਾਬ ਬਣ ਰਿਹਾ ਹੈ, ਉਹਨਾਂ ਕਿਹਾ ਕਿ ਉਹ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਅਤੇ ਸਮੁੱਚੀ ਪਾਰਟੀ ਲੀਡਰਸ਼ਿਪ ਦੇ ਧੰਨਵਾਦੀ ਹਨ ਜਿਨਾਂ ਦੇ ਯਤਨਾਂ ਸਦਕਾ ਅੱਜ ਪੰਜਾਬ ਹਰ ਖੇਤਰ ਚ ਤਰੱਕੀ ਦੀਆਂ ਲੀਹਾਂ ਤੇ ਦੌੜ ਰਿਹਾ ਹੈ । ਇਸ ਮੌਕੇ ਤੇ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ਪੰਜਾਬ ਇੰਚਾਰਜ ਮਨੀਸ਼ ਸਸੋਦੀਆ ਦਾ ਮੰਦਰ ਕਮੇਟੀਆਂ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਸਨਮਾਨ ਚਿੰਨ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਧਾਰਮਿਕ ਸੰਸਥਾ ਦੇ ਮੁੱਖ ਸੇਵਾਦਾਰ ਬੰਟੀ ਬਾਬਾ, ਮੇਅਰ ਪਿੰਸੀਪਲ ਇੰਦਰਜੀਤ ਕੌਰ , ਕੌਂਸਲਰ ਅਸ਼ਵਨੀ ਗੋਭੀ, ਕੌਂਸਲਰ ਬਾਰੂ ਗਰੇਵਾਲ, ਕੌਂਸਲਰ ਅਮਰਜੀਤ ਸਿੰਘ , ਕੌਂਸਲਰ ਲਵਲੀ ਮਨੋਚਾ, ਕੌਂਸਲਰ ਜਗਦੀਸ਼ ਲਾਲ ਦਿਸ਼ਾ , ਸੁਖਦੇਵ ਸਿੰਘ ਸੁੱਖਾ, ਬਾਜ ਸਿੰਘ ਸਿੱਧੂ, ਕੌਂਸਲਰ ਲੱਕੀ ਚੌਧਰੀ , ਕੌਂਸਲਰ ਅਨੁੱਜ ਚੌਧਰੀ , ਬਾਬੂ ਸ਼ਰਮਾ , ਜਸਵਿੰਦਰ ਸੰਧੂ , ਭੂਸ਼ਨ ਸ਼ਰਮਾ , ਕੌਂਸਲਰ ਨਿੱਧੀ ਗੁਪਤਾ , ਗੱਗੀ ਸ਼ਰਮਾ , ਜਸਪਾਲ ਲਾਲੀ , ਰਵਿੰਦਰ ਰਾਜੂ , ਗਿਫਟੀ , ਸੁਰਜੀਤ ਠੇਕੇਦਾਰ , ਭਾਰਤ ਭੂਸ਼ਨ ਮਿੰਟੂ , ਰਾਕੇਸ਼ ਪਿੰਕਾ , ਅੰਕੁਰ ਗੁਲਾਟੀ , ਮਨਵੀਰ ਸੰਧੂ , ਸੁੱਚਾ ਫਾਬੜਾ , ਗੁਰਦੀਪ ਲੱਕੀ ਤੋਂ ਇਲਾਵਾ ਵੱਡੀ ਗਿਣਤੀ ਚ ਪਾਰਟੀ ਵਰਕਰ ਅਤੇ ਇਲਾਕਾ ਵਾਸੀ ਹਾਜ਼ਰ ਸਨ।





# ਜੰਗਲਾਤ ਕਾਮਿਆਂ ਦਾ ਸੂਬਾ ਸਰਕਾਰ ਦੇ ਭਲਾਈ ਏਜੰਡੇ ਵਿੱਚ ਅਹਿਮ ਸਥਾਨ : ਕਟਾਰੂਚੱਕ

ਜ਼ਿਕਰ ਪੰਜਾਬ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਨੀਤੀਆਂ ਉਲੀਕਣ ਦੇ ਦ੍ਰਿੜ ਇਰਾਦੇ ਨੂੰ ਦੁਹਰਾਉਂਦਿਆਂ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਕਿਹਾ ਕਿ ਸੂਬਾ ਸਰਕਾਰ ਦੀਆਂ ਯੋਜਨਾਵਾਂ ਵਿੱਚ ਜੰਗਲਾਤ ਕਾਮਿਆਂ ਦਾ ਅਹਿਮ ਸਥਾਨ ਹੈ। ਅੱਜ ਡੈਮੋਕਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ, ਪੰਜਾਬ ਨਾਲ ਇੱਕ ਮੀਟਿੰਗ ਦੌਰਾਨ ਜੰਗਲਾਤ ਮੰਤਰੀ ਨੇ ਯੂਨੀਅਨ ਦੀਆਂ ਸਾਰੀਆਂ ਮੰਗਾਂ ਨੂੰ ਧੀਰਜ ਨਾਲ ਸੁਣਿਆ ਅਤੇ ਜਾਇਜ਼ ਮੰਗਾਂ ਨੂੰ ਉੱਚ ਪੱਧਰ 'ਤੇ ਚੁੱਕਣ ਦਾ ਭਰੋਸਾ ਦਿੱਤਾ। ਫੀਲਡ ਵਰਕਰਾਂ ਵੱਲੋਂ ਕੀਤੇ ਜਾਂਦੇ ਕੰਮਾਂ ਨੂੰ ਖਤਰੇ ਵਾਲੇ ਕੰਮਾਂ ਦੀ ਸ਼੍ਰੇਣੀ ਵਿੱਚ ਸ਼ਾਮਿਲ ਕਰਨ ਦੀ ਮੰਗ ਸਬੰਧੀ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਸਰਕਾਰ ਦੇ ਉੱਚ ਪੱਧਰ 'ਤੇ ਚੁੱਕਣਗੇ। ਮੀਟਿੰਗ ਦੌਰਾਨ ਮੰਤਰੀ ਨੇ ਭਰੋਸਾ ਦਿੱਤਾ ਕਿ ਕਿਸੇ ਵੀ ਕਾਮੇ ਨੂੰ ਨੌਕਰੀ ਤੋਂ ਨਹੀਂ ਕੱਢਿਆ ਜਾਵੇਗਾ ਕਿਉਂਕਿ ਸੂਬਾ ਸਰਕਾਰ ਕਾਮਿਆਂ ਦੀ ਨੌਕਰੀ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ

**ਕਿਸੇ ਵੀ ਕਾਮੇ ਨੂੰ ਨੌਕਰੀ ਤੋਂ ਨਹੀਂ ਕੱਢਿਆ ਜਾਵੇਗਾ; ਕਿਹਾ- ਸੂਬਾ ਸਰਕਾਰ ਨੇ 1,458 ਜੰਗਲਾਤ ਕਾਮਿਆਂ ਨੂੰ ਕੀਤਾ ਰੈਗੂਲਰ**

ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਤੋਂ ਇਲਾਵਾ, ਕੋਈ ਵੀ ਚੱਲ ਰਿਹਾ ਕੰਮ ਠੇਕੇ 'ਤੇ ਨਹੀਂ ਦਿੱਤਾ ਜਾਵੇਗਾ। ਸ੍ਰੀ ਕਟਾਰੂਚੱਕ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਜੰਗਲਾਤ ਵਿਭਾਗ ਵਿੱਚ 1,458 ਕਾਮਿਆਂ ਨੂੰ ਰੈਗੂਲਰ ਕੀਤਾ ਹੈ, ਜਿਸ ਵਿੱਚ ਇਸ ਸਾਲ 516 ਕਾਮੇ ਅਤੇ ਪਿਛਲੇ ਸਾਲ 942 ਕਾਮੇ ਸ਼ਾਮਿਲ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਹੁਣ ਤੱਕ 70,000 ਤੋਂ ਵੱਧ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਹਰ ਇੱਕ ਨੌਕਰੀ ਮੈਰਿਟ ਦੇ ਆਧਾਰ 'ਤੇ ਦਿੱਤੀ ਗਈ ਹੈ, ਜੋ ਸੂਬਾ ਸਰਕਾਰ ਦੇ ਕਰਮਚਾਰੀ-ਪੱਖੀ ਰਵੱਈਏ ਨੂੰ ਦਰਸਾਉਂਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ.ਸੀ.ਸੀ.ਐਫ. (ਜੰਗਲਾਤ ਬਲ ਦੇ ਮੁਖੀ) ਧਰਮਿੰਦਰ ਸ਼ਰਮਾ, ਏ.ਪੀ.ਸੀ.ਸੀ.ਐਫ. (ਪ੍ਰਸ਼ਾਸਨ) ਪ੍ਰਤਿਮਾ ਸ੍ਰੀਵਾਸਤਵ ਅਤੇ ਏ. ਪੀ. ਸੀ. ਸੀ. ਐਫ. (ਪਨਕੈਂਪਾ) ਚਰਚਿਲ ਕੁਮਾਰ ਵੀ ਹਾਜ਼ਿਰ ਸਨ।

# ਆਪ ਮਹਿਲਾ ਵਿੰਗ ਹਰ ਔਰਤ ਦੇ ਨਾਲ ਖੜ੍ਹੇਗਾ ਅਤੇ ਦੋਸ਼ੀਆਂ ਖ਼ਿਲਾਫ਼ ਕੀਤੀ ਜਾਵੇ ਸਖ਼ਤ ਕਾਰਵਾਈ : ਡਾ. ਅਮਨਦੀਪ ਅਰੋੜਾ

ਜ਼ਿਕਰ ਪੰਜਾਬ

**ਸਮਰਾਲਾ/ਜ਼ਿਕਰ**

ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਵਿੱਚ ਇੱਕ ਬਜ਼ੁਰਗ ਦਲਿਤ ਔਰਤ ਨਾਲ ਹੋਈ ਕਥਿਤ ਕੁੱਟਮਾਰ ਅਤੇ ਬੇਇੱਜ਼ਤੀ ਖ਼ਿਲਾਫ਼ ਆਮ ਆਦਮੀ ਪਾਰਟੀ (ਆਪ) ਪੰਜਾਬ ਮਹਿਲਾ ਵਿੰਗ ਵੱਲੋਂ ਸ਼ਨੀਵਾਰ ਨੂੰ ਸਮਰਾਲਾ ਵਿੱਚ ਐਸਡੀਐਮ ਦਫ਼ਤਰ ਬਾਹਰ ਜ਼ਿਲ੍ਹਾ ਪੱਧਰੀ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਵਿੱਚ ਹਜ਼ਾਰਾਂ ਔਰਤਾਂ ਨੇ ਸ਼ਿਰਕਤ ਕੀਤੀ, ਜਿਸ ਦੀ ਅਗਵਾਈ ਆਪ ਮਹਿਲਾ ਵਿੰਗ ਪੰਜਾਬ ਦੀ ਪ੍ਰਧਾਨ ਅਤੇ ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕੀਤੀ। ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਹੋਰ ਕਈ ਮਹਿਲਾ ਆਗੂ ਵੀ ਇਸ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਪ੍ਰਦਰਸ਼ਨਕਾਰੀ ਔਰਤਾਂ ਨੇ ਬਾਦਲ ਪਰਿਵਾਰ ਅਤੇ ਘਟਨਾ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਦਾ ਪੁਤਲਾ ਵੀ ਫੂਕਿਆ ਅਤੇ ਇਸ ਘਟਨਾ 'ਤੇ ਚੁੱਪ ਧਾਰਨ ਲਈ ਸੁਖਬੀਰ ਸਿੰਘ ਬਾਦਲ ਅਤੇ ਹਰਸਿਮਰਤ ਕੌਰ ਬਾਦਲ ਖ਼?ਲਾਫ਼ ਆਪਣੇ ਰੋਸ ਦਾ ਪ੍ਰਗਟਾਵਾ ਕੀਤਾ। ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਆਪ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ, 'ਹਰ ਕਿਸੇ ਨੇ ਉਹ ਪਰੇਸ਼ਾਨ ਕਰਨ ਵਾਲੀਆਂ ਵੀਡੀਓਜ਼ ਦੇਖੀਆਂ ਹਨ ਕਿ ਕਿਵੇਂ ਅਕਾਲੀ ਦਲ ਦੇ ਦਫ਼ਤਰ ਅੰਦਰ ਦੂਜੀਆਂ ਔਰਤਾਂ ਵੱਲੋਂ ਇੱਕ ਔਰਤ ਦੀ ਕੁੱਟਮਾਰ ਕੀਤੀ ਗਈ। ਔਰਤ ਨੇ ਕਥਿਤ ਤੌਰ 'ਤੇ ਸਿਰਫ਼ ਇੱਕੋ ਗੱਲ ਕਹੀ ਸੀ ਕਿ ਭਗਵੰਤ ਸਿੰਘ ਮਾਨ ਉਸ ਦੇ ਬੇਟੇ ਵਰਗਾ ਹੈ। ਉਸ ਨੂੰ ਕਥਿਤ ਤੌਰ 'ਤੇ ਕਿਹਾ ਗਿਆ ਸੀ ਕਿ ਇਹ ਦਫ਼ਤਰ ਬਾਦਲਾਂ ਦਾ ਹੈ ਅਤੇ ਜੇਕਰ ਉਸ ਨੇ ਉੱਥੇ ਭਗਵੰਤ ਸਿੰਘ ਮਾਨ ਦਾ ਨਾਂ ਲਿਆ ਤਾਂ ਉਸ ਦੀ ਕੁੱਟਮਾਰ ਕੀਤੀ ਜਾਵੇਗੀ। ਇਹ ਬਹੁਤ ਹੀ ਸ਼ਰਮਨਾਕ ਰਵੱਈਆ ਹੈ।' ਆਪ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਨੇ ਕਿਹਾ, 'ਕਿਸੇ ਨੂੰ ਕਾਨੂੰਨ ਆਪਣੇ ਹੱਥ ਵਿੱਚ ਲੈਣ ਦਾ ਹੱਕ ਕਿਸ ਨੇ ਦਿੱਤਾ? ਚਾਹੇ ਕੋਈ ਵਿਅਕਤੀ ਸਿਆਸੀ ਤੌਰ 'ਤੇ ਸ਼ਕਤੀਸ਼ਾਲੀ ਹੋਵੇ ਜਾਂ ਨਾ, ਕਾਨੂੰਨ ਸਭ ਲਈ ਬਰਾਬਰ ਹੈ। ਜੇਕਰ ਔਰਤ ਨਾਲ ਕੋਈ ਅਸਹਿਮਤੀ ਸੀ ਤਾਂ ਪੁਲਿਸ ਨੂੰ ਬੁਲਾਉਣਾ ਚਾਹੀਦਾ ਸੀ। ਉਸ ਨੂੰ ਦਫ਼ਤਰ ਵਿੱਚ ਬੁਲਾ ਕੇ ਉਸ ਨਾਲ ਕੁੱਟਮਾਰ ਨਹੀਂ ਕਰਨੀ ਚਾਹੀਦੀ ਸੀ।' ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ, 'ਔਰਤ ਨੂੰ ਸਿਰਫ਼ ਇਸ ਲਈ ਕੁੱਟਿਆ ਗਿਆ ਕਿਉਂਕਿ ਉਸ ਨੇ ਭਗਵੰਤ ਸਿੰਘ ਮਾਨ ਦਾ ਨਾਂ ਲਿਆ ਸੀ। ਇਹ ਦਰਸਾਉਂਦਾ ਹੈ ਕਿ ਬਾਦਲਾਂ ਦੇ ਮਨ ਵਿੱਚ ਭਗਵੰਤ ਸਿੰਘ ਮਾਨ ਪ੍ਰਤੀ ਕਿੰਨਾ ਡਰ ਅਤੇ ਬੌਖਲਾਹਟ ਹੈ। ਮੁੱਖ ਮੰਤਰੀ ਨੇ ਪੰਜਾਬ ਦੇ ਲੋਕਾਂ ਲਈ ਲਗਾਤਾਰ ਕੰਮ ਕੀਤਾ ਹੈ ਅਤੇ ਅਜਿਹੇ ਕੰਮ ਕਰਕੇ ਦਿਖਾਏ ਹਨ ਜੋ ਰਵਾਇਤੀ ਪਾਰਟੀਆਂ ਦਹਾਕਿਆਂ ਦੇ ਰਾਜ ਦੌਰਾਨ ਵੀ ਕਰਨ ਵਿੱਚ ਨਾਕਾਮ ਰਹੀਆਂ।' ਆਪ ਵਿਧਾਇਕਾ ਨੇ ਅੱਗੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਨੇ ਸਿਆਸੀ ਲਾਹੇ ਲਈ ਵਾਰ-ਵਾਰ ਪਾੜੋ ਤੇ ਰਾਜ ਕਰੋ ਦੀ ਰਾਜਨੀਤੀ ਕੀਤੀ ਹੈ ਅਤੇ ਪੰਜਾਬ ਦੇ ਭਾਈਚਾਰਕ ਸਾਂਝ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਅਜਿਹੀ ਰਾਜਨੀਤੀ ਨੂੰ ਨਕਾਰ ਦਿੱਤਾ ਹੈ ਅਤੇ ਉਹ ਔਰਤਾਂ ਦੀ ਬੇਇੱਜ਼ਤੀ ਜਾਂ ਧਮਕੀਆਂ ਨੂੰ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ 'ਆਪ ਮਹਿਲਾ ਵਿੰਗ ਪੰਜਾਬ ਦੀ ਹਰ ਔਰਤ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਕਿਸੇ ਵੀ ਔਰਤ 'ਤੇ ਹਮਲਾ, ਧਮਕੀ ਜਾਂ ਬੇਇੱਜ਼ਤੀ ਨਹੀਂ ਹੋਣੀ ਚਾਹੀਦੀ। ਅਸੀਂ ਨਿਰਪੱਖ ਜਾਂਚ ਅਤੇ ਜੋ ਵੀ ਦੋਸ਼ੀ ਪਾਇਆ ਜਾਂਦਾ ਹੈ ਉਸ ਖ਼?ਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਮੰਗ ਕਰਦੇ ਹਾਂ।' ਡਾ. ਅਮਨਦੀਪ ਕੌਰ ਅਰੋੜਾ ਨੇ ਸਬੰਧਤ ਪੁਲਿਸ ਕਮਿਸ਼ਨਰ, ਐਸਐਸਪੀ ਅਤੇ ਵਧੀਕ ਡਿਪਟੀ ਕਮਿਸ਼ਨਰ ਨੂੰ ਇਹ ਯਕੀਨੀ ਬਣਾਉਣ ਦੀ ਵੀ ਅਪੀਲ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਖ਼ਿਲਾਫ਼ ਯੋਗ ਕਾਨੂੰਨੀ ਕਾਰਵਾਈ ਕੀਤੀ ਜਾਵੇ।



# ਜੀਵਨਜੋਤ ਪ੍ਰੋਜੈਕਟ ਤਹਿਤ ਲੁਧਿਆਣਾ ਵਿੱਚ ਵਿਸ਼ੇਸ਼ ਰੇਡ ਮੁਹਿੰਮ, 4 ਬੱਚੇ ਰੈਸਕਿਊ

ਜ਼ਿਕਰ ਪੰਜਾਬ



**ਲੁਧਿਆਣਾ/ਡੀ.ਪੀ.ਆਰ**

ਜੀਵਨਜੋਤ ਪ੍ਰੋਜੈਕਟ ਤਹਿਤ ਬੱਚਿਆਂ ਦੀ ਸੁਰੱਖਿਆ, ਭਲਾਈ ਅਤੇ ਅਧਿਕਾਰਾਂ ਦੀ ਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ, ਸ. ਗੁਰਮੀਤ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਲੁਧਿਆਣਾ ਜੀ ਦਿਸ਼ਾ-ਨਿਰਦੇਸ਼ਾਂ ਤੇ ਲੁਧਿਆਣਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਰੇਡ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਲੁਧਿਆਣਾ ਰੇਲਵੇ ਸਟੇਸ਼ਨ, ਘੰਟਾ ਘਰ, ਜਲੰਧਰ ਬਾਈਪਾਸ, ਵਿਸ਼ਵਨਾਥ ਚੌਂਕ ਅਤੇ ਜਮਾਲਪੁਰ ਚੌਂਕ ਸਮੇਤ ਵੱਖ-ਵੱਖ ਸੰਵੇਦਨਸ਼ੀਲ ਇਲਾਕਿਆਂ ਨੂੰ ਕਵਰ ਕੀਤਾ ਗਿਆ। ਮੁਹਿੰਮ ਦੌਰਾਨ ਟੀਮ ਵੱਲੋਂ ਕੀਤੀ ਗਈ ਕਾਰਵਾਈ ਦੇ ਨਤੀਜੇ ਵਜੋਂ ਕੁੱਲ 4 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਇਸ ਉਪਰੰਤ ਇਨ੍ਹਾਂ ਬੱਚਿਆਂ ਨੂੰ ਬਾਲ ਭਲਾਈ ਕਮੇਟੀ, ਲੁਧਿਆਣਾ ਸਨਮੁੱਖ ਪੇਸ਼ ਕਰਕੇ, ਜੇ.ਜੇ. ਐਕਟ ਅਧੀਨ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਲ ਸੁਰੱਖਿਆ ਅਫ਼ਸਰ ਲੁਧਿਆਣਾ ਜੀ ਕੀਤੀ , ਜਿਸ ਵਿੱਚ ਸਿਨਾਕਸ਼ੀ ਰਾਣੇ, ਜੋਤੀ, ਕਮਲਜੀਤ ਕੌਰ, ਸ਼ਰਦ ਸੂਦ, ਸੰਦੀਪ, ਮਨਪ੍ਰੀਤ ਕੌਰ, ਪ੍ਰਭਜੋਤ ਕੌਰ ਅਤੇ ਰਾਜਿੰਦਰ ਸਿੰਘ ਨੇ ਭਾਗ ਲਿਆ। ਇਸ ਤੋਂ ਇਲਾਵਾ ਚਾਈਲਡ ਹੈਲਪਲਾਈਨ ਟੀਮ ਦੀ ਗੀਤੂ ਸੂਦ ਅਤੇ ਭੁਪਿੰਦਰ ਸਿੰਘ ਵੀ ਮੁਹਿੰਮ ਵਿੱਚ ਸ਼ਾਮਲ ਰਹੇ। ਇਸ ਮੁਹਿੰਮ ਵਿੱਚ ਪੁਲਿਸ ਪ੍ਰਸ਼ਾਸਨ ਵੱਲੋਂ ਵੀ ਸਹਿਯੋਗ ਦਿੱਤਾ ਗਿਆ। ਰੇਡ ਦੌਰਾਨ ਰੈਸਕਿਊ ਕੀਤੇ ਗਏ ਬੱਚਿਆਂ ਦੀ ਸੁਰੱਖਿਆ, ਭਲਾਈ ਅਤੇ ਪੁਨਰਵਾਸ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਸਬੰਧੀ ਅਗਲੀ ਲੋੜੀਂਦੀ ਕਾਰਵਾਈ ਨਿਰਧਾਰਤ ਕਾਨੂੰਨੀ ਨਿਯਮਾਂ, ਪ੍ਰੋਟੋਕੋਲ ਅਤੇ ਬਾਲ ਸੁਰੱਖਿਆ ਪ੍ਰਬੰਧਾਂ ਅਨੁਸਾਰ ਕੀਤੀ ਜਾ ਰਹੀ ਹੈ। ਜੀਵਨਜੋਤ ਪ੍ਰੋਜੈਕਟ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸੁਰੱਖਿਅਤ ਅਤੇ ਸਹਾਇਕ ਮਾਹੌਲ ਪ੍ਰਦਾਨ ਕਰਨਾ, ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਅਤੇ ਲੋੜਵੰਦ ਬੱਚਿਆਂ ਨੂੰ ਸਮੇਂ ਸਿਰ ਸਹਾਇਤਾ, ਸੁਰੱਖਿਆ ਅਤੇ ਲੋੜੀਂਦੀਆਂ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਬੱਚਿਆਂ ਦੀ ਸੁਰੱਖਿਆ ਅਤੇ ਭਲਾਈ ਨੂੰ ਤਰਜੀਹ ਦਿੰਦਿਆਂ ਅਜਿਹੀਆਂ ਰੇਡਾਂ ਅਤੇ ਜਾਗਰੂਕਤਾ ਮੁਹਿੰਮਾਂ ਨੂੰ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ ਗਈ।

# ਫਿਕੋ ਨੇ ਉਦਯੋਗਾਂ 'ਤੇ ਨਾਈਟ ਬਲੈਕਆਉਟ ਦਾ ਕੀਤਾ ਸਖ਼ਤ ਵਿਰੋਧ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**

ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ (ਫਿਕੋ) ਦਾ ਇੱਕ ਵਫ਼ਦ ਸ਼. ਕੇ.ਕੇ. ਸੇਠ, ਚੇਅਰਮੈਨ, ਫਿਕੋ ਦੀ ਅਗਵਾਈ ਹੇਠ, ਸ. ਗੁਰਮੀਤ ਸਿੰਘ ਕੁਲਾਰ, ਪ੍ਰੈਜ਼ੀਡੈਂਟ, ਫਿਕੋ ਅਤੇ ਸ. ਹਰਪਾਲ ਸਿੰਘ ਭੰਬਰ, ਹੈੱਡ ਸਾਈਕਲ ਡਿਵੀਜ਼ਨ, ਫਿਕੋ ਸਮੇਤ ਸ. ਜਗਦੇਵ ਸਿੰਘ ਹੰਸ, ਚੀਫ਼ ਇੰਜੀਨੀਅਰ - ਸੈਂਟਰਲ ਜ਼ੋਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ), ਲੁਧਿਆਣਾ ਨੂੰ ਮਿਲਿਆ। ਵਫ਼ਦ ਨੇ ਪੀਐਸਪੀਸੀਐਲ ਵੱਲੋਂ ਕੈਟੇਗਰੀ-2 ਅਤੇ ਕੈਟੇਗਰੀ-3 ਉਦਯੋਗਿਕ ਫੀਡਰਾਂ ਦੀ ਬਿਜਲੀ ਸਪਲਾਈ ਸ਼ਾਮ 7:00 ਵਜੇ ਤੋਂ ਰਾਤ 12:00 ਵਜੇ ਤੱਕ ਬੰਦ ਕਰਨ ਦੇ ਹਾਲੀਆ ਫੈਸਲੇ ਸਬੰਧੀ ਇੱਕ ਮੰਗ ਪੱਤਰ ਸੌਂਪਿਆ। ਇਹ ਬਿਜਲੀ ਕਟੌਤੀ ਲੁਧਿਆਣਾ ਸ਼ਹਿਰ, ਮਿਲਰ ਗੰਜ, ਮੰਡੀ ਗੋਬਿੰਦਗੜ੍ਹ, ਖੰਨਾ ਅਤੇ ਮੋਹਾਲੀ ਦੇ ਉਦਯੋਗਿਕ ਖੇਤਰਾਂ ਵਿੱਚ ਕੀਤੀ ਜਾ ਰਹੀ ਹੈ। ਪੀਐਸਪੀਸੀਐਲ ਵੱਲੋਂ ਦੱਸਿਆ ਗਿਆ ਹੈ ਕਿ ਜੀਐਚਟੀਪੀ ਲਹਿਰਾ ਮੁਹੱਬਤ ਅਤੇ ਜੀਜੀਐੱਸਐੱਸਟੀਪੀ ਰੋਪੜ ਦੇ ਯੂਨਿਟ ਬੰਦ ਹੋਣ ਅਤੇ ਆਰਐੱਸਡੀ ਯੂਨਿਟ ਉਪਲਬਧ ਨਾ ਹੋਣ ਕਾਰਨ ਬਿਜਲੀ ਦੀ ਕਮੀ ਨੂੰ ਦੇਖਦੇ ਹੋਏ ਇਹ ਕਟੌਤੀ ਕੀਤੀ ਗਈ ਹੈ। ਫਿਕੋ ਨੇ ਉਦਯੋਗਾਂ ਉੱਤੇ ਰੋਜ਼ਾਨਾ ਪੰਜ ਘੰਟਿਆਂ ਦੀ ਰਾਤ ਦੀ ਬਿਜਲੀ ਕਟੌਤੀ ਲਗਾਉਣ ਦੇ ਫੈਸਲੇ ਦਾ ਸਖ਼ਤ ਵਿਰੋਧ ਕੀਤਾ। ਸ਼. ਕੇ.ਕੇ. ਸੇਠ ਅਤੇ ਸ. ਗੁਰਮੀਤ ਸਿੰਘ ਕੁਲਾਰ ਨੇ ਕਿਹਾ ਕਿ ਰਾਤ ਦੇ ਸਮੇਂ ਬਿਜਲੀ ਬੰਦ ਹੋਣ ਨਾਲ ਉਦਯੋਗਿਕ ਖੇਤਰਾਂ ਵਿੱਚ ਸੁਰੱਖਿਆ ਅਤੇ ਸਿਕਿਊਰਿਟੀ ਦੀਆਂ ਗੰਭੀਰ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਨਿਰਧਾਰਤ ਸਮੇਂ ਦੌਰਾਨ ਬਲੈਕਆਊਟ ਹੋਣ ਨਾਲ ਚੋਰੀ ਅਤੇ ਲੁੱਟ ਦੀਆਂ ਘਟਨਾਵਾਂ ਦਾ ਖਤਰਾ ਵੱਧ ਜਾਂਦਾ ਹੈ, ਜਿਸ ਨਾਲ ਉਦਯੋਗਾਂ, ਕਰਮਚਾਰੀਆਂ ਅਤੇ ਮਸ਼ੀਨਰੀ ਦੀ ਸੁਰੱਖਿਆ ਪ੍ਰਭਾਵਿਤ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਬਿਜਲੀ ਉਦਯੋਗਾਂ ਲਈ ਇੱਕ ਬੁਨਿਆਦੀ ਲੋੜ ਹੈ। ਬਹੁਤ ਸਾਰੀਆਂ ਫੈਕਟਰੀਆਂ ਉਤਪਾਦਨ ਪੂਰਾ ਕਰਨ, ਸਮੇਂ ਸਿਰ ਡਿਲੀਵਰੀ ਕਰਨ ਅਤੇ ਐਕਸਪੋਰਟ ਆਰਡਰ ਪੂਰੇ ਕਰਨ ਲਈ ਰਾਤ ਦੀਆਂ ਸ਼ਿਫਟਾਂ ਵਿੱਚ ਕੰਮ ਕਰਦੀਆਂ ਹਨ। ਅਚਾਨਕ ਬਿਜਲੀ ਕੱਟ ਲੱਗਣ ਨਾਲ ਉਤਪਾਦਨ ਰੁਕ ਸਕਦਾ ਹੈ, ਲਾਗਤ ਵੱਧ ਸਕਦੀ ਹੈ ਅਤੇ ਡਿਲੀਵਰੀ ਵਿੱਚ ਦੇਰੀ ਹੋ ਸਕਦੀ ਹੈ।

ਉਦਯੋਗ ਪਹਿਲਾਂ ਹੀ ਵੱਧ ਰਹੀਆਂ ਲਾਗਤਾਂ ਅਤੇ ਦੂਜੇ ਰਾਜਾਂ ਤੋਂ ਸਖ਼ਤ ਮੁਕਾਬਲੇ ਵਰਗੀਆਂ ਕਈ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ। ਰੋਜ਼ਾਨਾ ਰਾਤ ਦੀ ਬਿਜਲੀ ਕਟੌਤੀ ਨਾਲ ਉਦਯੋਗਾਂ ਉੱਤੇ ਹੋਰ ਵਾਧੂ ਬੋਝ ਪਵੇਗਾ ਅਤੇ ਇਸ ਦਾ ਅਸਰ ਰੋਜ਼ਗਾਰ ਅਤੇ ਉਤਪਾਦਨ ਉੱਤੇ ਵੀ ਪੈ ਸਕਦਾ ਹੈ। ਫਿਕੋ ਨੇ ਪੀਐਸਪੀਸੀਐਲ ਨੂੰ ਅਪੀਲ ਕੀਤੀ ਕਿ ਉਦਯੋਗਾਂ ਲਈ ਰਾਤ ਦੀ ਬਿਜਲੀ ਕਟੌਤੀ ਦੇ ਇਸ ਫੈਸਲੇ ਦੀ ਤੁਰੰਤ ਸਮੀਖਿਆ ਕਰਕੇ ਇਸ ਨੂੰ ਵਾਪਸ ਲਿਆ ਜਾਵੇ। ਵਫ਼ਦ ਨੇ ਕਿਹਾ ਕਿ ਜੇਕਰ ਬਿਜਲੀ ਦੀ ਗੰਭੀਰ ਕਮੀ ਹੈ ਤਾਂ ਪੀਐਸਪੀਸੀਐਲ ਦਿਨ ਦੇ ਸਮੇਂ ਯੋਜਨਾਬੱਧ ਬਿਜਲੀ ਕਟੌਤੀ ਕਰਨ ਬਾਰੇ ਵਿਚਾਰ ਕਰ ਸਕਦਾ ਹੈ, ਪਰ ਰੋਜ਼ਾਨਾ ਪੰਜ ਘੰਟਿਆਂ ਦੀ ਰਾਤ ਦੀ ਬਿਜਲੀ ਕਟੌਤੀ ਉਦਯੋਗਾਂ ਨੂੰ ਮਨਜ਼ੂਰ ਨਹੀਂ ਹੈ। ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਉਦਯੋਗਾਂ ਉੱਤੇ ਇਸ ਤਰ੍ਹਾਂ ਨਿਯਮਿਤ ਤੌਰ 'ਤੇ ਰਾਤ ਦਾ ਬਲੈਕਆਊਟ ਲਗਾਇਆ ਗਿਆ ਹੈ। ਉਦਯੋਗਿਕ ਖੇਤਰ ਨੇ ਪਹਿਲਾਂ ਕਦੇ ਅਜਿਹੀ ਸਥਿਤੀ ਦਾ ਸਾਹਮਣਾ ਨਹੀਂ ਕੀਤਾ, ਜਿੱਥੇ ਹਰ ਰੋਜ਼ ਰਾਤ ਦੇ ਸਮੇਂ ਉਦਯੋਗਿਕ ਫੀਡਰਾਂ ਦੀ ਬਿਜਲੀ ਪੰਜ ਘੰਟਿਆਂ ਲਈ ਬੰਦ ਕੀਤੀ ਜਾ ਰਹੀ ਹੋਵੇ। ਫਿਕੋ ਨੇ ਸਪੱਸ਼ਟ ਕੀਤਾ ਕਿ ਜੇਕਰ ਰਾਤ ਦੇ ਬਿਜਲੀ ਬਲੈਕਆਊਟ ਨੂੰ ਤੁਰੰਤ ਬੰਦ ਨਾ ਕੀਤਾ ਗਿਆ, ਤਾਂ ਫਿਕੋ ਨੂੰ ਪੀਐਸਪੀਸੀਐਲ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਵੇਗਾ। ਫਿਕੋ ਨੇ ਪੀਐਸਪੀਸੀਐਲ ਨੂੰ ਅਪੀਲ ਕੀਤੀ ਕਿ ਉਦਯੋਗਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇ ਅਤੇ ਮੌਜੂਦਾ ਬਿਜਲੀ ਸੰਕਟ ਨੂੰ ਦੂਰ ਕਰਨ ਲਈ ਹਰ ਸੰਭਵ ਕਦਮ ਚੁੱਕੇ ਜਾਣ। ਫਿਕੋ ਨੇ ਕਿਹਾ ਕਿ ਭਰੋਸੇਯੋਗ ਬਿਜਲੀ ਸਪਲਾਈ ਪੰਜਾਬ ਦੇ ਉਦਯੋਗਿਕ ਵਿਕਾਸ, ਰੋਜ਼ਗਾਰ, ਐਕਸਪੋਰਟ ਅਤੇ ਸੂਬੇ ਦੀ ਆਰਥਿਕ ਤਰੱਕੀ ਲਈ ਬਹੁਤ ਜ਼ਰੂਰੀ ਹੈ।



# ਸਕੂਲ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਸ਼ਾਨਦਾਰ ਆਯੋਜਨ

ਜ਼ਿਕਰ ਪੰਜਾਬ

**ਲੁਧਿਆਣਾ/ਵਿਜੇ**

ਆਰ.ਐੱਸ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਸ਼ਾਸਤਰੀ ਨਗਰ, ਲੁਧਿਆਣਾ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਹੀ ਸ਼ਰਧਾ, ਉਤਸ਼ਾਹ ਅਤੇ ਭਗਤੀਮਈ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਜਮਾਤ ਸੱਤਵੀਂ ਦੀ ਵਿਦਿਆਰਥਣ ਗੁਰਨੂਰ ਕੌਰ ਨੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ ਅਤੇ ਸਿੱਖਿਆਵਾਂ ਬਾਰੇ ਪ੍ਰਭਾਵਸ਼ਾਲੀ ਸੰਬੋਧਨ ਪੇਸ਼ ਕੀਤਾ। ਸਮਾਗਮ ਨੂੰ ਹੋਰ ਆਕਰਸ਼ਕ ਬਣਾਉਣ ਲਈ ਨੰਨ੍ਹੇ-ਮੁੰਨ੍ਹੇ ਬੱਚਿਆਂ ਵੱਲੋਂ ਸ੍ਰੀ ਕ੍ਰਿਸ਼ਨ ਜੀ ਨਾਲ ਸਬੰਧਤ ਸੁੰਦਰ-ਸੁੰਦਰ ਚਾਰਟ ਵੀ ਤਿਆਰ ਕੀਤੇ ਗਏ।



ਸਮਾਗਮ ਦੇ ਅੰਤ ਵਿੱਚ ਮੁੱਖ ਅਧਿਆਪਕਾ ਸ੍ਰੀਮਤੀ ਸ਼ੁਭਲਤਾ ਜੀ ਨੇ ਆਪਣੇ ਪ੍ਰੇਰਣਾਦਾਇਕ ਸੰਦੇਸ਼ ਵਿੱਚ ਕਿਹਾ ਕਿ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਤੋਂ ਸਾਨੂੰ ਸੱਚਾਈ, ਸਾਹਸ ਅਤੇ ਆਪਣੇ ਕਰਤੱਵ ਪ੍ਰਤੀ ਸਮਰਪਣ ਦੀ ਸਿੱਖਿਆ ਮਿਲਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਸੱਚ ਦੀ ਰਾਹ 'ਤੇ ਚੱਲਣ ਅਤੇ ਆਪਣੇ ਕਰਤੱਵਾਂ ਨੂੰ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

# 'ਤਾਰਕ ਮਹਿਤਾ ਕਾ ਉਲਟਾ ਚਸ਼ਮਾ' ਲਾਈਵ ਕਵਿਜ਼ ਨੇ TMKOC ਕਲੱਬਹਾਊਸ ਐਪ 'ਤੇ ਹਲਚਲ ਮਚਾ ਦਿੱਤੀ

ਜ਼ਿਕਰ ਪੰਜਾਬ

**ਝੱਜਰ/ਰਾਣੂੰ**



ਸੋਨੀ ਸਬ ਅਤੇ ਨੀਲਾ ਫਿਲਮ ਪ੍ਰੋਡਕਸ਼ਨ, ਭਾਰਤ ਦੇ ਸਭ ਤੋਂ ਲੰਬੇ ਸਮੇਂ ਤੋਂ ਚੱਲ ਰਹੇ ਅਤੇ ਸਭ ਤੋਂ ਪਿਆਰੇ ਪਰਿਵਾਰਕ ਮਨੋਰੰਜਨ ਸ਼ੋਅ, ਤਾਰਕ ਮਹਿਤਾ ਕਾ ਉਲਟਾ ਚਸ਼ਮਾ ਦੇ ਨਿਰਮਾਤਾ, ਨੇ ਸ਼ੋਅ ਦੇ 18ਵੇਂ ਵਰ੍ਹੇਗੰਢ ਦੇ ਜਸ਼ਨਾਂ ਦੇ ਹਿੱਸੇ ਵਜੋਂ ਆਯੋਜਿਤ ਸ਼ੋਅ ਦੇ 18 ਦਿਨਾਂ ਦੇ ਲਾਈਵ ਕਵਿਜ਼ ਨੂੰ ਸਫਲਤਾਪੂਰਵਕ ਸਮਾਪਤ ਕੀਤਾ। 1 ਤੋਂ 21 ਅਗਸਤ ਤੱਕ ਆਯੋਜਿਤ, ਇਸ ਕਵਿਜ਼ ਨੇ ਦੇਸ਼ ਭਰ ਦੇ ਲੱਖਾਂ ਦਰਸ਼ਕਾਂ ਨੂੰ ਆਕਰਸ਼ਿਤ ਕੀਤਾ, ਪ੍ਰਸ਼ੰਸਕਾਂ ਨੂੰ ਆਪਣੇ ਮਨਪਸੰਦ ਸ਼ੋਅ ਦੇ ਕਿਰਦਾਰਾਂ ਅਤੇ ਗੋਕੁਲਧਾਮ ਸੋਸਾਇਟੀ ਦੀ ਦੁਨੀਆ ਦਾ ਜਸ਼ਨ ਮਨਾਉਣ ਲਈ ਇਕੱਠੇ ਕੀਤਾ। ਜੇਤੂਆਂ ਦਾ ਐਲਾਨ ਹੁੰਦੇ ਹੀ, ਝੱਜਰ ਤੋਂ ਮਾਨਸੀ ਰੰਗਰਾਜ ਫੋਗਟ ਅਤੇ ਉਸਦਾ ਪਰਿਵਾਰ ਜੇਤੂ ਪਰਿਵਾਰਾਂ ਵਿੱਚ ਸ਼ਾਮਲ ਹੋ ਗਏ ਹਨ। ਸ਼ੋਅ ਦੇ ਅਧਿਕਾਰਤ ਡਿਜੀਟਲ ਸਾਥੀ, TMKOC ਕਲੱਬਹਾਊਸ ਐਪ 'ਤੇ ਲਾਈਵ ਆਯੋਜਿਤ, ਇਸ ਕਵਿਜ਼ ਨੇ ਭਾਰਤ ਭਰ ਦੇ ਪ੍ਰਸ਼ੰਸਕਾਂ ਨੂੰ ਗੋਕੁਲਧਾਮ ਸੋਸਾਇਟੀ ਅਤੇ ਇਸਦੇ ਪਿਆਰੇ ਨਿਵਾਸੀਆਂ ਬਾਰੇ ਆਪਣੇ ਗਿਆਨ ਨੂੰ ਅਸਲ ਸਮੇਂ ਵਿੱਚ ਪਰਖਣ ਦਾ ਮੌਕਾ ਦਿੱਤਾ। ਕਵਿਜ਼ ਤੋਂ ਇਲਾਵਾ, ਐਪ ਪ੍ਰਸ਼ੰਸਕਾਂ ਨੂੰ ਦਿਲਚਸਪ ਇਨਾਮ ਪ੍ਰਦਾਨ ਕਰਦਾ ਹੈ, ਜੋ ਉਹਨਾਂ ਦੇ ਮਨਪਸੰਦ TMKOC ਕਿਰਦਾਰਾਂ 'ਤੇ ਅਧਾਰਤ ਮਿੰਨੀ-ਗੇਮ ਟੂਰਨਾਮੈਂਟਾਂ ਰਾਹੀਂ ਉਪਲਬਧ ਹਨ, ਜੋ TMKOC ਬ੍ਰਹਿਮੰਡ ਵਿੱਚ ਇੱਕ ਨਵਾਂ ਅਤੇ ਇੰਟਰਐਕਟਿਵ ਆਯਾਮ ਲਿਆਉਂਦੇ ਹਨ। ਮਾਨਸੀ ਰੰਗਰਾਜ ਫੋਗਟ ਅਤੇ ਉਸਦੇ ਪਰਿਵਾਰ ਕੋਲ ਗੋਕੁਲਧਾਮ ਸੋਸਾਇਟੀ ਦੇ ਆਈਕੋਨਿਕ ਸੈੱਟ ਦਾ ਦੌਰਾ ਕਰਨ ਦਾ ਵਿਸ਼ੇਸ਼ ਮੌਕਾ ਹੋਵੇਗਾ, ਜਿੱਥੇ ਉਹ ਤਾਰਕ ਮਹਿਤਾ ਕਾ ਉਲਟਾ ਚਸ਼ਮਾ ਦੀ ਸ਼ੂਟਿੰਗ ਨੂੰ ਨੇੜਿਓਂ ਦੇਖ ਸਕਣਗੇ ਅਤੇ ਸ਼ੋਅ ਦੇ 18 ਸਾਲ ਦੇ ਮੀਲ ਪੱਥਰ ਦਾ ਜਸ਼ਨ ਕਲਾਕਾਰਾਂ ਨਾਲ ਮਨਾ ਸਕਣਗੇ, ਜਿਵੇਂ ਕਿ ਕੁਇਜ਼ ਦੀਆਂ ਸ਼ਰਤਾਂ ਵਿੱਚ ਦੱਸਿਆ ਗਿਆ ਹੈ। ਇਹ ਅਨੁਭਵ ਸੋਨੀ SAB ਅਤੇ ਨੀਲਾ ਫਿਲਮ ਪ੍ਰੋਡਕਸ਼ਨ ਦੁਆਰਾ ਸਾਂਝੇ ਤੌਰ 'ਤੇ ਆਯੋਜਿਤ ਕੀਤਾ ਜਾ ਰਿਹਾ ਹੈ। ਅਸਿਤ ਕੁਮਾਰ ਮੋਦੀ, ਸਿਰਜਣਹਾਰ ਅਤੇ ਨਿਰਮਾਤਾ, ਤਾਰਕ ਮਹਿਤਾ ਕਾ ਉਲਟਾ ਚਸ਼ਮਾ: "ਸਾਡੇ ਦਰਸ਼ਕਾਂ ਨੇ ਇਸ ਕਵਿਜ਼ ਲਈ ਜੋ ਪਿਆਰ ਦਿਖਾਇਆ ਹੈ ਉਹ ਸੱਚਮੁੱਚ ਬਹੁਤ ਵੱਡਾ ਹੈ। ਅਠਾਰਾਂ ਦਿਨਾਂ ਤੱਕ, ਦੇਸ਼ ਭਰ ਦੇ ਪਰਿਵਾਰ 18ਵੀਂ ਵਰ੍ਹੇਗੰਢ ਮਨਾਉਣ ਲਈ ਸਾਡੇ ਨਾਲ ਸ਼ਾਮਲ ਹੋਏ, ਅਤੇ ਇਹ ਸਾਡੇ ਲਈ ਸਭ ਤੋਂ ਵੱਡਾ ਇਨਾਮ ਹੈ। ਇਹ ਇੱਕ ਵਾਰ ਫਿਰ ਸਾਬਤ ਕਰਦਾ ਹੈ ਕਿ ਇਹ ਸ਼ੋਅ ਸੱਚਮੁੱਚ ਹਰ ਭਾਰਤੀ ਘਰ ਦਾ ਹਿੱਸਾ ਬਣ ਗਿਆ ਹੈ। ਭਾਰੀ ਹੁੰਗਾਰੇ ਤੋਂ ਉਤਸ਼ਾਹਿਤ ਹੋ ਕੇ, ਅਸੀਂ ਆਪਣੀ ਮੂਲ ਯੋਜਨਾ ਦਾ ਵਿਸਤਾਰ ਕਰਨ ਅਤੇ 18 ਤੋਂ ਵੱਧ ਪਰਿਵਾਰਾਂ ਨੂੰ ਗੋਕੁਲਧਾਮ ਸੋਸਾਇਟੀ ਦਾ ਦੌਰਾ ਕਰਨ ਲਈ ਸੱਦਾ ਦੇਣ ਦਾ ਫੈਸਲਾ ਕੀਤਾ ਹੈ। ਅਜੈ ਭਲਵੰਕਰ, ਮੁੱਖ ਸਮੱਗਰੀ ਅਧਿਕਾਰੀ, ਸੋਨੀ ਸਬ: "ਤਾਰਕ ਮਹਿਤਾ ਕਾ ਉਲਟਾ ਚਸ਼ਮਾ ਨੇ ਸਾਲਾਂ ਦੌਰਾਨ ਦਰਸ਼ਕਾਂ ਨਾਲ ਇੱਕ ਖਾਸ ਬੰਧਨ ਬਣਾਇਆ ਹੈ, ਅਤੇ ਕੁਇਜ਼ ਦਾ ਹੁੰਗਾਰਾ ਉਸ ਸਬੰਧ ਦਾ ਪ੍ਰਮਾਣ ਹੈ। ਪਰਿਵਾਰਾਂ ਨੂੰ 18 ਸਾਲਾਂ ਦਾ ਜਸ਼ਨ ਮਨਾਉਣ ਲਈ ਇਕੱਠੇ ਹੁੰਦੇ ਦੇਖਣਾ ਦਿਲ ਨੂੰ ਛੂਹ ਲੈਣ ਵਾਲਾ ਸੀ। ਸੋਨੀ ਸਬ ਵਿਖੇ, ਅਸੀਂ ਦਰਸ਼ਕਾਂ ਨੂੰ ਸ਼ੋਅ ਦੇਖਣ ਤੋਂ ਪਰੇ ਜਾਣ ਅਤੇ ਗੋਕੁਲਧਾਮ ਸੋਸਾਇਟੀ ਦੀ ਦੁਨੀਆ ਦਾ ਅਨੁਭਵ ਕਰਨ ਦਾ ਮੌਕਾ ਦੇ ਕੇ ਇਸ ਮੀਲ ਪੱਥਰ ਦਾ ਜਸ਼ਨ ਮਨਾਉਣ ਲਈ ਬਹੁਤ ਉਤਸ਼ਾਹਿਤ ਹਾਂ। ਕੁਇਜ਼ ਦੇ ਨਤੀਜੇ ਰੋਜ਼ਾਨਾ ਐਲਾਨੇ ਜਾ ਰਹੇ ਹਨ, ਅਤੇ ਦਰਸ਼ਕਾਂ ਨੂੰ ਜੇਤੂਆਂ ਨੂੰ ਸੁਣਨ ਲਈ ਸੋਨੀ ਸਬ 'ਤੇ ਤਾਰਕ ਮਹਿਤਾ ਕਾ ਉਲਟਾ ਚਸ਼ਮਾ ਦੇਖਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਜੇਤੂਆਂ ਦੀ ਪੂਰੀ ਸੂਚੀ ਆਉਣ ਵਾਲੇ ਦਿਨਾਂ ਵਿੱਚ TMKOC ਕਲੱਬਹਾਊਸ ਐਪ 'ਤੇ ਵੀ ਸਾਂਝੀ ਕੀਤੀ ਜਾਵੇਗੀ। ਤਾਰਕ ਮਹਿਤਾ ਕਾ ਉਲਟਾ ਚਸ਼ਮਾ ਟੀਮ ਹੋਰ ਰਸਮੀ ਕਾਰਵਾਈਆਂ ਲਈ ਸਾਰੇ ਜੇਤੂਆਂ ਨਾਲ ਵਿਅਕਤੀਗਤ ਤੌਰ 'ਤੇ ਸੰਪਰਕ ਕਰੇਗੀ।



# ਸਾਵਨ ਕਿਰਪਾਲ ਰੂਹਾਨੀ ਮਿਸ਼ਨ ਵੱਲੋਂ ਅੱਖਾਂ ਤੇ ਦੰਦਾਂ ਦੀ ਮੁਫ਼ਤ ਜਾਂਚ ਅਤੇ ਮੋਤੀਆਬਿੰਦ ਆਪ੍ਰੇਸ਼ਨ ਕੈਂਪ ਲਗਾਇਆ ਗਿਆ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**



ਸਾਵਨ ਕਿਰਪਾਲ ਰੂਹਾਨੀ ਮਿਸ਼ਨ ਦੀ ਲੁਧਿਆਣਾ ਸ਼ਾਖਾ ਵੱਲੋਂ ਰੱਖ ਬਾਗ ਸਥਿਤ ਕਿਰਪਾਲ ਆਸ਼ਰਮ ਵਿਖੇ ਪੰਜਾਬ ਦੇ ਪ੍ਰਸਿੱਧ ਸੋਹਾਨਾ ਆਈ ਹਸਪਤਾਲ ਅਤੇ ਅਰੋੜਾ ਡੈਂਟਲ ਕਲੀਨਿਕ ਤੇ ਸਨਾਤਨ ਧਰਮ ਮੰਦਿਰ, ਨਿਊ ਮਾਡਲ ਟਾਊਨ ਦੀ ਡੈਂਟਲ ਕਲੀਨਿਕ ਦੇ ਸਹਿਯੋਗ ਨਾਲ ਅੱਖਾਂ ਤੇ ਦੰਦਾਂ ਦੀ ਮੁਫ਼ਤ ਜਾਂਚ ਅਤੇ ਮੋਤੀਆਬਿੰਦ ਆਪ੍ਰੇਸ਼ਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਸੋਹਾਨਾ ਆਈ ਹਸਪਤਾਲ ਦੇ ਤਜਰਬੇਕਾਰ ਡਾਕਟਰਾਂ ਨੇ ਵੱਡੀ ਗਿਣਤੀ ਵਿੱਚ ਅੱਖਾਂ ਦੇ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਅਤੇ ਜਿਨ੍ਹਾਂ ਮਰੀਜ਼ਾਂ ਦੀਆਂ ਅੱਖਾਂ ਵਿੱਚ ਮੋਤੀਆਬਿੰਦ ਪਾਇਆ ਗਿਆ, ਉਨ੍ਹਾਂ ਦਾ ਮੋਤੀਆਬਿੰਦ ਆਪ੍ਰੇਸ਼ਨ ਮਿਸ਼ਨ ਵੱਲੋਂ ਸੋਹਾਨਾ ਆਈ ਹਸਪਤਾਲ ਵਿੱਚ ਮੁਫ਼ਤ ਕੀਤਾ ਜਾਵੇਗ। ਇਸ ਤੋਂ ਇਲਾਵਾ ਕੈਂਪ ਵਿੱਚ ਅਰੋੜਾ ਡੈਂਟਲ ਕਲੀਨਿਕ ਅਤੇ ਸਨਾਤਨ ਧਰਮ ਮੰਦਿਰ, ਨਿਊ ਮਾਡਲ ਟਾਊਨ ਦੀ ਡੈਂਟਲ ਕਲੀਨਿਕ ਦੇ ਡਾਕਟਰਾਂ ਨੇ ਆਏ ਹੋਏ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕਰਕੇ ਉਨ੍ਹਾਂ ਦੇ ਦੰਦਾਂ ਵਿੱਚ ਲੱਗੀ ਕੈਵਿਟੀ, ਸੋਜ, ਪਾਇਰੀਆ ਅਤੇ ਠੰਡਾ-ਗਰਮ ਲੱਗਣ ਵਰਗੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਤਾਂ ਜੋ ਉਨ੍ਹਾਂ ਨੂੰ ਖਾਣ-ਪੀਣ ਵਿੱਚ ਕੋਈ ਪਰੇਸ਼ਾਨੀ ਨਾ ਹੋਵੇ। ਕੈਂਪ ਵਿੱਚ ਆਏ ਅੱਖਾਂ ਤੇ ਦੰਦਾਂ ਦੇ ਸਾਰੇ ਮਰੀਜ਼ਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪਾਂ ਵਿੱਚ ਇਲਾਜ ਕਰਵਾ ਕੇ ਉਨ੍ਹਾਂ ਨੂੰ ਕਾਫ਼ੀ ਰਾਹਤ ਅਤੇ ਸੰਤੁਸ਼ਟੀ ਮਿਲਦੀ ਹੈ। ਕੈਂਪ ਦੇ ਅੰਤ ਵਿੱਚ ਹਾਜ਼ਰ ਸਾਰੇ ਭੈਣ-ਭਰਾਵਾਂ ਨੂੰ ਲੰਗਰ ਵੀ ਵਰਤਾਇਆ ਗਿਆ। ਸਾਵਨ ਕਿਰਪਾਲ ਰੂਹਾਨੀ ਮਿਸ਼ਨ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਮਿਸ਼ਨ ਦੀ 64-ਰੱਖ ਬਾਗ ਸਥਿਤ ਲੁਧਿਆਣਾ ਸ਼ਾਖਾ ਵੱਲੋਂ ਕਈ ਤਰ੍ਹਾਂ ਦੇ ਮਾਨਵ-ਕਲਿਆਣ ਕਾਰਜ ਕੀਤੇ ਜਾ ਰਹੇ ਹਨ, ਜਿਵੇਂ ਕੇ ਖ਼ੂਨਦਾਨ ਕੈਂਪ ਅਤੇ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਗਾਏ ਗਏ। ਬੇਸਹਾਰਾ ਬੱਚਿਆਂ ਨੂੰ ਸਰਦੀਆਂ ਵਿੱਚ ਕੰਮ ਆਉਣ ਵਾਲੀਆਂ ਜ਼ਰੂਰੀ ਵਸਤੂਆਂ ਮੁਫ਼ਤ ਵੰਡੀਆਂ ਗਈਆਂ। ਇਸ ਤੋਂ ਇਲਾਵਾ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਪੌਦੇ ਵੀ ਮੁਫ਼ਤ ਵੰਡੇ ਗਏ।

# ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਮਿਲਾਪ ਦਿਹਾੜਾ ਮਨਾਉਣ ਜਾ ਰਹੇ ਜਥੇ ਨੇ ਇਤਿਹਾਸਿਕ ਗੁਰਦੁਆਰਾ ਸਾਹਿਬ ਆਗਰਾ ਅਤੇ ਬੰਦੀ ਛੋੜ ਗੁਰਦੁਆਰਾ ਸਾਹਿਬ ਵਿਖੇ ਦਰਸ਼ਨ ਕੀਤੇ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**



ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਧੋ ਦਾਸ ਬੈਰਾਗੀ (ਬਾਬਾ ਬੰਦਾ ਸਿੰਘ ਬਹਾਦਰ) ਵਿਚਕਾਰ 3 ਸਤੰਬਰ 1708 ਨੂੰ ਗੋਦਾਵਰੀ ਨਦੀ ਦੇ ਕੰਢੇ ਹੋਏ ਅਲੌਕਿਕ ਮਿਲਾਪ ਦਾ ਦਿਹਾੜਾ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਜੋ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਮੁੱਖ ਸਰਪ੍ਰਸਤ ਮਲਕੀਤ ਸਿੰਘ ਦਾਖਾ, ਕਨਵੀਨਰ ਅੰਤਰਰਾਸ਼ਟਰੀ ਫਾਊਂਡੇਸ਼ਨ ਬਲਦੇਵ ਬਾਵਾ, ਮੁੱਖ ਸਰਪ੍ਰਸਤ ਡਾ. ਸ਼ਿਵਰਾਜ ਸਿੰਘ, ਬੀਬੀ ਸਰਬਜੀਤ ਕੌਰ ਮਾਂਗਟ, ਸੂਬਾ ਪ੍ਰਧਾਨ ਕਰਨੈਲ ਸਿੰਘ ਗਿੱਲ, ਫਾਊਂਡੇਸ਼ਨ ਦੇ ਮਹਿਲਾ ਵਿੰਗ ਦੀ ਪ੍ਰਧਾਨ ਕਰਮਜੀਤ ਕੌਰ ਛੰਦੜਾਂ, ਤਰਲੋਚਨ ਸਿੰਘ ਸਫਰੀ ਵਾਈਸ ਪ੍ਰਧਾਨ ਅੰਤਰਰਾਸ਼ਟਰੀ ਫਾਊਂਡੇਸ਼ਨ, ਕਨਵੀਨਰ ਯਾਤਰਾ ਜਸਵੰਤ ਸਿੰਘ ਛਾਪਾ ਦੀ ਸਰਪ੍ਰਸਤੀ ਹੇਠ ਜਾ ਰਿਹਾ ਜੱਥਾ ਹੈ। ਇਸ ਜੱਥੇ ਦਾ ਕਰਨਾਲ ਵਿਖੇ ਉੱਘੇ ਵਿਉਪਾਰੀ ਬਲਵਿੰਦਰ ਸਿੰਘ (ਪੈਟਰੋਲ ਪੰਪ ਵਾਲੇ) ਅਤੇ ਪਲਵਿੰਦਰ ਸਿੰਘ ਬੇਦੀ ਪ੍ਰਧਾਨ ਟਰੱਕ ਯੂਨੀਅਨ ਕਰਨਾਲ ਨੇ ਸਾਥੀਆਂ ਸਮੇਤ ਫੁੱਲਾਂ ਦੀ ਵਰਖਾ ਕਰਕੇ, ਲੰਗਰ ਛਕਾ ਕੇ, ਮਿਠਾਈਆਂ ਅਤੇ ਫਲਾਂ ਦੇ ਟੋਕਰੇ ਭੇਂਟ ਕਰਕੇ ਨਿੱਘਾ ਸਵਾਗਤ ਕੀਤਾ। ਇਸ ਸਮੇਂ ਜੱਥੇ ਵੱਲੋਂ ਵੀ ਉਨ੍ਹਾਂ ਨੂੰ ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ ਪੁਸਤਕ ਭੇਂਟ ਕੀਤੀ ਗਈ। ਉਪਰੰਤ ਇਹ ਜੱਥਾ ਪਹਿਲੀ ਰਾਤ ਦਾ ਪੜਾਅ ਇਤਿਹਾਸਿਕ ਗੁਰਦੁਆਰਾ ਸਾਹਿਬ ਗੁਰੂ ਕੀ ਤਾਲ ਆਗਰਾ ਵਿਖੇ ਰੁਕਿਆ। ਇਸ ਅਸਥਾਨ 'ਤੇ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਕੈਦ ਕਰਕੇ ਦਿੱਲੀ ਲਿਆਂਦਾ ਗਿਆ ਸੀ। ਇਸ ਅਸਥਾਨ 'ਤੇ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਬਾਬਾ ਪ੍ਰੀਤਮ ਸਿੰਘ ਨੂੰ ÷ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ÷ ਪੁਸਤਕ ਮਲਕੀਤ ਸਿੰਘ ਦਾਖਾ, ਕ੍ਰਿਸ਼ਨ ਕੁਮਾਰ ਬਾਵਾ, ਬਲਦੇਵ ਬਾਵਾ ਨੇ ਭੇਂਟ ਕੀਤੀ। ਇਸ ਤੋਂ ਬਾਅਦ ਜੱਥਾ ਗਵਾਲੀਅਰ ਬੰਦੀ ਛੋੜ ਗੁਰਦੁਆਰਾ ਸਾਹਿਬ ਵਿਖੇ ਪਹੁੰਚਿਆ ਜਿਸ ਪਵਿੱਤਰ ਇਤਿਹਾਸਿਕ ਅਸਥਾਨ ਤੋਂ ਗੁਰੂ ਸਾਹਿਬ ਨੇ 52 ਗ੍ਰਿਫਤਾਰ ਰਾਜਿਆਂ ਨੂੰ 52 ਕਲੀਆਂ ਵਾਲਾ ਚੋਲਾ ਪਾ ਕੇ ਛੁੜਾਇਆ ਸੀ ਜੋ ਉਹਨਾਂ ਦੇ ਜੀਵਨ ਦਾ ਵੀ ਪਾਰ ਉਤਾਰਾ ਕਰਨਾ ਸੀ। ਇਸ ਸਮੇਂ ਵੀ ਫਾਊਂਡੇਸ਼ਨ ਵੱਲੋਂ ਜਥੇਦਾਰ ਗੁਰਪ੍ਰੀਤ ਸਿੰਘ ਮੁੱਖ ਸੇਵਾਦਾਰ ਨੂੰ ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ ਪੁਸਤਕ ਭੇਂਟ ਕੀਤੀ ਗਈ। ਇਸ ਸਮੇਂ ਫਾਊਂਡੇਸ਼ਨ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਪੰਜਾਬ ਤੋਂ ਬਾਹਰ ਇਤਿਹਾਸਿਕ ਗੁਰਦੁਆਰਾ ਵਿੱਚ ਆਧੁਨਿਕ ਯਾਤਰੀ ਨਿਵਾਸ ਬਣਾਉਣ ਦੀ ਮੰਗ ਕੀਤੀ। ਅਗਲੇ ਪੜਾਅ ਦੌਰਾਨ ਜੱਥਾ ਇੰਦੌਰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਵਿਖੇ ਰੁਕਿਆ ਜਿੱਥੇ ਜੱਥੇ ਦਾ ਸਵਾਗਤ ਦਲਜੀਤ ਸਿੰਘ ਭੁੱਲਰ ਮੁੱਖ ਪ੍ਰਬੰਧਕ ਵੱਲੋਂ ਕੀਤਾ ਗਿਆ ਅਤੇ ਉਹਨਾਂ ਨੂੰ ਇਲਾਹੀ ਗਿਆਨ ਦਾ ਸਾਗਰ, ਆਦਿ ਗੁਰੂ ਗ੍ਰੰਥ ਸਾਹਿਬ ਪੁਸਤਕ ਭੇਂਟ ਕੀਤੀ ਗਈ। ਇਸ ਸਮੇਂ ਪ੍ਰਦੀਪ ਭੋਲਾ ਗਵਾਲੀਰ, ਮਨੀ ਦਾਖਾ, ਬਲਜਿੰਦਰ ਸਿੰਘ, ਨਿਰਮਲ ਪੰਡੋਰੀ, ਡਾਇਰੈਕਟਰ ਪ੍ਰਮਜੀਤ ਸਿੰਘ ਮੋਗਾ, ਦੀਪਾ ਬਾਵਾ, ਤਜਿੰਦਰਪਾਲ ਰਾਜੂ ਧੀਰ, ਧਰਮਪਾਲ ਮੰਨਾ, ਬਲਦੇਵ ਸਿੰਘ ਮੋਗਾ, ਨਿਰਮਲ ਸਿੰਘ ਲਾਪਰਾਂ, ਰਣਜੀਤ ਸਿੰਘ ਸਾਹਨੇਵਾਲ, ਸਾਧੂ ਰਾਮ ਭੱਟ ਮਾਜਰਾ, ਬੇਅੰਤ ਸਿੰਘ ਬਿਲਾਸਪੁਰ, ਤਰਲੋਚਨ ਸਿੰਘ ਬਿਲਾਸਪੁਰ, ਸਾਧੂ ਸਿੰਘ ਪਟਵਾਰੀ, ਦਿਆਲ ਸਿੰਘ ਦੋਰਾਹਾ, ਗੁਰਵਿੰਦਰ ਕੌਰ, ਅਮਨਦੀਪ ਬਾਵਾ, ਬਲਜਿੰਦਰ ਸਿੰਘ, ਜੁਗਰਾਜ ਸਿੰਘ, ਪ੍ਰਦੀਪ ਕੁਮਾਰ, ਗੁਰਿੰਦਰ ਕੌਰ ਖਹਿਰਾ, ਸੰਤੋਖ ਸਿੰਘ, ਮਨਵਿੰਦਰ ਸਿੰਘ ਮਨੀ, ਹਰਜੀਤ ਸਿੰਘ ਖਾਲਸਾ, ਢਾਡੀ ਬਲਦੇਵ ਸਿੰਘ, ਸੁਸ਼ੀਲ ਕੁਮਾਰ ਸ਼ੀਲਾ, ਸ਼੍ਰੀਮਤੀ ਸ਼ੀਲਾ ਰਾਣੀ, ਪਰਮਜੀਤ ਸਿੰਘ ਧਾਲੀਵਾਲ, ਪ੍ਰਿੰਸੀਪਲ ਇੰਦਰਜੀਤ ਕੌਰ, ਪ੍ਰਿੰਸੀਪਲ ਦਲਜੀਤ ਕੌਰ, ਕਮਲਜੀਤ ਕੌਰ, ਇੰਦਰਜੀਤ ਕੌਰ, ਦਲਜੀਤ ਕੌਰ, ਸੰਤੋਖ ਸਿੰਘ, ਸਤਨਾਮ ਸਿੰਘ, ਚਾਨਣ ਸਿੰਘ ਆਦਿ ਹਾਜ਼ਰ ਸਨ।

# ਵਾਰਿਸ ਪੰਜਾਬ ਦੇ ਆਗੂ ਜਗਦੀਪ ਗਿੱਲ ਗੁਰਦੁਆਰਾ ਰੇਰੂ ਸਾਹਿਬ ਹੋਏ ਨਤਮਸਤਕ

## ਹਲਕਾ ਸਾਹਨੇਵਾਲ ਦੇ ਘਰ ਘਰ ਲੈ ਕੇ ਜਾਵਾਂਗੇ ਦੀਪ ਸਿੱਧੂ ਅਤੇ ਅੰਮ੍ਰਿਤਪਾਲ ਦੀ ਸੋਚ : ਜਗਦੀਪ ਗਿੱਲ

ਜ਼ਿਕਰ ਪੰਜਾਬ



**ਸਾਹਨੇਵਾਲ :** ਵਾਰਿਸ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਗਦੀਪ ਸਿੰਘ ਕਾਲਾ ਘਵੱਦੀ ਨੇ ਅੱਜ ਆਪਣੇ ਸਾਥੀਆਂ ਦੇ ਨਾਲ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋ ਪ੍ਰਾਪਤ ਗੁਰਦੁਆਰਾ ਰੇਰੂ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਲੈਣ ਉਪਰੰਤ ਹਲਕਾ ਸਾਹਨੇਵਾਲ ਅੰਦਰ ਆਪਣੀਆਂ ਸਿਆਸੀ ਗਤੀਵਿਧੀਆਂ ਤੇਜ ਕਰਨ ਦਾ ਐਲਾਨ ਕੀਤਾ ਇਸ ਮੌਕੇ ਰਾਗੀ ਸਿੰਘਾਂ ਵੱਲੋਂ ਅਰਦਾਸ ਕਰਨ ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਬਲਜੀਤ ਸਿੰਘ ਹਰਾ ਨੇ ਗੁਰੂ ਘਰ ਵੱਲੋਂ ਜਗਦੀਪ ਸਿੰਘ ਗਿੱਲ ਨੂੰ ਸਿਰੋਪਾ ਭੇਂਟ ਕੀਤਾ। ਇਸ ਮੌਕੇ ਆਪਣੇ ਸੰਬੋਧਨ ਵਿੱਚ ਜਗਦੀਪ ਸਿੰਘ ਕਾਲਾ ਗਿੱਲ ਨੇ ਕਿਹਾ ਕਿ ਉਹ ਮਰਹੂਮ ਦੀਪ ਸਿੱਧੂ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤ ਪਾਲ ਸਿੰਘ ਖਾਲਸਾ ਦੀ ਸੋਚ ਨੂੰ ਘਰ ਘਰ ਲੈ ਕੇ ਜਾਣਗੇ ਤਾਂ ਜੋ ਆਉਣ ਵਾਲੇ ਸਮੇਂ ਦੇ ਵਿੱਚ ਪੰਜਾਬ ਦੇ ਅੰਦਰ ਇੱਕ ਪੰਜਾਬ ਹਿਤੈਸ਼ੀ ਸੋਚ ਦੀ ਸਰਕਾਰ ਬਣਾ ਕੇ ਪੰਜਾਬ ਦੇ ਅੰਦਰੋਂ ਬੇਰੁਜ਼ਗਾਰੀ ਨਸ਼ਾ ਬੰਦ ਕੀਤਾ ਜਾ ਸਕੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਕਰਵਾਈ ਜਾ ਸਕੇ ਇਸ ਮੌਕੇ ਉਹਨਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਗੁਰਮੀਤ ਸਿੰਘ, ਗੁਰਮੀਤ ਸਿੰਘ ਗੁਰੀ, ਇੰਦਰਪਾਲ ਸਿੰਘ ਪਵਾ, ਕੁਲਦੀਪ ਸਿੰਘ ਪੱਪੀ, ਮਾਸਟਰ ਮਨਜੀਤ ਸਿੰਘ, ਡਾਕਟਰ ਦਲਜੀਤ ਸਿੰਘ, ਸਵਰਨ ਸਿੰਘ, ਜਗਿੰਦਰ ਸਿੰਘ, ਦਲਜੀਤ ਸਿੰਘ, ਪ੍ਰਧਾਨ ਜ਼ੋਰਾ ਸਿੰਘ, ਇੰਦਰਪਾਲ ਸਿੰਘ ਕਾਲਾ, ਰਾਜਵੀਰ ਸਿੰਘ ਰਾਜੂ, ਪਰਮਜੀਤ ਸਿੰਘ ਪੰਮਾ, ਬਲਜੀਤ ਸਿੰਘ, ਹਰਵਿੰਦਰ ਸਿੰਘ, ਰਾਜਪਾਲ ਸਿੰਘ, ਪਰਮਿੰਦਰ ਸਿੰਘ, ਹਰਮਨ ਸਿੰਘ ਗਿੱਲ, ਰਾਜਪਾਲ ਸਿੰਘ ਰਾਜੂ, ਹਰਨੈਕ ਸਿੰਘ, ਰਾਜ ਸਿੰਘ, ਜਸਵੀਰ ਸਿੰਘ ਸੀਰਾ, ਭਾਈ ਗੁਰਦਿਆਲ ਸਿੰਘ,ਸੰਦੀਪ ਸਿੰਘ ਸੈਂਡੀ, ਗੁਰੀ ਮਾਨ, ਹਨੀ ਹਰਾ, ਹਨੀ ਗਿੱਲ, ਹਰਪ੍ਰੀਤ ਗਰਚਾ, ਕਰਮਜੀਤ ਸਿੰਘ ਸੋਨੂ ਸਮੇਤ ਵੱਡੀ ਗਿਣਤੀ ਵਿੱਚ ਉਹਨਾਂ ਦੇ ਸਾਥੀ ਹਾਜ਼ਰ ਸਨ।

# ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ ਦੀਆਂ ਕਲਾਸ ਬਾਰ੍ਹਵੀਂ ਤੱਕ ਦੀਆਂ ਪਾਠ ਪੁਸਤਕਾਂ ਦੀ ਹੁਣ ਪੰਜਾਬ ਰਾਜ ਵਿੱਚ ਭਾਰਤੀ ਡਾਕ ਰਾਹੀਂ ਘਰ-ਘਰ ਡਿਲੀਵਰੀ

ਜ਼ਿਕਰ ਪੰਜਾਬ

**ਚੰਡੀਗੜ੍ਹ/ਪੀ.ਆਈ.ਬੀ**



ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ ਅਤੇ ਡਾਕ ਵਿਭਾਗ, ਪੰਜਾਬ ਪਰਿਮੰਡਲ, ਚੰਡੀਗੜ੍ਹ ਦਰਮਿਆਨ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਪਾਠ ਪੁਸਤਕਾਂ ਦੀ ਘਰ-ਘਰ ਡਿਲਿਵਰੀ ਦੀ ਸਹੂਲਤ ਪ੍ਰਦਾਨ ਕਰਨ ਲਈ ਇੱਕ ਸਮਝੌਤਾ ਕੀਤਾ ਗਿਆ। ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ, ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ "ਪੁਸਤਕ ਪੋਰਟਲ"ਨਾਮਕ ਇੱਕ ਆਨਲਾਈਨ ਈ-ਕਾਮਰਸ ਪਲੇਟਫਾਰਮ ਸ਼ੁਰੂ ਕੀਤਾ ਗਿਆ ਹੈ। ਇਸ ਪੋਰਟਲ ਰਾਹੀਂ ਵਿਦਿਆਰਥੀ, ਮਾਪੇ ਅਤੇ ਸਕੂਲ ਕਲਾਸ ਬਾਰ੍ਹਵੀਂ ਤੱਕ ਦੀਆਂ ਪਾਠ ਪੁਸਤਕਾਂ ਆਸਾਨੀ ਨਾਲ ਆਨਲਾਈਨ ਖਰੀਦ ਸਕਦੇ ਹਨ। ਇਸ ਤੋਂ ਬਾਅਦ ਡਾਕ ਵਿਭਾਗ ਵੱਲੋਂ ਆਪਣੇ ਵਿਸ਼ਾਲ ਡਾਕ ਨੈੱਟਵਰਕ ਰਾਹੀਂ ਆਰਡਰ ਕੀਤੀਆਂ ਪੁਸਤਕਾਂ ਦੀ ਘਰ-ਘਰ ਡਿਲੀਵਰੀ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਪੋਰਟਲ ਰਾਹੀਂ ਆਰਡਰ ਕੀਤੀਆਂ ਪੁਸਤਕਾਂ ਖਰੀਦਦਾਰਾਂ ਨੂੰ ਬੋਰਡ ਦੇ ਨਿਰਧਾਰਤ ਜ਼ਿਲ੍ਹਾ ਦਫ਼ਤਰਾਂ ਤੋਂ ਖੁਦ ਪ੍ਰਾਪਤ ਕਰਨੀਆਂ ਪੈਂਦੀਆਂ ਸਨ। ਹੁਣ ਭਾਰਤੀ ਡਾਕ ਦੀ ਘਰ-ਘਰ ਡਿਲੀਵਰੀ ਸੇਵਾ ਸ਼ੁਰੂ ਹੋਣ ਨਾਲ ਵਿਦਿਆਰਥੀ, ਮਾਪੇ ਅਤੇ ਸਕੂਲ ਪੁਸਤਕ ਪੋਰਟਲ ਰਾਹੀਂ ਆਨਲਾਈਨ ਆਰਡਰ ਕਰ ਸਕਦੇ ਹਨ ਅਤੇ 15% ਛੋਟ ਦਾ ਲਾਭ ਲੈ ਸਕਦੇ ਹਨ। ਇਹ ਪਹਿਲ ਪੰਜਾਬ ਦੇ ਖਾਸ ਕਰਕੇ ਪੇਂਡੂ ਅਤੇ ਦੂਰ-ਦੁਰਾਡੇ ਖੇਤਰਾਂ ਵਿੱਚ ਰਹਿਣ ਵਾਲੇ ਵਿਦਿਆਰਥੀਆਂ ਅਤੇ ਸਕੂਲਾਂ ਲਈ ਪਾਠ ਪੁਸਤਕਾਂ ਦੀ ਉਪਲਬਧਤਾ ਨੂੰ ਹੋਰ ਆਸਾਨ, ਤੇਜ਼ ਅਤੇ ਸੁਵਿਧਾਜਨਕ ਬਣਾਏਗੀ। ਇਸ ਨਾਲ ਵਿਦਿਆਰਥੀਆਂ ਅਤੇ ਮਾਪਿਆਂ ਦੇ ਕੀਮਤੀ ਸਮੇਂ ਅਤੇ ਯਾਤਰਾ ਖਰਚੇ ਦੀ ਵੀ ਬਚਤ ਹੋਵੇਗੀ, ਕਿਉਂਕਿ ਉਹ ਇੱਕੋ ਆਨਲਾਈਨ ਪਲੇਟਫਾਰਮ ਰਾਹੀਂ ਆਪਣੀਆਂ ਲੋੜੀਂਦੀਆਂ ਸਾਰੀਆਂ ਪਾਠ ਪੁਸਤਕਾਂ ਦਾ ਆਰਡਰ ਕਰ ਸਕਣਗੇ ਅਤੇ ਉਨ੍ਹਾਂ ਨੂੰ ਬੋਰਡ ਦੇ ਦਫ਼ਤਰਾਂ ਵਿੱਚ ਬਿਨਾਂ ਜਾਏ, ਘਰ ਬੈਠੇ ਹੀ ਭਾਰਤੀ ਡਾਕ ਰਾਹੀਂ ਪ੍ਰਾਪਤ ਕਰ ਸਕਣਗੇ। ਇਸ ਮੌਕੇ 'ਤੇ ਡਾ. ਅਮਰਪਾਲ ਸਿੰਘ, ਆਈਏਐਸ (ਰਿ), ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ; ਸ੍ਰੀ ਸਕੱਤਰ ਸਿੰਘ ਬੱਲ, ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ; ਸ੍ਰੀ ਕੁਮਾਰ ਸੰਜੀਵ,ਆਈਪੀਓਐਸ, ਸੀਨੀਅਰ ਸੁਪਰਡੈਂਟ ਆਫ਼ ਪੋਸਟ ਆਫ਼?ਸਿਜ਼, ਚੰਡੀਗੜ੍ਹ ਡਿਵੀਜ਼ਨ; ਸ੍ਰੀ ਕਿਸ਼ੋਰੀ ਲਾਲ, ਇੰਚਾਰਜ, ਬੀ.ਪੀ.ਸੀ. ਚੰਡੀਗੜ੍ਹ ਅਤੇ ਦੋਵੇਂ ਵਿਭਾਗਾਂ ਦੇ ਹੋਰ ਅਧਿਕਾਰੀ/ਕਰਮਚਾਰੀ ਵੀ ਹਾਜ਼ਰ ਸਨ।

# ਨਨਕਾਣਾ ਸਾਹਿਬ ਪਬਲਿਕ ਸਕੂਲ 'ਚ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਆਯੋਜਿਤ



ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**

ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਵਰਿਆਮ ਸਿੰਘ ਗਿੱਲ ਦੇ ਹੁਕਮਾਂ ਅਨੁਸਾਰ ਪੰਜਾਬ ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਖਪਤਕਾਰਾਂ ਨੂੰ ਸ਼ੁੱਧ, ਮਿਆਰੀ ਅਤੇ ਸਾਫ਼ ਦੁੱਧ ਮੁਹੱਈਆ ਕਰਵਾਉਣ ਅਤੇ ਦੁੱਧ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਲੁਧਿਆਣਾ ਦੀ ਅਗਵਾਈ ਹੇਠ ਨਨਕਾਣਾ ਸਾਹਿਬ ਪਬਲਿਕ ਸਕੂਲ, ਸਮਰਾਲਾ ਵਿਖੇ ਦੁੱਧ ਖਪਤਕਾਰ ਜਾਗਰੂਕਤਾ (ਸਕੂਲ) ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਦੁੱਧ ਅਤੇ ਦੁੱਧ ਪਦਾਰਥਾਂ ਦੀ ਮਹੱਤਤਾ, ਸਿਹਤਮੰਦ ਖੁਰਾਕ, ਜੰਕ ਫੂਡ ਅਤੇ ਕੋਲਡ ਡਰਿੰਕਸ ਤੋਂ ਪਰਹੇਜ਼ ਕਰਨ ਦੇ ਨਾਲ-ਨਾਲ ਕੈਰੀਅਰ ਗਾਈਡੈਂਸ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਲਿਆਂਦੇ ਗਏ 58 ਦੁੱਧ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ43 ਸੈਂਪਲ ਮਿਆਰਾਂ ਅਨੁਸਾਰ ਅਤੇ 15 ਸੈਂਪਲ ਮਿਆਰਾਂ ਤੋਂ ਘੱਟ ਪਾਏ ਗਏ। ਜਾਂਚ ਕੀਤੇ ਗਏ ਕਿਸੇ ਵੀ ਦੁੱਧ ਦੇ ਸੈਂਪਲ ਵਿੱਚ ਕੋਈ ਹਾਨੀਕਾਰਕ ਤੱਤ ਨਹੀਂ ਪਾਇਆ ਗਿਆ। ਕੈਂਪ ਦੌਰਾਨ ਡੇਅਰੀ ਵਿਕਾਸ ਇੰਸਪੈਕਟਰ ਸ੍ਰੀ ਸੁਖਵਿੰਦਰ ਸਿੰਘ, ਮਿਸ ਅੰਕਿਤ ਕਪੂਰ ਅਤੇ ਮਿਸ ਅਨੁਰਾਗਦੀਪ ਕੌਰ ਵੱਲੋਂ ਆਪਣੇ ਵਿਸ਼ਿਆਂ ਸਬੰਧੀ ਜਾਣਕਾਰੀ ਦਿੱਤੀ ਗਈ। ਸ੍ਰੀਮਤੀ ਸੁਖਦੀਪ ਕੌਰ, ਅਸਿਸਟੈਂਟ ਪ੍ਰੋਫੈਸਰ, KVK, PAU ਵੱਲੋਂ ਵੀ ਵਿਦਿਆਰਥੀਆਂ ਨੂੰ ਵਿਸ਼ੇਸ਼ ਲੈਕਚਰ ਦਿੱਤਾ ਗਿਆ। ਸਕੂਲ ਦੇ ਪ੍ਰਿੰਸੀਪਲ ਵੱਲੋਂ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਅਜਿਹੇ ਜਾਗਰੂਕਤਾ ਕੈਂਪ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਅਤੇ ਆਪਣੇ ਭਵਿੱਖ ਪ੍ਰਤੀ ਜਾਗਰੂਕ ਕਰਨ ਲਈ ਬਹੁਤ ਲਾਭਦਾਇਕ ਹਨ। ਇਸ ਮੌਕੇ ਸਕੂਲ ਦੇ ਇੰਚਾਰਜ ਨੂੰ ਸਨਮਾਨ ਚਿੰਨ੍ਹ ਭੇਂਟ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ TMilk Pio and Barfi ਤਹਿਤ ਰਿਫਰੈਸ਼ਮੈਂਟ ਦਿੱਤੀ ਗਈ। ਇਸ ਤੋਂ ਇਲਾਵਾ ਵਿਭਾਗ ਵੱਲੋਂ ਕਰਵਾਏ ਗਏ ਕੁਇਜ਼ ਮੁਕਾਬਲੇ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਪ੍ਰਦਾਨ ਕੀਤੇ ਗਏ।

# ਏ.ਆਰ.ਓ. ਲੁਧਿਆਣਾ ਅਗਨੀਵੀਰ ਭਰਤੀ ਰੈਲੀ 2026 ਦੀਆਂ ਤਿਆਰੀਆਂ ਸਬੰਧੀ ਹੋਈ ਮੀਟਿੰਗ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**

ਸਹਾਇਕ ਕਮਿਸ਼ਨਰ (ਜਨਰਲ) ਲੁਧਿਆਣਾ ਸ੍ਰੀਮਤੀ ਪਾਇਲ ਗੋਇਲ ਨੇ ਡਾਇਰੈਕਟਰ ਭਰਤੀ, ਆਰਮੀ ਭਰਤੀ ਦਫ਼ਤਰ ਲੁਧਿਆਣਾ ਕਰਨਲ ਪ੍ਰਵੀਨ ਕੁਮਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ 01 ਤੋਂ 07 ਅਕਤੂਬਰ 2026 ਤੱਕ ਲੁਧਿਆਣਾ ਵਿਖੇ ਹੋਣ ਵਾਲੀ ਏ.ਆਰ.ਓ. ਲੁਧਿਆਣਾ ਅਗਨੀਵੀਰ ਭਰਤੀ ਰੈਲੀ 2026 ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕੀਤੀ। ਜ਼ੋਨਲ ਰਿਕਰੂਟਮੈਂਟ ਦਫ਼ਤਰ, ਜਲੰਧਰ ਅਧੀਨ ਆਰਮੀ ਭਰਤੀ ਦਫ਼ਤਰ, ਲੁਧਿਆਣਾ ਵੱਲੋਂ ਵਜਰਾ ਕੋਰ ਦੇ ਜਵਾਨਾਂ ਦੇ ਸਹਿਯੋਗ ਨਾਲ ਭਾਰਤੀ ਫੌਜ ਵਿੱਚ ਵੱਖ-ਵੱਖ ਸ਼੍ਰੇਣੀਆਂ ਲਈ ਅਗਨੀਵੀਰਾਂ ਦੀ ਭਰਤੀ ਵਾਸਤੇ ਇਹ ਰੈਲੀ ਕਰਵਾਈ ਜਾ ਰਹੀ ਹੈ। ਇਸ ਭਰਤੀ ਰੈਲੀ ਵਿੱਚ ਲੁਧਿਆਣਾ, ਮੋਗਾ, ਰੂਪਨਗਰ ਅਤੇ ਐਸ.ਏ.ਐਸ. ਨਗਰ (ਮੋਹਾਲੀ) ਜ਼ਿਲ੍ਹਿਆਂ ਦੇ ਉਹ ਯੋਗ ਨੌਜਵਾਨ ਹਿੱਸਾ ਲੈ ਸਕਣਗੇ, ਜਿਨ੍ਹਾਂ ਨੇ ਕਾਮਨ ਐਂਟਰੈਂਸ ਐਗਜ਼ਾਮੀਨੇਸ਼ਨ (ਸੀ.ਈ.ਈ.) ਪਾਸ ਕੀਤਾ ਹੈ। ਡਾਇਰੈਕਟਰ ਭਰਤੀ ਕਰਨਲ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਪੰਜਾਬ ਦੀਆਂ ਪ੍ਰਮੁੱਖ ਭਰਤੀ ਰੈਲੀਆਂ ਵਿੱਚੋਂ ਇੱਕ 2024 ਅਤੇ 2025 ਦੀਆਂ ਅਗਨੀਵੀਰ ਭਰਤੀ ਰੈਲੀਆਂ ਦੌਰਾਨ ਵੀ ਹੋਇਆ ਸੀ। ਸ੍ਰੀਮਤੀ ਪਾਇਲ ਗੋਇਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪੰਜਾਬ ਦੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ



ਹੋਣ ਦੇ ਮੱਦੇਨਜ਼ਰ ਭਰਤੀ ਪ੍ਰਕਿਰਿਆ ਨੂੰ ਪਾਰਦਰਸ਼ੀ, ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਰੈਲੀ ਵਿੱਚ 6000 ਤੋਂ ਵੱਧ ਉਮੀਦਵਾਰਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਏ.ਆਰ.ਓ. ਲੁਧਿਆਣਾ ਦੀ ਭਰਤੀ ਰੈਲੀ ਸਿਵਲ-ਮਿਲਟਰੀ ਏਕਤਾ ਦੀ ਇੱਕ ਉੱਤਮ ਮਿਸਾਲ ਹੈ, ਜਿਸ ਦਾ ਸਫਲ ਪ੍ਰਦਰਸ਼ਨ ਸਾਲ ਵਚਨਬੱਧ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਭਰਤੀ ਰੈਲੀ ਦੇ ਸਫਲ ਅਤੇ ਸੁਚਾਰੂ ਆਯੋਜਨ ਲਈ ਭਾਰਤੀ ਫੌਜ ਨੂੰ ਹਰ ਲੋੜੀਂਦੀ ਪ੍ਰਸ਼ਾਸਨਿਕ ਅਤੇ ਬੁਨਿਆਦੀ ਢਾਂਚਾਗਤ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਰੈਲੀ ਦੌਰਾਨ ਪੀਣ ਵਾਲੇ ਪਾਣੀ, ਸਫਾਈ, ਸੁਰੱਖਿਆ, ਆਵਾਜਾਈ, ਮੈਡੀਕਲ ਸਹੂਲਤਾਂ ਅਤੇ ਹੋਰ ਜ਼ਰੂਰੀ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

# ਰੋਲ ਆਬਜ਼ਰਵਰ-ਕਮ-ਡਵੀਜ਼ਨਲ ਕਮਿਸ਼ਨਰ ਨੇ ਪੋਲਿੰਗ ਸਟੇਸ਼ਨਾਂ 'ਤੇ ਲੱਗੇ ਵਿਸ਼ੇਸ਼ ਕੈਂਪਾਂ ਦਾ ਲਿਆ ਜਾਇਜ਼ਾ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ. ਆਈ. ਆਰ.)- 2026 ਤਹਿਤ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਤਵਾਰ ਨੂੰ ਜਲੰਧਰ ਜ਼ਿਲ੍ਹੇ ਦੇ ਸਮੂਹ 1997 ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ। ਇਸ ਦੌਰਾਨ ਭਾਰਤ ਚੋਣ ਕਮਿਸ਼ਨ ਵੱਲੋਂ ਐਸ.ਆਈ.ਆਰ. ਦੇ ਦੂਜੇ ਪੜਾਅ (ਨੋਟਿਸ ਫੇਜ਼/ਦਾਅਵੇ ਅਤੇ ਇਤਰਾਜ਼ਾਂ ਦੇ ਨਿਪਟਾਰੇ) ਦੇ ਕੰਮ ਨੂੰ ਮੁੱਖ ਰੱਖਦਿਆਂ ਜਲੰਧਰ ਜ਼ਿਲ੍ਹੇ ਲਈ ਤਾਇਨਾਤ ਕੀਤੇ ਗਏ ਰੋਲ ਆਬਜ਼ਰਵਰ-ਕਮ-ਡਵੀਜ਼ਨਲ ਕਮਿਸ਼ਨਰ ਜਲੰਧਰ ਸ਼?ਰੀ ਰਾਮਵੀਰ ਨੇ ਵੱਖ-ਵੱਖ ਪੋਲਿੰਗ ਸਟੇਸ਼ਨਾਂ ਦਾ ਦੌਰਾ ਕਰਕੇ ਵਿਸ਼ੇਸ਼ ਕੈਂਪਾਂ ਦਾ ਜਾਇਜ਼ਾ ਲਿਆ। ਡਵੀਜ਼ਨਲ ਕਮਿਸ਼ਨਰ ਵੱਲੋਂ ਜਲੰਧਰ ਕੇਂਦਰੀ ਹਲਕੇ ਦੇ ਦਫ਼ਤਰ ਸਬ ਡਵੀਜ਼ਨਲ ਇੰਜੀਨੀਅਰ ਪੀ. ਡਬਲਯੂ. ਡੀ. (ਬੀ.ਐਂਡ ਆਰ) ਪੁਰਾਣੀ ਬਾਰਾਂਦਰੀ, ਅਮਰ ਸ਼ਹੀਦ ਲਾਲਾ ਜਗਤ ਨਾਰਾਇਣ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਲਾਡੋਵਾਲੀ ਰੋਡ, ਜਲੰਧਰ ਉੱਤਰੀ ਦੇ ਸਦਾ ਸੁਖ ਚੋਪੜਾ ਐਸ.ਡੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੰਤੋਖਪੁਰਾ, ਹਲਕਾ ਆਦਮਪੁਰ ਦੇ ਸਰਕਾਰੀ ਐਲੀਮੈਂਟਰੀ ਸਕੂਲ ਕੰਗਣੀਵਾਲ ਵਿਖੇ ਬਣੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ। ਰੋਲ ਆਬਜ਼ਰਵਰ ਨੇ ਕੈਂਪਾਂ ਦੌਰਾਨ ਜਿਥੇ ਬੂਥ ਲੈਵਲ ਅਫ਼ਸਰਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ ਉਥੇ ਕੈਂਪਾਂ ਵਿੱਚ ਪਹੁੰਚੇ ਨਾਗਰਿਕਾਂ ਅਤੇ ਵੋਟਰਾਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾਂ ਬੀ.ਐਲ.ਓਜ਼ ਨੂੰ ਐਸ.ਆਈ.ਆਰ. ਤਹਿਤ ਦੂਜੇ ਪੜਾਅ ਦੇ ਕੰਮ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਡ?ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ 13 ਅਗਸਤ 2026 ਨੂੰ ਕੀਤੀ ਜਾ ਚੁੱਕੀ ਹੈ, ਜਿਸ ਸਬੰਧੀ 12 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਦਾਇਰ ਪ੍ਰਾਪਤ ਕੀਤੇ ਜਾਣਗੇ।

# ਦੁੱਗਰੀ 'ਚ ਐਸਆਈਆਰ ਕੈਂਪ 'ਚ ਵੋਟਰਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ

ਜ਼ਿਕਰ ਪੰਜਾਬ

**ਲੁਧਿਆਣਾ/ਸ.ਸ**



ਐਮਜੀਐਮ ਪਬਲਿਕ ਸਕੂਲ, ਅਰਬਨ ਅਸਟੇਟ, ਦੁੱਗਰੀ ਫੇਜ਼-1 ਵਿਖੇ ਐਸਆਈਆਰ ਅਤੇ ਵੋਟਰਾਂ ਨਾਲ ਸਬੰਧਤ ਸੋਧ ਕਾਰਜਾਂ ਨੂੰ ਲੈ ਕੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਵੋਟਰਾਂ ਨਾਲ ਸਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਗਿਆ। ਇਸ ਮੌਕੇ ਬੀਐਲਏ-2 ਜੁਗਿੰਦਰ ਸਿੰਘ ਜੰਗੀ ਨੇ ਵੀ ਕੈਂਪ ਵਿੱਚ ਹਾਜ਼ਰੀ ਲਗਵਾਈ ਅਤੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ। ਇਸ ਤੋਂ ਇਲਾਵਾ ਬੀਐਲਓ ਰਾਕੇਸ਼ ਕੁਮਾਰ, ਮੋਹਿਤ ਕੁਮਾਰ, ਜੋਗਾ ਸਿੰਘ, ਪੰਕਜ ਅਤੇ ਚਾਂਦ ਕਲਿਆਣ ਸਮੇਤ ਹੋਰ ਅਧਿਕਾਰੀ ਤੇ ਕਰਮਚਾਰੀ ਵੀ ਮੌਜੂਦ ਰਹੇ। ਕੈਂਪ ਦੌਰਾਨ ਇਲਾਕਾ ਵਾਸੀਆਂ ਦੇ ਵੋਟਰ ਸੂਚੀ ਨਾਲ ਸਬੰਧਤ ਮਾਮਲਿਆਂ ਨੂੰ ਤਰਜੀਹ ਨਾਲ ਸੁਣਿਆ ਗਿਆ ਅਤੇ ਲੋੜੀਂਦੀ ਕਾਰਵਾਈ ਕੀਤੀ ਗਈ। ਲੋਕਾਂ ਨੂੰ ਵੀ ਵੋਟਰ ਸੂਚੀ ਨਾਲ ਸਬੰਧਤ ਆਪਣੇ ਦਸਤਾਵੇਜ਼ ਅਤੇ ਹੋਰ ਲੋੜੀਂਦੀ ਜਾਣਕਾਰੀ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।



# ਜੇਐਨਵੀ ਧਨਾਨਸੂ 'ਚ ਮਾਡਲ ਯੁਵਾ ਗ੍ਰਾਮ ਸਭਾ ਦਾ ਸਫਲ ਆਯੋਜਨ

**ਲੁਧਿਆਣਾ/ਵਿਜੇ**



ਲੋਕਤਾਂਤਰਿਕ ਮੁੱਲਾਂ, ਨਾਗਰਿਕ ਜਾਗਰੂਕਤਾ ਅਤੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੀ ਐਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ (ਜੇ ਐਨ ਵੀ), ਧਨਾਂਸੂ ਵਿੱਚ ਮਾਡਲ ਯੁਵਾ ਗ੍ਰਾਮ ਸਭਾ (ਐਮ ਵਾਈ ਜੀ ਐਸ) ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਜੇ ਐਨ ਵੀ, ਧਨਾਂਸੂ ਦੇ ਪ੍ਰਿੰਸੀਪਲ ਨਿਸ਼ੀ ਗੋਇਲ ਨੇ ਦੱਸਿਆ ਕਿ ਇਸ ਕਾਰਜਕ੍ਰਮ ਰਾਹੀਂ ਵਿਦਿਆਰਥੀਆਂ ਨੂੰ ਗ੍ਰਾਮ ਸਭਾ ਦੀ ਕਾਰਜਪ੍ਰਣਾਲੀ, ਸਥਾਨਕ ਸਵੈ-ਸ਼ਾਸਨ ਦੇ ਮਹੱਤਵ ਅਤੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਨਾਗਰਿਕਾਂ ਦੀ ਭੂਮਿਕਾ ਨੂੰ ਸਮਝਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੇ ਗ੍ਰਾਮ ਸਭਾ ਦੀ ਕਾਰਵਾਈ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਸਮੁਦਾਇ ਅਤੇ ਸਕੂਲੀ ਜੀਵਨ ਨਾਲ ਸਬੰਧਤ ਵੱਖ-ਵੱਖ ਮੁੱਦੇ ਅਤੇ ਸੁਝਾਅ ਪੇਸ਼ ਕੀਤੇ। ਉਨ੍ਹਾਂ ਦੱਸਿਆ ਕਿ ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਨੇਤ੍ਰਿਤਵ, ਸੰਚਾਰ, ਫੈਸਲਾ ਲੈਣ ਅਤੇ ਸਮੱਸਿਆ-ਹੱਲ ਵਰਗੇ ਮਹੱਤਵਪੂਰਨ ਹੁਨਰਾਂ ਦੇ ਵਿਕਾਸ ਵਿੱਚ ਸਹਾਇਤਾ ਕੀਤੀ। ਇਸ ਦੇ ਨਾਲ ਹੀ, ਵਿਦਿਆਰਥੀਆਂ ਨੇ ਜ਼ਿੰਮੇਵਾਰ ਨਾਗਰਿਕਤਾ ਅਤੇ ਲੋਕਤਾਂਤਰਿਕ ਭਾਗੀਦਾਰੀ ਦੇ ਮਹੱਤਵ ਨੂੰ ਵੀ ਸਮਝਿਆ। ਸਕੂਲ ਪ੍ਰਸ਼ਾਸਨ ਨੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਅਤੇ ਕਾਰਜਕ੍ਰਮ ਦੇ ਸਫਲ ਆਯੋਜਨ ਵਿੱਚ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਦੇ ਯਤਨਾਂ ਦੀ ਸਰਾਹਨਾ ਕੀਤੀ। ਮਾਡਲ ਯੁਵਾ ਗ੍ਰਾਮ ਸਭਾ ਨੌਜਵਾਨ ਵਿਦਿਆਰਥੀਆਂ ਨੂੰ ਜਾਗਰੂਕ, ਜ਼ਿੰਮੇਵਾਰ ਅਤੇ ਲੋਕਤਾਂਤਰਿਕ ਮੁੱਲਾਂ ਨਾਲ ਭਰਪੂਰ ਨਾਗਰਿਕ ਬਣਾਉਣ ਲਈ ਇੱਕ ਪ੍ਰਭਾਵਸ਼ਾਲੀ ਮੰਚ ਸਾਬਤ ਹੋਈ। ਪ੍ਰਿੰਸੀਪਲ ਨਿਸ਼ੀ ਗੋਇਲ ਨੇ ਦੱਸਿਆ ਕਿ ਪੀ ਐਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ, ਧਨਾਂਸੂ ਵਿਦਿਆਰਥੀਆਂ ਨੂੰ ਨਿਰੰਤਰ ਅਜਿਹੀਆਂ ਸਾਰਥਕ ਅਨੁਭਵਾਤਮਕ -ਅਧਿਐਨ ਗਤੀਵਿਧੀਆਂ ਦੇ ਮੌਕੇ ਪ੍ਰਦਾਨ ਕਰਦਾ ਹੈ, ਜੋ ਕਲਾਸ ਵਿੱਚ ਪ੍ਰਾਪਤ ਗਿਆਨ ਨੂੰ ਲੋਕਤਾਂਤਰਿਕ ਅਤੇ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਨ ਵਿੱਚ ਸਹਾਇਕ ਹਨ।

# ਗੁਰੂ ਨਾਨਕ ਸਟੇਡੀਅਮ 'ਚ ਖੇਡਾਂ ਦੇ ਚੋਣ ਟਰਾਇਲ ਕਰਵਾਏ



**ਲਧਿਆਣਾ/ਵਿਜੇ**

ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਪੰਜਾਬ ਯੂਨੀਵਰਸਿਟੀ ਅਧੀਨ ਆਉਂਦੇ ਕਾਲਜਾਂ ਦੇ ਵੱਖ ਵੱਖ ਖੇਡਾਂ ਦੇ ਚੋਣ ਟਰਾਇਲ ਕਰਵਾਏ ਗਏ। ਜ਼ਿਲ੍ਹਾ ਖੇਡ ਅਫਸਰ, ਲੁਧਿਆਣਾ ਮਨਦੀਪ ਕੌਸ਼ਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਨ੍ਹਾਂ ਖੇਡਾਂ ਦੇ ਚੋਣ ਟਰਾਇਲ ਕਰਵਾਏ ਗਏ ਉਨ੍ਹਾਂ ਵਿੱਚ ਆਰਚਰੀ, ਬਾਸਕਟਬਾਲ, ਬਾਕਸਿੰਗ, ਬੈਡਮਿੰਟਨ, ਸਾਈਕਲਿੰਗ, ਫੁੱਟਬਾਲ, ਹਾਕੀ,ਹੈਂਡਬਾਲ, ਜੂਡੋ, ਖੋਹ-ਖੋਹ, ਸ਼ੂਟਿੰਗ, ਤੈਰਾਕੀ, ਟੇਬਲ ਟੈਨਿਸ, ਵਾਲੀਬਾਲ, ਵੇਟਲਿਫਟਿੰਗ ਅਤੇ ਕੁਸ਼ਤੀ ਸ਼ਾਮਲ ਹਨ। ਇਨ੍ਹਾਂ ਟਰਾਇਲਾਂ ਵਿੱਚ ਲਗਭਗ 250 ਖਿਡਾਰੀਆਂ ਨੇ ਭਾਗ ਲਿਆ। ਉਨ੍ਹਾਂ ਸਪੱਸ਼ਟ ਕੀਤਾ ਕਿ ਐਥਲੈਟਿਕਸ ਅਤੇ ਕਬੱਡੀ (ਨੈਸ਼ਨਲ ਸਟਾਇਲ) ਦੇ ਚੋਣ ਟਰਾਇਲ ਮਿਤੀ 4-09-2026 ਨੂੰ ਕਰਵਾਏ ਜਾਣਗੇ। ਜ਼ਿਲ੍ਹਾ ਖੇਡ ਅਫਸਰ ਮਨਦੀਪ ਕੌਸ਼ਲ ਨੇ ਅੱਗੇ ਦੱਸਿਆ ਕਿ ਸਪੋਰਟਸ ਵਿੰਗ ਸਕੀਮ ਅਧੀਨ ਚੁਣੇ ਜਾਣ ਵਾਲੇ ਖਿਡਾਰੀ/ਖਿਡਾਰਨਾਂ ਨੂੰ ਖੇਡਾਂ ਦਾ ਸਮਾਨ, ਟਰੇਨਿੰਗ ਅਤੇ ਰੈਜੀਡੈਂਸ਼ਲ ਖਿਡਾਰੀਆਂ ਨੂੰ 225। -ਰੁਪਏ ਅਤੇ ਡੇ ਸਕਾਲਰ ਨੂੰ 125। -ਰੁਪਏ ਪ੍ਰਤੀ ਖਿਡਾਰੀ ਪ੍ਰਤੀ ਦਿਨ ਦੀ ਦਰ ਨਾਲ ਖੁਰਾਕ। ਰਿਫਰੈਸ਼ਮੈਂਟ ਵੀ ਦਿੱਤੀ ਜਾਵੇਗੀ। ਇਸ ਮੌਕੇ ਰਕੇਸ਼ ਮਲਿਕ, ਡਾਇਰੈਕਟਰ ਸਪੋਰਟਸ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਆਪਣੀ ਟੀਮ ਸਮੇਤ ਮੌਜੂਦ ਸਨ।

# ਆਰ.ਜੀ. ਹਸਪਤਾਲ ਵਿੱਚ ਡਾ. ਸੰਦੀਪ ਪੁਰੀ ਨੇ ਮੈਡੀਕਲ ਡਾਇਰੈਕਟਰ ਦਾ ਅਹੁਦਾ ਸੰਭਾਲਿਆ



**ਲੁਧਿਆਣਾ/ਇੰਦਰਜੀਤ**

ਪ੍ਰਸਿੱਧ ਡਾਕਟਰ, ਮੈਡੀਕਲ ਸਿੱਖਿਆ ਮਾਹਿਰ ਅਤੇ ਪ੍ਰਸ਼ਾਸਕ ਡਾ. ਸੰਦੀਪ ਪੁਰੀ ਨੇ ਆਰ.ਜੀ. ਹਸਪਤਾਲ, ਲੁਧਿਆਣਾ ਵਿਖੇ ਮੈਡੀਕਲ ਡਾਇਰੈਕਟਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਡਾ. ਪੁਰੀ ਨੂੰ ਡਾਕਟਰੀ, ਮੈਡੀਕਲ ਸਿੱਖਿਆ, ਖੋਜ ਅਤੇ ਹਸਪਤਾਲ ਪ੍ਰਬੰਧਨ ਦੇ ਖੇਤਰ ਵਿੱਚ ਤਿੰਨ ਦਹਾਕਿਆਂ ਤੋਂ ਵੱਧ ਦਾ ਤਜਰਬਾ ਹਾਸਲ ਹੈ। ਡਾ. ਸੰਦੀਪ ਪੁਰੀ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ (ਡੀ.ਐੱਮ.ਸੀ.ਐੱਚ.), ਲੁਧਿਆਣਾ ਦੇ ਸਾਬਕਾ ਪ੍ਰਿੰਸੀਪਲ ਰਹਿ ਚੁੱਕੇ ਹਨ। ਉਨ੍ਹਾਂ ਨੇ ਇਸੇ ਸੰਸਥਾ ਤੋਂ ਐੱਮ.ਡੀ. (ਮੈਡੀਸਨ) ਦੀ ਡਿਗਰੀ ਹਾਸਲ ਕੀਤੀ ਅਤੇ ਸਾਲ 1992 ਵਿੱਚ ਇੱਥੇ ਅਧਿਆਪਕ ਵਜੋਂ ਆਪਣੀ ਸੇਵਾ ਦੀ ਸ਼ੁਰੂਆਤ ਕੀਤੀ। ਉਨ੍ਹਾਂ ਨੇ ਸਾਲ 2001 ਤੋਂ 2014 ਤੱਕ ਮੈਡੀਕਲ ਸੁਪਰਡੈਂਟ, 2005 ਤੋਂ 2014 ਤੱਕ ਮੈਡੀਸਨ ਵਿਭਾਗ ਦੇ ਮੁਖੀ ਅਤੇ ਦਸੰਬਰ 2014 ਤੋਂ ਫਰਵਰੀ 2024 ਤੱਕ ਪ੍ਰਿੰਸੀਪਲ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਮੈਡੀਕਲ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਵੀ ਡਾ. ਪੁਰੀ ਦਾ ਮਹੱਤਵਪੂਰਨ ਯੋਗਦਾਨ ਰਿਹਾ ਹੈ। ਉਨ੍ਹਾਂ ਦੇ ਨਾਮ 64 ਖੋਜ ਪੱਤਰ ਅਤੇ ਪ੍ਰਕਾਸ਼ਨ ਹਨ ਅਤੇ ਉਨ੍ਹਾਂ ਨੇ 7 ਬਹੁ-ਰਾਸ਼ਟਰੀ ਕਲੀਨਿਕਲ ਟਰਾਇਲਾਂ ਦੀ ਅਗਵਾਈ ਕੀਤੀ ਹੈ। ਉਹ ਏ.ਪੀ.ਆਈ. ਮੈਡੀਸਨ ਅਪਡੇਟ 2014 ਦੇ ਸੰਪਾਦਕ ਵੀ ਰਹੇ ਹਨ। ਇਸ ਤੋਂ ਇਲਾਵਾ ਉਹ ਏ.ਪੀ.ਆਈ.ਕਾਨ 2014 ਅਤੇ ਆਈ.ਏ.ਸੀ.ਐੱਮ.ਕਾਨ 2015 ਦੇ ਆਯੋਜਨ ਚੇਅਰਮੈਨ ਵੀ ਰਹਿ ਚੁੱਕੇ ਹਨ। ਸਾਲ 2002 ਵਿੱਚ ਡਾ. ਪੁਰੀ ਨੇ ਏਮਜ਼, ਨਵੀਂ ਦਿੱਲੀ ਤੋਂ ਰਿਊਮੈਟੋਲੋਜੀ ਦੇ ਖੇਤਰ ਵਿੱਚ ਵਿਸ਼ੇਸ਼ ਸਿਖਲਾਈ ਪ੍ਰਾਪਤ ਕੀਤੀ। ਡਾਕਟਰੀ ਸਿੱਖਿਆ, ਖੋਜ ਅਤੇ ਸੇਵਾਵਾਂ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਡਾ. ਪੁਰੀ ਨੂੰ ਕਈ ਵੱਕਾਰੀ ਸਨਮਾਨ ਮਿਲ ਚੁੱਕੇ ਹਨ। ਇਨ੍ਹਾਂ ਵਿੱਚ ਆਈ.ਸੀ.ਪੀ., ਆਈ. ਏ. ਸੀ. ਐੱਮ. ਅਤੇ ਆਈ. ਐੱਮ. ਐੱਮ. ਐੱਸ. ਏ. ਦੀ ਫੈਲੋਸ਼ਿਪ, ਨੈਸ਼ਨਲ ਅਕੈਡਮੀ ਆਫ਼ ਮੈਡੀਕਲ ਸਾਇੰਸਿਜ਼ ਦੀ ਮੈਂਬਰਸ਼ਿਪ, ਏ.ਪੀ.ਆਈ.ਕਾਨ 2017 ਵਿੱਚ ਰਬਿੰਦਰਨਾਥ ਟੈਗੋਰ ਓਰੇਸ਼ਨ ਅਤੇ ਡੀ.ਐੱਮ.ਸੀ.ਐੱਚ. ਦਾ ਬੈਸਟ ਟੀਚਰ ਐਵਾਰਡ ਸ਼ਾਮਲ ਹਨ। ਡਾ. ਪੁਰੀ ਡਾਕਟਰੀ ਸੇਵਾਵਾਂ ਦੇ ਨਾਲ-ਨਾਲ ਸਮਾਜਿਕ ਗਤੀਵਿਧੀਆਂ ਵਿੱਚ ਵੀ ਸਰਗਰਮ ਰਹੇ ਹਨ। ਉਹ ਖ਼ੂਨਦਾਨ ਲਈ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਲਗਾਤਾਰ ਯੋਗਦਾਨ ਪਾਉਂਦੇ ਰਹੇ ਹਨ ਅਤੇ ਹੁਣ ਤੱਕ 90 ਤੋਂ ਵੱਧ ਵਾਰ ਸਵੈ-ਇੱਛਾ ਨਾਲ ਖ਼ੂਨਦਾਨ ਕਰ ਚੁੱਕੇ ਹਨ। ਆਰ.ਜੀ. ਹਸਪਤਾਲ ਦੇ ਪ੍ਰਬੰਧਨ ਨੇ ਡਾ. ਸੰਦੀਪ ਪੁਰੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਵਿਸ਼ਾਲ ਡਾਕਟਰੀ, ਅਕਾਦਮਿਕ ਅਤੇ ਪ੍ਰਬੰਧਕੀ ਤਜਰਬੇ ਨਾਲ ਹਸਪਤਾਲ ਵਿੱਚ ਮਰੀਜ਼ਾਂ ਦੀ ਦੇਖਭਾਲ ਦੀ ਗੁਣਵੱਤਾ, ਡਾਕਟਰੀ ਸੇਵਾਵਾਂ ਦੀ ਉੱਤਮਤਾ ਅਤੇ ਨੈਤਿਕ ਡਾਕਟਰੀ ਪ੍ਰਥਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ। ਪ੍ਰਬੰਧਨ ਨੇ ਉਮੀਦ ਜਤਾਈ ਕਿ ਡਾ. ਪੁਰੀ ਦੀ ਅਗਵਾਈ ਅਤੇ ਤਜਰਬੇ ਨਾਲ ਹਸਪਤਾਲ ਦੀਆਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਮਰੀਜ਼ਾਂ ਨੂੰ ਬਿਹਤਰ, ਗੁਣਵੱਤਾਪੂਰਨ ਅਤੇ ਮਨੁੱਖੀ ਪੱਖ ਵਾਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਯਤਨਾਂ ਨੂੰ ਹੋਰ ਗਤੀ ਮਿਲੇਗੀ।

# ਐਨਸੀਸੀ 3 ਪੰਜਾਬ (ਲੜਕੀਆਂ) ਬਟਾਲੀਅਨ ਨੇ ਸਰਕਾਰੀ ਕਾਲਜ (ਲੜਕੀਆਂ) 'ਚ ਲਾਇਆ ਖ਼ੂਨਦਾਨ ਕੈਂਪ

**ਲੁਧਿਆਣਾ/ਵਿਜੇ**

ਐਨ ਸੀ ਸੀ 3 ਪੰਜਾਬ (ਲੜਕੀਆਂ) ਬਟਾਲੀਅਨ, ਲੁਧਿਆਣਾ, ਐਨ ਸੀ ਸੀ ਗਰੁੱਪ ਹੈੱਡਕੁਆਰਟਰ ਲੁਧਿਆਣਾ ਦੇ ਅਧੀਨ, ਨੇ ਸਰਕਾਰੀ ਕਾਲਜ (ਲੜਕੀਆਂ), ਲੁਧਿਆਣਾ ਵਿੱਚ ਗੁਰੂ ਨਾਨਕ ਬਲੱਡ ਸੈਂਟਰ ਦੇ ਸਹਿਯੋਗ ਨਾਲ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ। ਇਸ ਸਮਾਗਮ ਨੇ ਐਨ ਸੀ ਸੀ ਦੀ ਸਮਾਜਿਕ ਸੇਵਾ ਅਤੇ ਮਨੁੱਖੀ ਕਦਰਾਂ-ਕੀਮਤਾਂ ਪ੍ਰਤੀ ਵਚਨਬੱਧਤਾ ਨੂੰ ਮੁੜ ਦਰਸਾਇਆ ਹੈ। ਕੈਂਪ ਵਿੱਚ ਕਾਲਜ ਸਮੁਦਾਇ ਦੇ ਹਰ ਵਰਗ ਨੇ ਉਤਸ਼ਾਹ ਨਾਲ ਭਾਗ ਲਿਆ। ਦਿਨ ਭਰ ਚੱਲੇ ਇਸ ਅਭਿਆਨ ਦੌਰਾਨ ਕੁੱਲ 45 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ, ਜਿਸ ਵਿੱਚ ਐਨ ਸੀ ਸੀ ਕੈਡੇਟਸ, ਕਾਲਜ ਵਿਦਿਆਰਥਣਾਂ, ਕਾਮਬੈਟੈਂਟਸ ਅਤੇ ਸਿਵਲ ਸਟਾਫ ਮੈਂਬਰਾਂ ਦਾ ਯੋਗਦਾਨ ਰਿਹਾ। ਕਮਾਂਡਿੰਗ ਅਫਸਰ ਅਤੇ ਸਟਾਫ ਨੇ ਕੈਡੇਟਸ ਦੀ ਅਨੁਸ਼ਾਸਿਤ ਸੰਗਠਨ ਯੋਗਤਾ ਅਤੇ ਫਰਜ਼ ਨਿਭਾਉਣ ਦੀ ਭਾਵਨਾ ਦੀ ਪ੍ਰਸ਼ੰਸਾ ਕੀਤੀ। ਖ਼ੂਨ ਦਾਨ ਕਰਨ ਵਾਲਿਆਂ ਨੂੰ ਸਰਟੀਫਿਕੇਟ ਆਫ ਐਪ੍ਰੀਸੀਏਸ਼ਨ ਦਿੱਤੇ ਗਏ, ਜੋ ਜ਼ਿੰਦਗੀਆਂ ਬਚਾਉਣ ਵਿੱਚ ਉਨ੍ਹਾਂ ਦੇ ਨਿਸ਼ਕਾਮ ਯੋਗਦਾਨ ਦਾ ਪ੍ਰਤੀਕ ਸਨ। ਸਮਾਗਮ ਹਾਲ ਐਨਸੀਸੀ ਦੇ ਮੋਟੋ "ਏਕਤਾ ਅਤੇ ਅਨੁਸ਼ਾਸਨ"ਨਾਲ ਗੂੰਜ ਉਠਿਆ, ਜਦੋਂ ਕੈਡੇਟਸ ਨੇ ਖਾਕੀ ਵਰਦੀ ਅਤੇ ਹਰੇ ਬਰੇਟ ਪਹਿਨ ਕੇ ਮੈਡੀਕਲ ਟੀਮਾਂ ਦੀ ਸਹਾਇਤਾ ਕੀਤੀ ਅਤੇ ਸਾਥੀ ਵਿਦਿਆਰਥੀਆਂ ਨੂੰ ਇਸ ਪੁੰਨ ਦੇ ਕਾਰਜ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ। ਕੈਂਪ ਦਾ ਸਮਾਪਨ ਸਾਰੇ ਦਾਤਾਵਾਂ ਅਤੇ ਸਵੈਸੇਵਕਾਂ ਪ੍ਰਤੀ ਦਿਲੋਂ ਧੰਨਵਾਦ ਨਾਲ ਹੋਇਆ, ਜੋ ਸਮਾਜਿਕ ਭਲਾਈ ਅਤੇ ਜਨ ਸਿਹਤ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਬਟਾਲੀਅਨ ਦੇ ਲਗਾਤਾਰ ਯਤਨਾਂ ਦਾ ਇੱਕ ਹੋਰ ਮੀਲ ਪੱਥਰ ਸਾਬਤ ਹੋਇਆ।




# ਆਰਬੀਆਈ ਚੰਡੀਗੜ੍ਹ ਨੇ ਕੁਰੁਕਸ਼ੇਤਰ 'ਚ ਐਮਐਸਐਮਈ ਬੈਂਕਰਾਂ ਲਈ ਦੋ-ਰੋਜ਼ਾ ਐਨਏਐਮਸੀਏਬੀਐਸ ਵਰਕਸ਼ਾਪ ਦਾ ਆਯੋਜਨ

**ਕੁਰੁਕਸ਼ੇਤਰ/ਪੀ.ਆਈ.ਬੀ**



ਭਾਰਤੀ ਰਿਜ਼ਰਵ ਬੈਂਕ (ਆਰਬੀਆਈ), ਚੰਡੀਗੜ੍ਹ ਨੇ ਹਰਿਆਣਾ ਦੇ ਕੁਰੁਕਸ਼ੇਤਰ ਵਿੱਚ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ (ਐਮਐਸਐਮਈ) (ਐਨਏਐਮਸੀਏਬੀਐਸ) ਲਈ ਵਿੱਤੀ ਸਹਾਇਤਾ ਬੈਂਕਰਾਂ ਲਈ ਸਮਰੱਥਾ ਨਿਰਮਾਣ 'ਤੇ ਦੋ-ਰੋਜ਼ਾ ਰਾਸ਼ਟਰੀ ਮਿਸ਼ਨ ਵਰਕਸ਼ਾਪ ਦਾ ਆਯੋਜਨ ਕੀਤਾ। ਵਰਕਸ਼ਾਪ ਦਾ ਉਦਘਾਟਨ ਸ਼੍ਰੀ ਪੰਕਜ ਸੇਤੀਆ, ਜਨਰਲ ਮੈਨੇਜਰ, ਆਰਬੀਆਈ, ਚੰਡੀਗੜ੍ਹ ਦੇ ਇੰਚਾਰਜ ਅਧਿਕਾਰੀ ਦੁਆਰਾ ਕੀਤਾ ਗਿਆ। ਖੇਤਰ ਦੇ ਪ੍ਰਮੁੱਖ ਬੈਂਕਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਵਿੱਚ ਸ਼੍ਰੀ ਆਸ਼ੀਸ਼ ਕੁਮਾਰ ਚਤੁਰਵੇਦੀ, ਸੀਜੀਐਮ, ਪੰਜਾਬ ਨੈਸ਼ਨਲ ਬੈਂਕ, ਸ਼੍ਰੀ ਵਿਨੋਦ ਕੁਮਾਰ ਸਿਨਹਾ, ਜੀਐਮ, ਸਟੇਟ ਬੈਂਕ ਆਫ਼ ਇੰਡੀਆ, ਸ਼੍ਰੀ ਧੀਰਜ ਸੇਠੀ, ਜ਼ੋਨਲ ਹੈੱਡ, ਐਚਡੀਐਫਸੀ ਬੈਂਕ, ਅਤੇ ਸ਼੍ਰੀ ਵੇਦ ਪ੍ਰਕਾਸ਼, ਜੀਐਮ, ਹਰਿਆਣਾ ਗ੍ਰਾਮੀਣ ਬੈਂਕ ਸ਼ਾਮਲ ਸਨ। ਇਸ ਵਰਕਸ਼ਾਪ ਵਿੱਚ ਹਰਿਆਣਾ ਦੇ ਅੰਬਾਲਾ, ਪੰਚਕੂਲਾ, ਕੁਰੁਕਸ਼ੇਤਰ, ਕਰਨਾਲ ਅਤੇ ਯਮੁਨਾਨਗਰ ਜ਼ਿਲ੍ਹਿਆਂ ਦੇ 21 ਵੱਖ-ਵੱਖ ਬੈਂਕਾਂ ਦੇ ਲਗਭਗ 80 ਬੈਂਕਰਾਂ ਨੇ ਭਾਗ ਲਿਆ, ਜੋ MSMEs ਨੂੰ ਕਰਜ਼ਾ ਦਿੰਦੇ ਹਨ। ਆਪਣੇ ਮੁੱਖ ਭਾਸ਼ਣ ਵਿੱਚ, ਸ਼੍ਰੀ ਪੰਕਜ ਸੇਤੀਆ ਨੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ (MSMEs) ਦੇ ਵਿਕਾਸ ਅਤੇ ਰੁਜ਼ਗਾਰ ਸਿਰਜਣ ਵਿੱਚ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਵਰਕਸ਼ਾਪ ਭਾਗੀਦਾਰਾਂ ਲਈ ਸਭ ਤੋਂ ਵਧੀਆ ਅਭਿਆਸਾਂ, ਨੀਤੀ ਦਿਸ਼ਾ-ਨਿਰਦੇਸ਼ਾਂ ਅਤੇ MSME ਵਿੱਤ ਲਈ ਨਵੀਨਤਾਕਾਰੀ ਪਹੁੰਚਾਂ ਬਾਰੇ ਆਪਣੇ ਗਿਆਨ ਨੂੰ ਅਪਡੇਟ ਕਰਨ ਦਾ ਇੱਕ ਮੌਕਾ ਸੀ। ਉਨ੍ਹਾਂ ਨੇ ਬੈਂਕਰਾਂ ਨੂੰ ਵਧੇਰੇ ਸੰਵੇਦਨਸ਼ੀਲ ਅਤੇ ਉੱਦਮੀ-ਅਨੁਕੂਲ ਪਹੁੰਚ ਅਪਣਾਉਣ ਦਾ ਸੱਦਾ ਦਿੱਤਾ, ਖਾਸ ਕਰਕੇ ਮੌਜੂਦਾ ਵਿਸ਼ਵਵਿਆਪੀ ਵਾਤਾਵਰਣ ਵਿੱਚ, ਜਿੱਥੇ 2047 ਤੱਕ 'ਵਿਕਸਤ ਭਾਰਤ' ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਸਥਾਨਕ ਨਿਰਮਾਣ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਦੋ-ਰੋਜ਼ਾ ਸਮਾਗਮ ਦੌਰਾਨ ਆਯੋਜਿਤ ਤਕਨੀਕੀ ਸੈਸ਼ਨ RBI, SIDBI, MSME DFO, ਅਤੇ TransUnion CIBIL ਦੇ ਵਿਸ਼ਾ ਵਸਤੂ ਮਾਹਿਰਾਂ ਦੇ ਨਾਲ-ਨਾਲ ਵਪਾਰਕ ਬੈਂਕਾਂ ਦੇ ਤਜਰਬੇਕਾਰ ਫੈਕਲਟੀ ਮੈਂਬਰਾਂ ਦੁਆਰਾ ਕਰਵਾਏ ਗਏ। ਇਨ੍ਹਾਂ ਸੈਸ਼ਨਾਂ ਵਿੱਚ MSME ਕ੍ਰੈਡਿਟ ਮੁਲਾਂਕਣ, ਜੋਖਮ ਘਟਾਉਣ, ਫਿਨਟੈਕ ਹੱਲ ਅਤੇ ਰੈਗੂਲੇਟਰੀ ਤਬਦੀਲੀਆਂ ਦੇ ਵਿਹਾਰਕ ਪਹਿਲੂਆਂ ਨੂੰ ਉਜਾਗਰ ਕੀਤਾ ਗਿਆ। ਬੈਂਕਰਾਂ ਨੇ ਵਰਕਸ਼ਾਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਸ ਸਮਾਗਮ ਨੂੰ ਆਯੋਜਿਤ ਕਰਨ ਲਈ ਰਿਜ਼ਰਵ ਬੈਂਕ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ, ਇਹ ਕਹਿੰਦੇ ਹੋਏ ਕਿ ਪ੍ਰਾਪਤ ਗਿਆਨ ਉਨ੍ਹਾਂ ਨੂੰ ਵਿਵਹਾਰਕ ਪੱਧਰ 'ਤੇ ਵਿਵਹਾਰਕ MSME ਯੂਨਿਟਾਂ ਦਾ ਸਮਰਥਨ ਕਰਨ ਵਿੱਚ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਮਦਦ ਕਰੇਗਾ। NAMCABS ਵਰਕਸ਼ਾਪ ਨੂੰ ਬੈਂਕਰਾਂ ਨੂੰ ਉੱਦਮਤਾ ਨੂੰ ਪਾਲਣ, ਰਸਮੀ ਵਿੱਤ ਤੱਕ ਪਹੁੰਚ ਵਧਾਉਣ ਅਤੇ MSME ਖੇਤਰ ਦੇ ਟਿਕਾਊ ਵਿਕਾਸ ਨੂੰ ਤੇਜ਼ ਕਰਨ ਲਈ ਲੋੜੀਂਦੀਆਂ ਵਿਹਾਰਕ ਸੂਝਾਂ ਅਤੇ ਸਾਧਨਾਂ ਨਾਲ ਲੈਸ ਕਰਨ ਲਈ ਇੱਕ ਮਹੱਤਵਪੂਰਨ ਪਹਿਲਕਦਮੀ ਵਜੋਂ ਦੇਖਿਆ ਜਾ ਰਿਹਾ ਹੈ।

# ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੰਚਾਇਤਾਂ ਦੀ ਮਜ਼ਬੂਤੀ ਜ਼ਰੂਰੀ : ਮੁੰਡੀਆਂ

## ਕੈਬਨਿਟ ਮੰਤਰੀ ਮੁੰਡੀਆਂ ਨੇ ਸਰਪੰਚਾਂ ਨੂੰ ਦਿੱਤਾ ਸੱਦਾ-ਪੰਚਾਇਤਾਂ ਨੂੰ ਮਜ਼ਬੂਤ ਕਰਕੇ ਪਿੰਡਾਂ ਦਾ ਵਿਕਾਸ ਤੇਜ਼ ਕਰੋ

**ਲੁਧਿਆਣਾ/ਵਿਜੇ**





ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ, ਹਾਊਸਿੰਗ ਅਤੇ ਸ਼ਹਿਰੀ ਵਿਕਾਸ, ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅੱਜ ਗੁਰੂ ਨਾਨਕ ਦੇਵ ਭਵਨ, ਲੁਧਿਆਣਾ ਦੇ ਆਡੀਟੋਰੀਅਮ ਵਿਖੇ ਪੰਚਾਇਤੀ ਰਾਜ ਸੰਸਥਾਵਾਂ ਦੇ ਚੁਣੇ ਹੋਏ ਨੁਮਾਇੰਦਿਆਂ (ਸਰਪੰਚਾਂ) ਲਈ ਜ਼ਿਲ੍ਹਾ ਪੱਧਰ 'ਤੇ ਆਯੋਜਿਤ ਇੱਕ ਰੋਜ਼ਾ ਵਰਕਸ਼ਾਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਹ ਵਰਕਸ਼ਾਪ 'ਆਪਣਾ ਸਰੋਤ ਮਾਲੀਆ' (ਓ.ਆਰ.ਐਸ.) ਅਤੇ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਨਾਲ ਸਬੰਧਿਤ ਵੱਖ-ਵੱਖ ਫਲੈਗਸ਼ਿਪ ਸਕੀਮਾਂ ਬਾਰੇ ਸਰਪੰਚਾਂ ਨੂੰ ਜਾਣਕਾਰੀ ਅਤੇ ਵਿਹਾਰਕ ਗਿਆਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਰਵਾਈ ਗਈ। ਇਸ ਮੌਕੇ ਕੈਬਨਿਟ ਮੰਤਰੀ ਸ਼੍ਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਗ੍ਰਾਮ ਪੰਚਾਇਤਾਂ ਦੀ ਮਜ਼ਬੂਤੀ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਸਰਪੰਚਾਂ ਨੂੰ ਸਰਕਾਰੀ ਯੋਜਨਾਵਾਂ, ਉਨ੍ਹਾਂ ਦੀ ਪ੍ਰਕਿਰਿਆ ਅਤੇ ਪੰਚਾਇਤਾਂ ਦੀ ਭੂਮਿਕਾ ਬਾਰੇ ਵਿਹਾਰਕ ਜਾਣਕਾਰੀ ਦੇਣ ਲਈ ਅਜਿਹੀਆਂ ਵਰਕਸ਼ਾਪਾਂ ਬਹੁਤ ਲਾਹੇਵੰਦ ਸਾਬਤ ਹੋ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਵਰਕਸ਼ਾਪ ਦੌਰਾਨ ਸਰਪੰਚਾਂ ਨੂੰ 'ਆਪਣਾ ਸਰੋਤ ਮਾਲੀਆ' ਦੇ ਵੱਖ-ਵੱਖ ਸਰੋਤਾਂ, ਪੰਚਾਇਤਾਂ ਵੱਲੋਂ ਆਪਣੇ ਸਰੋਤਾਂ ਤੋਂ ਆਮਦਨ ਵਧਾਉਣ ਦੇ ਢੰਗਾਂ ਅਤੇ ਓ.ਆਰ.ਐਸ. ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਪੰਚਾਇਤਾਂ ਆਪਣੇ ਸਰੋਤਾਂ ਤੋਂ ਆਮਦਨ ਵਿੱਚ ਵਾਧਾ ਕਰਕੇ ਵਿਕਾਸ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹ ਸਕਦੀਆਂ ਹਨ। ਵਰਕਸ਼ਾਪ ਵਿੱਚ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਨਾਲ ਸਬੰਧਿਤ ਵੱਖ-ਵੱਖ ਫਲੈਗਸ਼ਿਪ ਸਕੀਮਾਂ ਦੇ ਉਦੇਸ਼, ਲਾਭਪਾਤਰੀਆਂ, ਯੋਗਤਾ, ਲਾਗੂ ਕਰਨ ਦੀ ਪ੍ਰਕਿਰਿਆ ਅਤੇ ਗ੍ਰਾਮ ਪੰਚਾਇਤ ਪੱਧਰ 'ਤੇ ਨੁਮਾਇੰਦਿਆਂ ਦੀ ਭੂਮਿਕਾ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਬੰਧਤ ਵਿਭਾਗਾਂ ਦੇ ਮਾਹਿਰਾਂ ਅਤੇ ਨੋਡਲ ਅਧਿਕਾਰੀਆਂ ਵੱਲੋਂ ਵੱਖ-ਵੱਖ ਫਲੈਗਸ਼ਿਪ ਸਕੀਮਾਂ ਸਬੰਧੀ ਵਿਸ਼ੇਸ਼ ਲੈਕਚਰ ਦਿੱਤੇ ਗਏ ਅਤੇ ਸਰਪੰਚਾਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ। ਮੰਤਰੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਨੂੰ ਮਜ਼ਬੂਤ, ਆਤਮਨਿਰਭਰ ਅਤੇ ਵਿਕਾਸ ਪੱਖੋਂ ਅਗਾਂਹਵਧੂ ਬਣਾਉਣਾ ਹੈ, ਜਿਸ ਲਈ ਪੰਚਾਇਤਾਂ ਅਤੇ ਚੁਣੇ ਹੋਏ ਨੁਮਾਇੰਦਿਆਂ ਦੀ ਸਰਗਰਮ ਭੂਮਿਕਾ ਅਹਿਮ ਹੈ। ਇਸ ਮੌਕੇ ਵਿਧਾਇਕ ਜੀਵਨ ਸਿੰਘ ਸੰਗੋਵਾਲ, ਵਿਧਾਇਕ ਹਾਕਮ ਸਿੰਘ ਠੇਕੇਦਾਰ, ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਜਗਰੂਪ ਸਿੰਘ ਸੇਹ ਅਤੇ ਜਿਲਾ ਵਿਕਾਸ ਤੇ ਪੰਚਾਇਤ ਅਫਸਰ (ਡੀ.ਡੀ.ਪੀ.ਓ) ਲੁਧਿਆਣਾ ਹਿਤੇਨ ਕਪਿਲਾ ਤੋਂ ਇਲਾਵਾ ਵੱਖ-ਵੱਖ ਅਧਿਕਾਰੀ ਅਤੇ ਵੱਡੀ ਸਰਪੰਚ ਮੌਜੂਦ ਸਨ।

# ਗੁਜਰਾਂਵਾਲਾ ਗੁਰੂ ਨਾਨਕ ਪਬਲਿਕ ਸਕੂਲ ਲੁਧਿਆਣਾ ਵਿੱਚ ਅਧਿਆਪਕ ਦਿਵਸ ਮਨਾਇਆ

## ਪ੍ਰਧਾਨਗੀ ਉੱਘੇ ਲੇਖਕ ਤੇ ਅਧਿਆਪਕ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕੀਤੀ

**ਲੁਧਿਆਣਾ/ਤਮੰਨਾ ਬੇਦੀ**




ਗੁਜਰਾਂਵਾਲਾ ਗੁਰੂ ਨਾਨਕ ਪਬਲਿਕ ਸਕੂਲ, ਰੋਜ਼ ਗਾਰਡਨ, ਲੁਧਿਆਣਾ ਵਿਖੇ ਅਧਿਆਪਕ ਦਿਵਸ ਬੜੇ ਜੋਸ਼ ਅਤੇ ਉਤਸ਼ਾਹ ਨਾਲ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਰਲ? ਕੇ ਮਨਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਤੇ 38 ਸਾਲ ਪੰਜਾਬ ਦੇ ਪ੍ਰਮੁੱਖ ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਪੜ੍ਹਾ ਚੁੱਕੇ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਦੇ ਪੁਰਾਣੇ ਵਿਦਿਆਰਥੀ ਪ੍ਰੋ? ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਮੇਰੇ ਮੁਰਸ਼ਦ ਡਾ. ਐਸ ਪੀ ਸਿੰਘ ਮੇਰੇ ਰਸਮੀ ਅਧਿਆਪਕ ਕਦੇ ਵੀ ਨਹੀਂ ਰਹੇ ਪਰ ਜਿਹੜੇ ਸਬਕ ਮੈਂ ਉਨ੍ਹਾਂ ਤੋਂ ਪੜ੍ਹੇ ਹਨ ਉਹ ਹੁਣ ਤੀਕ ਕੰਮ ਆ ਰਹੇ ਹਨ। ਉਨ੍ਹਾਂ ਕਿਹਾ ਕਿ ਅਧਿਆਪਕ ਸਿਰਫ਼ ਵਿਦਿਆਰਥੀ ਨੂੰ ਪੜ੍ਹਾਉਂਦਾ ਹੀ ਨਹੀਂ ਸਗੋਂ ਪੜ੍ਹਨਾ ਸਿਖਾਉਂਦਾ ਹੈ ਅਤੇ ਆਪਣੇ ਵਿਦਿਆਰਥੀ ਤੋਂ ਵੀ ਬਹੁਤ ਕੁਝ ਸਿੱਖਦਾ ਹੈ। ਉਨ੍ਹਾਂ ਕਿਹਾ ਕਿ ਗੁਜਰਾਂਵਾਲਾ ਸੰਸਥਾਵਾਂ ਦੀ ਪ੍ਰਬੰਧਕ ਕਮੇਟੀ ਨੇ ਮੈਨੂੰ ਗਵਰਨਿੰਗ ਕੌਂਸਲ ਦਾ ਮੈਂਬਰ ਬਣਾ ਕੇ ਮੇਰੀ ਜ਼ੁੰਮੇਵਾਰੀ ਹੋਰ ਵਧਾਈ ਹੈ। ਮੈਂ ਇਸ ਦੇ ਕਾਬਲ ਬਣਨ ਦਾ ਯਤਨ ਕਰਾਂਗਾ। ਸਕੂਲ ਪ੍ਰਿੰਸੀਪਲ ਸਰਦਾਰਨੀ ਗੁਣਮੀਤ ਕੌਰ ਨੇ ਕਿਹਾ ਕਿ ਇਹ ਦਿਨ ਭਾਰਤ ਦੇ ਸਾਬਕਾ ਰਾਸ਼ਟਰਪਤੀ ਅਤੇ ਮਹਾਨ ਅਧਿਆਪਕ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੇ ਜਨਮ ਦਿਨ ਤੇ ਮਨਾਇਆ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਗਿਆਨ ਮਾਰਗ ਦੇ ਪਾਂਧੀ ਬਣਨ ਲਈ ਪ੍ਰੇਰਿਆ। ਉਨ੍ਹਾਂ ਡਾ: ਐਸ. ਪੀ. ਸਿੰਘ, ਪ੍ਰਧਾਨ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ ਅਤੇ ਸਾਬਕਾ ਉਪ-ਕੁਲਪਤੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਮਾਣਯੋਗ ਜਨਰਲ ਸਕੱਤਰ ਸ: ਹਰਸ਼ਰਨ ਸਿੰਘ ਨਰੂਲਾ, ਅਤੇ ਇਸ ਵਿਸ਼ੇਸ਼ ਮੌਕੇ ਦੇ ਮੁੱਖ ਮਹਿਮਾਨ ਪ੍ਰੋਫੈਸਰ ਗੁਰਭਜਨ ਸਿੰਘ ਗਿੱਲ ਅਤੇ ਕੌਂਸਲ ਦੇ ਮਾਣਯੋਗ ਮੈਂਬਰ ਸ: ਹਰਦੀਪ ਸਿੰਘ ਅਤੇ ਪ੍ਰਧਾਨ ਆਰੀਆ ਕਾਲਜ ਪ੍ਰਬੰਧਕ ਕਮੇਟੀ ਐਸ. ਐਲ. ਸ਼ਰਮਾ ਜੀ ਦਾ ਵੀ ਸਵਾਗਤ ਕੀਤਾ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਹੋਰ ਕਿਹਾ ਕਿ ਅਧਿਆਪਕ ਹੀ ਸੱਚੇ ਰਾਸ਼ਟਰ ਨਿਰਮਾਤਾ ਹੁੰਦੇ ਹਨ। ਅਧਿਆਪਕ ਹੀ ਉਹ ਦੀਵਾ ਹੈ ਜੋ ਵਿਦਿਆਰਥੀਆਂ ਦੇ ਜੀਵਨ ਵਿੱਚੋਂ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਕੇ ਗਿਆਨ ਦਾ ਪ੍ਰਕਾਸ਼ ਫੈਲਾਉਂਦਾ ਹੈ। ਵਿਦਿਆਰਥੀਆਂ ਨੇ ਆਪਣੇ ਪਿਆਰੇ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਧੰਨਵਾਦ ਪ੍ਰਗਟ ਕਰਨ ਲਈ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਵਿਦਿਆਰਥੀਆਂ ਨੇ ਆਪਣੇ ਹੱਥੀਂ ਬਣਾਏ ਸੁੰਦਰ ਕਾਰਡ ਅਤੇ ਤੋਹਫੇ ਦੇ ਕੇ ਆਪਣੇ ਅਧਿਆਪਕਾਂ ਦਾ ਸਨਮਾਨ ਕੀਤਾ। ਇਸ ਮੌਕੇ ਤੇ ਗੁਜਰਾਂਵਾਲਾ ਖਾਲਸਾ ਐਜੂਕੇਸ਼ਨ ਕੌਂਸਲ, ਲੁਧਿਆਣਾ ਦੇ ਪ੍ਰਬੰਧਕਾਂ ਤੇ ਪ੍ਰਿੰਸੀਪਲ ਸਾਹਿਬਾ ਨੇ ਮੁੱਖ ਮਹਿਮਾਨ ਪ੍ਰੋ. ਗੁਰਭਜਨ ਸਿੰਘ ਗਿੱਲ ਨੂੰ ਸਨਮਾਨਿਤ ਕੀਤਾ। ਉਨ੍ਹਾਂ ਨੇ ਵੀ ਸਾਰੇ ਅਧਿਆਪਕਾਂ ਦੀ ਸਖ਼ਤ ਮਿਹਨਤ, ਲਗਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਸਾਰੇ ਅਧਿਆਪਕਾਂ ਨੂੰ ਪਿਆਰ ਅਤੇ ਸਤਿਕਾਰ ਦੇ ਪ੍ਰਤੀਕ ਵਜੋਂ ਯਾਦਗਾਰੀ ਚਿੰਨ੍ਹ ਭੇਂਟ ਕੀਤੇ ਗਏ। ਅੰਤ ਵਿੱਚ ਪ੍ਰਿੰਸੀਪਲ ਸ੍ਰੀਮਤੀ ਗੁਣਮੀਤ ਕੌਰ ਜੀ ਨੇ ਇਸ ਦਿਨ ਨੂੰ ਯਾਦਗਾਰੀ ਬਣਾਉਣ ਲਈ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸਾਰੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

# ਵੈਟਨਰੀ ਯੂਨੀਵਰਸਿਟੀ ਨੇ ਸਫਲਤਾ, ਖੁਸ਼ੀ ਅਤੇ ਮਾਨਸਿਕ ਤੰਦਰੁਸਤੀ ਲਈ ਕੀਤਾ ਸੈਸ਼ਨ ਦਾ ਆਯੋਜਨ

**ਲੁਧਿਆਣਾ/ਇੰਦਰਜੀਤ**





ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਐਨੀਮਲ ਬਾਇਓਟੈਕਨਾਲੋਜੀ ਕਾਲਜ ਨੇ ਨਵਾਂ ਸਵੈ: ਸਫਲਤਾ ਅਤੇ ਖੁਸ਼ੀ ਨੂੰ ਮੁੜ ਪਰਿਭਾਸ਼ਿਤ ਕਰਨਾ ਵਿਸ਼ੇ 'ਤੇ ਇੱਕ ਸੂਝਵਾਨ ਮਾਹਰ ਸੈਸ਼ਨ ਦਾ ਆਯੋਜਨ ਕੀਤਾ। ਸਰੋਤ ਸ਼ਖ਼ਸੀਅਤ ਡਾ. ਦੀਪਿਕਾ ਵਿਗ, ਖੋਜ ਕੋਆਰਡੀਨੇਟਰ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਨੇ ਵਿਦਿਆਰਥੀਆਂ ਨੂੰ ਉਦੇਸ਼, ਖੁਸ਼ੀ, ਸਿਹਤ ਅਤੇ ਸੰਪੂਰਨ ਤੰਦਰੁਸਤੀ 'ਤੇ ਇੱਕ ਵਿਚਾਰਪੂਰਨ ਚਰਚਾ ਵਿੱਚ ਸ਼ਾਮਲ ਕੀਤਾ। ਡਾ. ਵਿਗ ਨੇ ਖੁਸ਼ੀ ਦੀ ਪ੍ਰਕਿਰਤੀ ਦੀ ਪੜਚੋਲ ਕਰਦਿਆਂ ਵਿਦਿਆਰਥੀਆਂ ਨੂੰ ਜੀਵਨ ਪ੍ਰਤੀ ਇੱਕ ਸਕਾਰਾਤਮਕ ਅਤੇ ਉਦੇਸ਼ਪੂਰਨ ਪਹੁੰਚ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਤੰਦਰੁਸਤੀ ਅਤੇ ਮਾਨਸਿਕ ਸਿਹਤ ਦੇ ਵਧ ਰਹੇ ਮਹੱਤਵ ਪ੍ਰਤੀ ਸੰਵੇਦਨਸ਼ੀਲ ਬਣਾਇਆ। ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਅਕਤੀਗਤ ਤੰਦਰੁਸਤੀ ਸਰੀਰਕ, ਮਨੋਵਿਗਿਆਨਕ ਅਤੇ ਭਾਵਨਾਤਮਕ ਪਹਿਲੂਆਂ ਦਾ ਸੁਮੇਲ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਫਲਤਾ ਦੇ ਬਾਹਰੀ ਸੂਚਕਾਂ ਤੋਂ ਅੱਗੇ ਦੇਖਣ ਅਤੇ ਸਵੈ-ਜਾਗਰੂਕਤਾ, ਸਬੰਧਾਂ, ਇੱਛਾਵਾਂ, ਨਿੱਜੀ ਵਿਕਾਸ ਅਤੇ ਜੀਵਨ ਦੀ ਗੁਣਵੱਤਾ ਨੂੰ ਬਰਾਬਰ ਮਹੱਤਵ ਦੇਣ ਦੀ ਸਲਾਹ ਦਿੱਤੀ।

ਡਾ. ਰਾਮ ਸਰਨ ਸੇਠੀ, ਡੀਨ ਨੇ ਡਾ. ਵਿਗ ਦਾ ਆਪਣੇ ਕੀਮਤੀ ਵਿਚਾਰਾਂ ਨੂੰ ਸਾਂਝਾ ਕਰਨ ਅਤੇ ਵਿਦਿਆਰਥੀਆਂ ਨਾਲ ਜੁੜਨ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਨੇ ਨੌਜਵਾਨ ਮਨਾਂ ਨੂੰ ਮਾਨਸਿਕ ਤੰਦਰੁਸਤੀ ਪ੍ਰਤੀ ਸੰਵੇਦਨਸ਼ੀਲ ਰਹਿੰਦਿਆਂ ਹੋਇਆ ਇੱਕ ਤੰਦਰੁਸਤ ਮਨ ਦੀ ਉੱਤਮਤਾ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਮਾਨਸਿਕ ਤੰਦਰੁਸਤੀ ਦੀ ਸੰਭਾਲ ਵਿਅਕਤੀਆਂ ਲਈ ਆਪਣੀ ਸਮਰੱਥਾ ਨੂੰ ਸਾਕਾਰ ਕਰਨ ਅਤੇ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਬਹੁਤ ਜ਼ਰੂਰੀ ਹੈ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਵਿਦਿਆਰਥੀਆਂ ਲਈ ਅਜਿਹੇ ਢੁਕਵੇਂ ਅਤੇ ਸਾਰਥਕ ਸੈਸ਼ਨ ਦੇ ਆਯੋਜਨ ਵਿੱਚ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਨਾ ਸਿਰਫ਼ ਅਕਾਦਮਿਕ ਅਤੇ ਪੇਸ਼ੇਵਰ ਗਿਆਨ ਪ੍ਰਦਾਨ ਕਰਨ, ਸਗੋਂ ਸੁਚੱਜੇ, ਆਤਮਵਿਸ਼ਵਾਸੀ ਅਤੇ ਭਾਵਨਾਤਮਕ ਤੌਰ 'ਤੇ ਸੰਤੁਲਿਤ ਵਿਦਿਆਰਥੀ ਤਿਆਰ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨ ਪੇਸ਼ੇਵਰਾਂ ਨੂੰ ਟਿਕਾਊ ਸਫਲਤਾ ਪ੍ਰਾਪਤ ਕਰਨ ਲਈ ਉਦੇਸ਼ ਦੀ ਭਾਵਨਾ ਵਿਕਸਤ ਕਰਨਾ, ਮਾਨਸਿਕ ਅਤੇ ਸਰੀਰਕ ਤੰਦਰੁਸਤੀ ਬਣਾਈ ਰੱਖਣਾ ਅਤੇ ਸੰਤੁਲਿਤ ਦ੍ਰਿਸ਼ਟੀਕੋਣ ਪੈਦਾ ਕਰਨਾ ਜ਼ਰੂਰੀ ਹੈ। ਡਾ. ਸਤਪ੍ਰਕਾਸ਼ ਸਿੰਘ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ ਅਤੇ ਡਾ. ਵਿਗ ਦੀ ਉਨ੍ਹਾਂ ਦੇ ਭਾਸ਼ਣ ਲਈ ਸ਼ਲਾਘਾ ਕੀਤੀ।

ਸੈਸ਼ਨ ਵਿੱਚ ਅਧਿਆਪਕਾਂ, ਸਟਾਫ ਅਤੇ ਵਿਦਿਆਰਥੀਆਂ ਦੀ ਉਤਸ਼ਾਹੀ ਸ਼ਮੂਲੀਅਤ ਵੇਖੀ ਗਈ। ਇਸ ਆਯੋਜਨ ਨੇ ਉਦੇਸ਼, ਸਫਲਤਾ, ਖੁਸ਼ੀ ਅਤੇ ਸੰਪੂਰਨ ਤੰਦਰੁਸਤੀ 'ਤੇ ਸੰਵਾਦ ਲਈ ਇੱਕ ਅਰਥਪੂਰਨ ਮੰਚ ਪ੍ਰਦਾਨ ਕੀਤਾ।

# ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਦਮਪੁਰ 'ਚ ਕਰਵਾਇਆ ਮਹਾਨ ਕੀਰਤਨ ਦਰਬਾਰ

## ਸੰਤ ਨਿਰੰਜਣ ਦਾਸ ਜੀ ਨੇ ਕੀਰਤਨ ਦਰਬਾਰ 'ਚ ਸ਼ਿਰਕਤ ਕਰਕੇ ਸੰਗਤਾਂ ਨੂੰ ਦਿੱਤਾ ਅਸ਼ੀਰਵਾਦ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਦਾਣਾ ਮੰਡੀ,ਆਦਮਪੁਰ ਵਿਖੇ ਕਰਵਾਇਆ ਗਿਆ, ਜਿਸ ਵਿੱਚ ਗੁਰਬਾਣੀ ਕੀਰਤਨ ਤੇ ਧਾਰਮਿਕ ਭਜਨਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਿਲ ਸੰਗਤਾਂ ਨੂੰ ਰੂਹਾਨੀ ਤੇ ਅਧਿਆਤਮਿਕਤਾ ਦੇ ਰੰਗ ਵਿੱਚ ਰੰਗਿਆ। ਮਹਾਨ ਕੀਰਤਨ ਸਮਾਗਮ ਦੌਰਾਨ ਸੰਗਤਾਂ ਵਲੋਂ ਨਤਮਸਤਕ ਹੋਕੇ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਜੋਕੇ ਸਮੇਂ ਵਿੱਚ ਵੀ ਸਮਾਜ ਲਈ ਬਹੁਤ ਸਾਰਥਕ ਹਨ,ਕਿਉਂਕਿ ਇਹ ਲੋਕਾਂ ਨੂੰ ਜਾਤ-ਪਾਤ ,ਸਮਾਜਿਕ ਵੰਡ ਤੋਂ ਉਪਰ ਉੱਠ ਕੇ ਸਮਾਨਤਾ, ਸਮਾਜਿਕ ਨਿਆਂ, ਸਦਭਾਵਨਾ ਅਤੇ ਵਿਸ਼ਵਵਿਆਪੀ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਮਿੱਲ ਕੇ ਕੰਮ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ,ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬੇ ਭਰ ਵਿੱਚ ਅਜਿਹੇ ਸਮਾਗਮ ਵੱਡੇ ਪੱਧਰ 'ਤੇ ਕਰਵਾਏ ਜਾ ਰਹੇ ਹਨ। ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਨਾਲ ਸ੍ਰੀ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫ਼ੇ ਅਤੇ ਸਿੱਖਿਆਵਾਂ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਅਨੇਆਂ ਅਜਿਹੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਹਨਾਂ ਸਮਾਗਮਾਂ ਦੀ ਲੜੀ ਵਜੋਂ ਸੂਬੇ ਭਰ ਵਿੱਚ ਵੱਖ-ਵੱਖ ਥਾਵਾਂ ਉਤੇ ਮਹਾਨ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ ਜਦਕਿ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ ਗਈਆਂ ਪ੍ਰਚਾਰ ਵੈਨਾਂ ਨੂੰ ਮੁੱਖ ਮੰਤਰੀ ਪੰਜਾਬ ਵਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਹੈ, ਜਿਨ੍ਹਾਂ ਵਲੋਂ ਸੂਬੇ ਭਰ ਦੇ 12000 ਪਿੰਡਾਂ ਵਿੱਚ ਜਾ ਕੇ ਵਿਸ਼ੇਸ਼ ਡਾਕੂਮੈਂਟਰੀ ਫਿਲਮਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਸਿੱਖਿਆਵਾਂ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਵਿੱਤ ਮੰਤਰੀ ਨੇ ਕਿਹਾ ਕਿ ਇਕ ਹੋਰ ਮ ਹ ੱ ਤ ਵ ਪੂ ਰ ਨ ਪਹਿਲਕਦਮੀ ਰਾਹੀਂ ਪੰਜਾਬ ਸਰਕਾਰ ਵਲੋਂ ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ 6.50 ਲੱਖ ਪੌਦੇ ਸੂਬੇ ਭਰ ਵਿੱਚ ਲਗਾਏ ਜਾ ਰਹੇ ਹਨ ਤੇ ਇਸ ਤੋਂ ਇਲਾਵਾ ਸੂਬੇ ਦੇ ਸਕੂਲਾਂ ਵਿੱਚ ਸਕੂਲ ਪੱਧਰੀ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਵਲੋਂ ਡੇਰਾ ਸੱਚਖੰਡ ਬੱਲਾਂ ਨੇੜੇ 11 ਏਕੜ ਰਕਬੇ ਵਿੱਚ ਉਸਾਰੇ ਜਾ ਰਹੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਬਾਰੇ ਵੀ ਵਿਸਥਾਰ ਨਾਲ ਚਾਨਣਾ ਪਾਇਆ ਗਿਆ, ਜਿਸ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਬਾਣੀ ਦੀ ਖੋਜ ਅਤੇ ਅਧਿਐਨ ਨੂੰ ਉਤਸ਼ਾਹਿਤ ਕਰਕੇ ਵੱਡੇ ਪੱਧਰ 'ਤੇ ਪ੍ਰਚਾਰ ਕਰਨਾ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਗੁਰੂ ਸਾਹਿਬ ਜੀ ਦੇ ਸਮਾਨਤਾ ਅਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਸਹੀ ਅਰਥਾਂ ਵਿੱਚ ਲਾਗੂ ਕਰਨ ਲਈ ਵਚਨਬੱਧ ਹੈ ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਇਹਨਾਂ ਨੂੰ ਆਪਣੀ ਰੋਜ਼ਾਨਾ ਜਿੰਦਗੀ ਵਿੱਚ ਅਪਣਾਉਣ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵਲੋਂ ਨਿਮਰਤਾ,ਦਇਆ, ਸੱਚ, ਨਿਰਸਵਾਰਥ ਸੇਵਾ ਅਤੇ ਵਿਸ਼ਵਵਿਆਪੀ ਭਾਈਚਾਰਕ ਸਾਂਝ ਦਾ ਦਿਖਾਇਆ ਮਾਰਗ ਸ਼ਾਂਤੀ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਵਿੱਚ ਮਦਦਗਾਰ ਸਿੱਧ ਹੋ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਕਰਵਾਏ ਜਾ ਰਹੇ ਸਮਾਗਮਾਂ ਨੂੰ ਡਰੋਨ ਸ਼ੋਅ ਵੀ ਗੁਰੂ ਜੀ ਦੇ ਸੰਦੇਸ਼ ਦਾ ਸੁਚੱਜੇ ਢੰਗ ਨਾਲ ਪ੍ਰਚਾਰ ਕਰਨ ਲਈ ਸਮਾਗਮਾਂ ਨੂੰ ਯਾਦਗਾਰ ਬਣਾ ਰਹੇ ਹਨ। ਡੇਰਾ ਸੱਚਖੰਡ ਬੱਲਾਂ ਦੇ ਮੁਖੀ ਸੰਤ ਨਿਰੰਜਣ ਦਾਸ ਜੀ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਉਨ੍ਹਾਂ ਨੇ ਸੰਗਤਾਂ ਨੂੰ ਅਸ਼ੀਰਵਾਦ ਦਿੰਦਿਆਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਅਧਿਆਤਮਿਕ ਅਤੇ ਸਮਾਜਿਕ ਸੰਦੇਸ਼ ਨੂੰ ਅੱਗੇ ਵਧਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਹਨਾਂ ਦੀ ਮੌਜੂਦਗੀ ਨੇ ਮਾਹੌਲ ਨੂੰ ਅਧਿਆਤਮਿਕ ਰੰਗ ਵਿੱਚ ਰੰਗ ਦਿੱਤਾ ਅਤੇ ਪ੍ਰਬੰਧਕਾਂ ਤੇ ਸੇਵਾਦਾਰਾਂ ਵਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਧਾਰਮਿਕ ਸੰਸਥਾਵਾਂ ਸੰਤ ਅਤੇ ਹੋਰ ਉੱਘੀਆਂ ਸਖਸ਼ੀਅਤਾਂ ਵੀ ਮੌਜੂਦ ਸਨ। ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਅਤੇ ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂੰ ਜਿਨ੍ਹਾਂ ਸਮਾਗਮ ਦੀ ਮੇਜ਼ਬਾਨੀ ਕੀਤੀ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸੰਤ ਨਿਰੰਜਣ ਦਾਸ ਜੀ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਉੱਘੀਆਂ ਸਖਸ਼ੀਅਤਾਂ, ਸੰਤਾਂ ਅਤੇ ਸੰਗਤਾਂ ਦਾ ਕੀਰਤਨ ਦਰਬਾਰ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਇਕੱਠੇ ਲੋਕਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਮਹਾਨ ਕੀਰਤਨ ਦਰਬਾਰ ਆਦਮਪੁਰ ਹਲਕੇ ਵਿੱਚ ਕਰਵਾਉਣ 'ਤੇ ਉਹ ਆਪਣੇ ਆਪ ਨੂੰ ਵੱਡਭਾਗੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨਾਲ ਹਲਕੇ ਦੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਬਾਣੀ ਨਾਲ ਜੁੜਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਵਲੋਂ ਪ੍ਰਕਾਸ਼ ਪੁਰਬ ਨੂੰ ਏਡੇ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਨੂੰ ਲੋਕ ਹਮੇਸ਼ਾਂ ਯਾਦ ਰੱਖਣਗੇ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ ਵੀ ਇਸ ਮੌਕੇ ਮੌਜੂਦ ਸਨ। ਇਸ ਮੌਕੇ ਪ੍ਰਸਿੱਧ ਰਾਗੀ ਜੱਥਿਆਂ ਵਲੋਂ ਪੇਸ਼ ਕੀਤੇ ਗਏ ਗੁਰਬਾਣੀ ਕੀਰਤਨ ਨੇ ਸੰਗਤਾਂ ਨੂੰ ਰੂਹਾਨੀ ਰੰਗ ਵਿੱਚ ਰੰਗਿਆ, ਜਿਨ੍ਹਾਂ ਦੀਆਂ ਰੂਹਾਨੀ ਪੇਸ਼ਕਾਰੀਆਂ ਨੇ ਅਧਿਆਤਮਿਕ ਮਾਹੌਲ ਪੈਦਾ ਕੀਤਾ। ਇਸ ਮੌਕੇ ਗੁਰਬਾਣੀ ਕੱਥਾ ਨੇ ਵੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਿੱਖਿਆਵਾਂ ਅਤੇ ਫਲਸਫ਼ੇ 'ਤੇ ਭਰਪੂਰ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਸਮਾਨਤਾ, ਨਿਮਰਤਾ, ਨਿਰਸਵਾਰਥ ਸੇਵਾ ਦੇ ਸੰਦੇਸ਼ ਨਾਲ ਜੁੜਨ ਦਾ ਸੱਦਾ ਦਿੱਤਾ। ਇਸੇ ਤਰ੍ਹਾਂ ਪ੍ਰਸਿੱਧ ਕਲਾਕਾਰ ਦਲਵਿੰਦਰ ਦਿਆਲਪੁਰੀ, ਕੰਠ ਕਲੇਰ, ਸੂਫ਼ੀ ਕਲਾਕਾਰ ਕੁਲਵਿੰਦਰ ਕਿੰਦਾ, ਪਰਵੇਜ਼ ਆਲਮ ਵਲੋਂ ਵੀ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੇ ਜੀਵਨ ਫਲਸਫ਼ੇ ਨਾਲ ਜੋੜਨ ਲਈ ਸ਼ਾਨਦਾਰ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।



## ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟਜ਼ ਦੇ ਚਾਰ ਕੈਡਿਟ ਭਾਰਤੀ ਫੌਜ 'ਚ ਲੈਫਟੀਨੈਂਟ ਬਣੇ

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਦੀ ਸ਼ਾਨਾਮੱਤੀ ਫੌਜੀ ਵਿਰਾਸਤ ਵਿੱਚ ਇੱਕ ਹੋਰ ਮਾਣਮੱਤੀ ਸਫ਼ਲਤਾ ਦਾ ਸ਼ੁਮਾਰ ਕਰਦਿਆਂ ਅੱਜ ਚਾਰ ਕੈਡਿਟਾਂ ਨੇ ਭਾਰਤੀ ਫੌਜ ਵਿੱਚ ਲੈਫਟੀਨੈਂਟ ਵਜੋਂ ਕਮਿਸ਼ਨ ਹਾਸਲ ਕੀਤਾ ਹੈ। ਇਨ੍ਹਾਂ ਵਿਚ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੀਆਂ ਦੋ ਮਹਿਲਾ ਕੈਡਿਟਜ਼ ਅਤੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮ. ਆਰ. ਐਸ. ਏ. ਐਫ. ਪੀ. ਆਈ) ਦੇ ਦੋ ਕੈਡਿਟ ਸ਼ਾਮਲ ਹਨ। ਚੇਨੱਈ ਵਿਖੇ ਆਫੀਸਰਜ਼ ਟ੍ਰੇਨਿੰਗ ਅਕੈਡਮੀ ਵਿਖੇ ਹੋਈ ਸ਼ਾਨਦਾਰ ਪਾਸਿੰਗ ਆਊਟ ਪਰੇਡ, ਜਿਸ ਦਾ ਨਿਰੀਖਣ ਜਲ ਸੈਨਾ ਮੁਖੀ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ, ਪੀਵੀਐਸਐਮ, ਏਵੀਐਸਐਮ ਅਤੇ ਵੀਐਸਐਮ ਨੇ ਕੀਤਾ, ਦੌਰਾਨ ਇਨ੍ਹਾਂ ਕੈਡਿਟਾਂ ਨੂੰ ਕਮਿਸ਼ਨ ਮਿਲਿਆ। ਲੇਡੀ ਕੈਡਿਟ ਦੀਪਨੂਰ ਨੂੰ ਆਰਮੀ ਏਵੀਏਸ਼ਨ ਕੋਰ ਵਿੱਚ ਕਮਿਸ਼ਨ ਮਿਲਿਆ ਹੈ, ਜਦਕਿ ਲੇਡੀ ਕੈਡਿਟ ਦੀਕਸ਼ਾ ਧੀਮਾਨ ਆਰਮੀ ਆਰਡਨੈਂਸ ਕੋਰ ਵਿੱਚ ਨਿਯੁਕਤ ਹੋਈ ਹੈ। ਦੀਪਨੂਰ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਦੇ ਪ੍ਰੋਫੈਸਰ ਸ. ਸੁਖਬੀਰ ਸਿੰਘ ਅਤੇ ਸਰਕਾਰੀ ਸਕੂਲ ਅਧਿਆਪਕਾ ਸ਼?ਰੀਮਤੀ ਰਮਨਪ੍ਰੀਤ ਕੌਰ ਦੀ ਧੀ ਹੈ। ਦੀਕਸ਼ਾ ਪਠਾਨਕੋਟ ਦੇ ਇੱਕ ਕਾਰੋਬਾਰੀ ਪਵਨ ਕੁਮਾਰ ਅਤੇ ਇੰਦੂ ਦੀ ਧੀ ਹੈ। ਇਸੇ ਤਰ੍ਹਾਂ ਐਮ. ਆਰ. ਐਸ. ਏ. ਐਫ. ਪੀ. ਆਈ. ਦੇ ਦੋ ਹੋਣਹਾਰ ਕੈਡਿਟ ਇਸ਼ਪ੍ਰੀਤ ਸਿੰਘ ਢਿੱਲੋਂ ਪੁੱਤਰ ਸਵਰਗੀ ਡਾ. ਪਰਮਜੀਤ ਸਿੰਘ ਢਿੱਲੋਂ ਅਤੇ ਸ਼?ਰੀਮਤੀ ਸੰਤੋਸ਼ ਕੌਰ ਨੇ ਆਰਟਿਲਰੀ ਰੈਜੀਮੈਂਟ ਵਿੱਚ ਅਤੇ ਮੇਜਰ ਜਨਰਲ ਪੀ.ਐਸ. ਸੰਧੂ (ਸੇਵਾਮੁਕਤ) ਦੇ ਪੁੱਤਰ ਲੈਫਟੀਨੈਂਟ ਅਰਸ਼ ਸਿੰਘ ਨੇ ਜੱਜ ਐਡਵੋਕੇਟ ਜਨਰਲ (ਜੇਏਜੀ) ਸ਼ਾਖਾ ਵਿੱਚ ਕਮਿਸ਼ਨ ਹਾਸਲ ਕਰਕੇ ਆਪਣੇ ਪਰਿਵਾਰ ਦੀ ਵਿਰਾਸਤ ਨੂੰ ਅੱਗੇ ਵਧਾ ਕੇ ਰਾਜ ਨੂੰ ਮਾਣ ਦਿਵਾਇਆ ਹੈ। ਨਵੇਂ ਕਮਿਸ਼ਨਡ ਅਫਸਰਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ, "ਇਹ ਨੌਜਵਾਨ ਅਫਸਰ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਨਗੇ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫਸਰ ਵਜੋਂ ਸ਼ਾਮਲ ਹੋਣ ਦੇ ਚਾਹਵਾਨ ਹਰ ਨੌਜਵਾਨ ਦਾ ਸਾਥ ਦੇਣ ਅਤੇ ਸਮਰਥਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।" ਇਸ ਮਾਣਮੱਤੀ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਮਾਈ ਭਾਗੋ ਏਐਫਪੀਆਈ ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ, ਏਵੀਐਸਐਮ (ਸੇਵਾਮੁਕਤ) ਨੇ ਕਿਹਾ, "ਇਹ ਮੀਲ ਪੱਥਰ ਮਾਈ ਭਾਗੋ ਏਐਫਪੀਆਈ ਵਿਖੇ ਸਾਡੇ ਮਿਸ਼ਨ ਨੂੰ ਹੋਰ ਊਰਜਾ ਪ੍ਰਦਾਨ ਕਰੇਗਾ ਤਾਂ ਜੋ ਪੰਜਾਬ ਦੀਆਂ ਹੋਰ ਧੀਆਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਅਫਸਰਾਂ ਵਜੋਂ ਕਮਿਸ਼ਨਡ ਹੋਣ ਲਈ ਤਿਆਰ ਕੀਤਾ ਜਾ ਸਕੇ। ਉਨ੍ਹਾਂ ਨਵੇਂ ਕਮਿਸ਼ਨਡ ਅਫਸਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਐਮ. ਆਰ. ਐਸ. ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ. ਚੌਹਾਨ, ਵੀਐਸਐਮ (ਸੇਵਾਮੁਕਤ), ਨੇ ਨਵੇਂ ਅਫਸਰਾਂ ਨੂੰ ਦੇਸ਼ ਦੇ ਆਦਰਸ਼ਾਂ ਨੂੰ ਕਾਇਮ ਰੱਖਣ ਅਤੇ ਆਪਣੀ ਸੰਸਥਾ ਲਈ ਨਾਮਣਾ ਖੱਟਣ ਲਈ ਪ੍ਰੇਰਿਆ।

## ਗੁਰਪ੍ਰੀਤ ਸਿੰਘ ਸੇਖੋਂ ਹਜ਼ਾਰਾਂ ਸਮਰਥਕਾਂ ਸਮੇਤ 'ਆਪ' 'ਚ ਸ਼ਾਮਲ

### ਆਪ ਸਰਕਾਰ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ : ਮਾਨ

**ਫਿਰੋਜ਼ਪੁਰ** : ਜ਼ੀਰਾ ਵਿਖੇ ਇਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ

**■ ਜਦੋਂ ਕੋਈ ਲੋਕਾਂ ਦੀ ਸੇਵਾ ਲਈ ਸੱਚੀ ਲਗਨ ਨਾਲ ਆਉਂਦਾ ਹੈ, ਤਾਂ ਜਨਤਾ ਵੀ ਉਸ ਨੂੰ ਅਥਾਹ ਪਿਆਰ ਦਿੰਦੀ ਹੈ: ਮੁੱਖ ਮੰਤਰੀ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰਪ੍ਰੀਤ ਸਿੰਘ ਸੇਖੋਂ ਅਤੇ ਉਨ੍ਹਾਂ ਦੇ ਹਜ਼ਾਰਾਂ ਸਮਰਥਕਾਂ ਦਾ ਆਮ ਆਦਮੀ ਪਾਰਟੀ (ਆਪ) ਵਿੱਚ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਜਨਤਾ ਦਾ ਇਹ ਭਾਰੀ ਹੁੰਗਾਰਾ ਪਰੰਪਰਾਗਤ ਪਾਰਟੀਆਂ ਦੇ ਖੋਖਲੇ ਦਾਅਵਿਆਂ ਦੇ ਮੁਕਾਬਲੇ ਕੰਮ ਦੀ ਰਾਜਨੀਤੀ ਵਿੱਚ ਲੋਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਪੰਜਾਬ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ, ਜਿਸ ਤਹਿਤ 1,100 ਮੋਹੱਲਾ ਕਲੀਨਿਕ, ਕਿਸਾਨਾਂ ਲਈ ਦਿਨ ਵੇਲੇ ਬਿਜਲੀ ਅਤੇ ਨਹਿਰੀ ਪਾਣੀ ਮੁਹੱਈਆ ਕਰਵਾਇਆ ਗਿਆ ਹੈ, ਜਦਕਿ 90% ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਅਕਾਲੀ ਦਲ ਅਤੇ ਕਾਂਗਰਸ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਉਨ੍ਹਾਂ ਨੂੰ ਗਾਲ੍ਹਾਂ ਕੱਢਣ ਤੋਂ ਇਲਾਵਾ ਪੰਜਾਬ ਲਈ ਕੋਈ ਵਿਜ਼ਨ ਨਹੀਂ ਹੈ। ਕਦੇ 25 ਸਾਲ ਰਾਜ ਕਰਨ ਦਾ ਦਾਅਵਾ ਕਰਨ ਵਾਲੀ ਅਕਾਲੀ ਪਾਰਟੀ ਅੱਜ ਸਿਰਫ਼ ਕੁਝ ਲੋਕਾਂ ਤੱਕ ਹੀ ਸੀਮਤ ਹੋ ਕੇ ਰਹਿ ਗਈ ਹੈ, ਜਦਕਿ ਅੰਦਰੂਨੀ ਕਲੇਸ਼ ਵਿੱਚ ਉਲਝੀ ਕਾਂਗਰਸ ਨੂੰ ਇਕਜੁੱਟ ਕਰਨ ਦੀਆਂ ਰਾਹੁਲ ਗਾਂਧੀ ਦੀਆਂ ਕੋਸ਼ਿਸ਼ਾਂ ਦਾ ਕੋਈ ਨਤੀਜਾ ਨਹੀਂ ਨਿਕਲਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਲਈ ਰਾਜਨੀਤੀ ਸਿਰਫ਼ ਲੋਕਾਂ ਦੀ ਸੇਵਾ ਦਾ ਜ਼ਰੀਆ ਹੈ ਅਤੇ ਉਹ ਇਹ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾ ਰਹੇ ਹਨ। "ਸਾਡੀ ਸਰਕਾਰ ਨੇ 1,100 ਮੋਹੱਲਾ ਕਲੀਨਿਕ ਸਥਾਪਿਤ ਕਰਕੇ, ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾ ਕੇ ਅਤੇ 90% ਘਰਾਂ ਦੇ ਬਿਜਲੀ ਬਿੱਲ ਜ਼ੀਰੋ ਕਰਕੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਪੰਜਾਬ ਅਤੇ ਪੰਜਾਬੀਆਂ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸਾਡੇ ਯਤਨ ਇਸੇ ਲਗਨ ਨਾਲ ਜਾਰੀ ਰਹਿਣਗੇ। ਇਨਕਲਾਬ ਜ਼ਿੰਦਾਬਾਦ। ਗੁਰਪ੍ਰੀਤ ਸਿੰਘ ਸੇਖੋਂ ਅਤੇ ਉਨ੍ਹਾਂ ਦੇ ਹਜ਼ਾਰਾਂ ਸਮਰਥਕਾਂ ਦਾ ਆਪ 'ਚ ਸਵਾਗਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜਦੋਂ ਵੀ ਕੋਈ ਵਿਅਕਤੀ ਲੋਕਾਂ ਦੀ ਸੇਵਾ ਕਰਨ ਦੇ ਸੱਚੇ ਇਰਾਦੇ ਨਾਲ ਜਨਤਕ ਜੀਵਨ ਵਿੱਚ ਆਉਂਦਾ ਹੈ, ਤਾਂ ਲੋਕ ਆਪ ਉਸ ਲਗਨ ਨੂੰ ਪਛਾਣਦੇ ਹਨ ਅਤੇ ਉਸ ਵਿਅਕਤੀ ਨੂੰ ਅਥਾਹ ਪਿਆਰ ਅਤੇ ਸਮਰਥਨ ਦਿੰਦੇ ਹਨ। ਮੈਂ ਗੁਰਪ੍ਰੀਤ ਸਿੰਘ ਸੇਖੋਂ ਅਤੇ ਉਨ੍ਹਾਂ ਦੇ ਸਾਰੇ ਸਮਰਥਕਾਂ ਦਾ ਆਪ ਪਰਿਵਾਰ ਵਿੱਚ ਤਹਿ ਦਿਲੋਂ ਸਵਾਗਤ ਕਰਦਾ ਹਾਂ। ਉਨ੍ਹਾਂ ਦਾ ਸ਼ਾਮਲ ਹੋਣਾ ਪੰਜਾਬ ਵਿੱਚ ਆਪ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਪੱਖੀ ਸ਼ਾਸਨ ਵਿੱਚ ਲੋਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਲੋਕ ਰਵਾਇਤੀ ਰਾਜਨੀਤੀ ਤੋਂ ਦੂਰ ਹੋ ਰਹੇ ਹਨ ਅਤੇ ਅਜਿਹੀ ਸਿਆਸੀ ਲਹਿਰ ਨੂੰ ਚੁਣ ਰਹੇ ਹਨ ਜੋ ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਜਨਤਕ ਭਲਾਈ ਅਤੇ ਵਿਕਾਸ ਨੂੰ ਪਹਿਲ ਦਿੰਦੀ ਹੈ। "ਲੋਕ ਹੁਣ ਅਜਿਹੀ ਰਾਜਨੀਤੀ ਚਾਹੁੰਦੇ ਹਨ ਜੋ ਨਤੀਜੇ ਦੇਵੇ, ਜੋ ਉਨ੍ਹਾਂ ਲਈ ਕੰਮ ਕਰੇ ਅਤੇ ਜੋ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਨਾਲ ਜੁੜੀ ਰਹੇ। 'ਆਪ' ਆਮ ਲੋਕਾਂ ਅਤੇ ਜ਼ਮੀਨੀ ਪੱਧਰ ਦੇ ਵਰਕਰਾਂ ਦੀ ਲਹਿਰ ਹੈ। ਸਾਡੀ ਰਾਜਨੀਤੀ ਸਿਆਸੀ ਪਰਿਵਾਰਾਂ ਜਾਂ ਵਿਰਾਸਤੀ ਅਹੁਦਿਆਂ ਬਾਰੇ ਨਹੀਂ, ਸਗੋਂ ਲੋਕਾਂ ਦੀ ਸੇਵਾ ਕਰਨ ਅਤੇ ਉਨ੍ਹਾਂ ਦੇ ਜੀਵਨ ਵਿੱਚ ਸੁਧਾਰ ਲਿਆਉਣ ਬਾਰੇ ਹੈ। ਅਕਾਲੀ ਦਲ 'ਤੇ ਤਿੱਖਾ ਤੰਜ ਕੱਸਦਿਆਂ ਉਨ੍ਹਾਂ ਕਿਹਾ ਕਿ ਪਾਰਟੀ ਦੀ ਮੌਜੂਦਾ ਸਥਿਤੀ ਲੋਕਾਂ ਵੱਲੋਂ ਉਨ੍ਹਾਂ ਦੀ ਰਾਜਨੀਤੀ ਨੂੰ ਨਕਾਰਨ ਦਾ ਸਬੂਤ ਹੈ। "ਅਕਾਲੀ ਦਲ ਦਾਅਵਾ ਕਰਦਾ ਸੀ ਕਿ ਉਸ ਕੋਲ 25 ਸਾਲ ਪੰਜਾਬ 'ਤੇ ਰਾਜ ਕਰਨ ਦੀ ਤਾਕਤ ਹੈ। ਅੱਜ ਉਨ੍ਹਾਂ ਕੋਲ ਆਪਣੀਆਂ ਕਮੇਟੀਆਂ ਲਈ 5 ਬੰਦੇ ਵੀ ਨਹੀਂ ਬਚੇ। ਇਹ ਲੋਕਾਂ ਅਤੇ ਲੋਕਤੰਤਰ ਦੀ ਤਾਕਤ ਹੈ। ਲੋਕਾਂ ਨੇ ਹੰਕਾਰ ਦੀ ਰਾਜਨੀਤੀ ਨੂੰ ਰੱਦ ਕਰ ਦਿੱਤਾ ਹੈ।



## 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਵਿੱਚ ਪਹਿਲੀ ਵਾਰ ਕੋਸਕੋ ਕ੍ਰਿਕਟ ਸ਼ਾਮਲ : ਮੀਤ ਹੇਅਰ

ਜ਼ਿਕਰ ਪੰਜਾਬ

**ਚੰਡੀਗੜ੍ਹ** : ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਸ਼ਨੀਵਾਰ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਬਾਰੇ ਵੇਰਵੇ ਸਾਂਝੇ ਕਰਦਿਆਂ ਇਸ ਖੇਡ ਮਹਾਕੁੰਭ ਵਿੱਚ ਪਹਿਲੀ ਵਾਰ ਕੋਸਕੋ ਕ੍ਰਿਕਟ ਨੂੰ ਸ਼ਾਮਲ ਕਰਨ 'ਤੇ ਚਾਨਣਾ ਪਾਇਆ। ਪੰਜਾਬ ਭਰ ਦੇ ਕ੍ਰਿਕਟ ਪ੍ਰੇਮੀਆਂ ਨੂੰ ਵਧਾਈ ਦਿੰਦਿਆਂ ਮੀਤ ਹੇਅਰ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਕ੍ਰਿਕਟ ਨੂੰ ਸ਼ਾਮਲ ਕਰਨ ਦੀ ਲਗਾਤਾਰ ਮੰਗ ਕੀਤੀ ਜਾ ਰਹੀ ਸੀ। ਇਸ ਮੰਗ ਦਾ ਹੁੰਗਾਰਾ ਭਰਦਿਆਂ ਮਾਨ ਸਰਕਾਰ ਨੇ ਚੌਥੇ ਸੀਜ਼ਨ ਵਿੱਚ ਕੋਸਕੋ ਕ੍ਰਿਕਟ ਨੂੰ ਸ਼ਾਮਲ ਕੀਤਾ ਹੈ, ਜਿਸ ਨਾਲ ਕ੍ਰਿਕਟ ਪ੍ਰੇਮੀਆਂ, ਖਾਸ ਕਰਕੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਖੇਡਣ ਵਾਲਿਆਂ ਨੂੰ ਸੂਬੇ ਦੇ ਇਸ ਪ੍ਰਮੁੱਖ ਖੇਡ ਸਮਾਗਮ ਵਿੱਚ ਹਿੱਸਾ ਲੈਣ ਦਾ ਮੌਕਾ ਮਿਲੇਗਾ। ਮੀਤ ਹੇਅਰ ਨੇ ਕਿਹਾ, 'ਕ੍ਰਿਕਟ ਪ੍ਰੇਮੀ ਮੰਗ ਕਰ ਰਹੇ ਸਨ ਕਿ ਇਸ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਕ੍ਰਿਕਟ ਨੂੰ ਸ਼ਾਮਲ ਕੀਤਾ ਜਾਵੇ। ਮੈਨੂੰ ਇਹ ਐਲਾਨ ਕਰਦਿਆਂ ਵਿਸ਼ੇਸ਼ ਖੁਸ਼ੀ ਹੋ ਰਹੀ ਹੈ ਕਿ ਇਸ ਸਾਲ ਪਹਿਲੀ ਵਾਰ ਕੋਸਕੋ ਕ੍ਰਿਕਟ ਨੂੰ ਸ਼ਾਮਲ ਕੀਤਾ ਗਿਆ ਹੈ। ਮੈਂ ਪੰਜਾਬ ਭਰ ਦੇ ਸਮੂਹ ਕ੍ਰਿਕਟ ਪ੍ਰੇਮੀਆਂ ਨੂੰ ਇਸ ਦੀ ਵਧਾਈ ਦਿੰਦਾ ਹਾਂ।' ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਟੀਮਾਂ ਬਣਾਈਆਂ ਜਾ ਸਕਦੀਆਂ ਹਨ, ਜਦਕਿ ਸ਼ਹਿਰਾਂ ਵਿੱਚ ਰਹਿਣ ਵਾਲੇ ਲੋਕ ਵਾਰਡ ਪੱਧਰ 'ਤੇ ਵੀ ਟੀਮਾਂ ਬਣਾ ਕੇ ਖੇਡਾਂ ਵਿੱਚ ਹਿੱਸਾ ਲੈ ਸਕਦੇ ਹਨ। ਉਨ੍ਹਾਂ ਕ੍ਰਿਕਟ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਅੱਗੇ ਆਉਣ ਅਤੇ ਮੁਕਾਬਲੇ ਲਈ ਆਪਣੀਆਂ ਟੀਮਾਂ ਦੀ ਰਜਿਸਟ੍ਰੇਸ਼ਨ ਕਰਵਾਉਣ। ਉਨ੍ਹਾਂ ਕਿਹਾ, 'ਮਕਸਦ ਸਿਰਫ਼ ਮੁਕਾਬਲੇ ਕਰਵਾਉਣਾ ਹੀ ਨਹੀਂ, ਸਗੋਂ ਪੰਜਾਬ ਦੇ ਖੇਡ ਸਭਿਆਚਾਰ ਨੂੰ ਦੁਬਾਰਾ ਸੁਰਜੀਤ ਕਰਨਾ ਅਤੇ ਹੋਰ ਮਜ਼ਬੂਤ ਕਰਨਾ ਹੈ। ਮੈਂ ਕ੍ਰਿਕਟ ਪ੍ਰੇਮੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਪਿੰਡ ਜਾਂ ਵਾਰਡ ਦੀਆਂ ਟੀਮਾਂ ਬਣਾ ਕੇ ਵੱਡੀ ਗਿਣਤੀ ਵਿੱਚ ਹਿੱਸਾ ਲੈਣ।'

## ਰਾਜਪਾਲ ਕਟਾਰੀਆ ਨੇ ਅਧਿਆਪਕ ਦਿਵਸ 'ਤੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਇੱਕ ਵਿਸ਼ੇਸ਼ ਅਧਿਆਪਕ ਦਿਵਸ ਸਮਾਰੋਹ ਵਿੱਚ ਸਿੱਖਿਆ ਅਤੇ ਰਾਸ਼ਟਰ ਨਿਰਮਾਣ ਵਿੱਚ ਉਤਕ੍ਰਿਸ਼ਟ ਯੋਗਦਾਨ ਦੇਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਯਾਦ ਕਰਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਅਧਿਆਪਕ ਦਿਵਸ ਵਿਅਕਤੀਆਂ, ਸਮਾਜ ਅਤੇ ਰਾਸ਼ਟਰ ਨੂੰ ਘੜਨ ਵਿੱਚ ਅਧਿਆਪਕਾਂ ਦੇ ਅਮੁੱਲ ਯੋਗਦਾਨ ਦੇ ਪ੍ਰਤੀ ਇੱਕ ਸ਼ਰਧਾਂਜਲੀ ਹੈ। ਇਸ ਅਵਸਰ 'ਤੇ ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ; ਡਾਇਰੈਕਟਰ, ਸਕੂਲ ਸਿੱਖਿਆ, ਸ਼੍ਰੀ ਨਿਤੀਸ਼ ਸਿੰਗਲਾ; ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ,ਅਧਿਆਪਕ, ਪੁਰਸਕਾਰ ਜੇਤੂ, ਵਿਦਿਆਰਥੀ ਅਤੇ ਹੋਰ ਪਤਵੰਤੇ ਵਿਅਕਤੀ ਉਪਸਥਿਤ ਰਹੇ। ਸਕੂਲੀ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਈ ਸਮਰਪਣ, ਇਨੋਵੇਸ਼ਨ ਅਤੇ ਯੋਗਦਾਨ ਦੇ ਸਨਮਾਨ ਵਿੱਚ ਕੁੱਲ 16 ਅਧਿਆਪਕਾਂ ਨੂੰ ਸਟੇਟ ਅਵਾਰਡ ਅਤੇ ਛੇ ਅਧਿਆਪਕਾਂ ਨੂੰ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਗਏ। ਸੇਂਟ ਜੋਸਫ਼ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 44 ਦੇ ਪ੍ਰਿੰਸੀਪਲ ਸੁਸ਼੍ਰੀ ਮੋਨਿਕਾ ਚਾਵਲਾ ਅਤੇ ਸ਼੍ਰੀ ਰਮੇਸ਼ ਸ਼ਰਮਾ ਨੂੰ ਵਿਸ਼ੇਸ਼ ਸਨਮਾਨ ਪੁਰਸਕਾਰ ਪ੍ਰਾਪਤ ਹੋਏ, ਉੱਥੇ ਹੀ ਪਿਛਲੇ ਵਰ੍ਹੇ ਦੀ ਰਾਸ਼ਟਰੀ ਪੁਰਸਕਾਰ ਜੇਤੂ ਸੁਸ਼੍ਰੀ ਪਰਵੀਨ ਕੁਮਾਰੀ ਨੂੰ ਵੀ ਸਨਮਾਨਿਤ ਕੀਤਾ ਗਿਆ। ਸਿੱਖਿਆ ਦੇ ਖੇਤਰ ਵਿੱਚ ਵਿਲੱਖਣ ਅਤੇ ਨਿਰੰਤਰ ਯੋਗਦਾਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਸੁਸ਼੍ਰੀ ਬਿੰਦੂ ਅਰੋੜਾ ਨੂੰ 'ਲਾਇਫਟਾਇਮ ਕੰਟ?ਰੀਬਿਊਸ਼ਨ ਟੂ ਸਕੂਲ ਐਜੂਕੇਸ਼ਨ ਅਵਾਰਡ' (ਸਕੂਲੀ ਸਿੱਖਿਆ ਵਿੱਚ ਜੀਵਨ ਭਰ ਯੋਗਦਾਨ ਪੁਰਸਕਾਰ) ਨਾਲ ਨਿਵਾਜਿਆ ਗਿਆ। ਸਰਕਾਰੀ ਮਾਡਲ ਹਾਈ ਸਕੂਲ, ਮਲੋਆ ਕਲੋਨੀ, ਚੰਡੀਗੜ੍ਹ ਦੇ ਟ੍ਰੇਂਡ ਗ੍ਰੈਜੂਏਟ ਅਧਿਆਪਕ (ਵਿਗਿਆਨ) ਸ਼੍ਰੀ ਰਵੀ ਕੁਮਾਰ ਜੈਸਵਾਲ ਨੂੰ ਵੱਕਾਰੀ ਰਾਸ਼ਟਰੀ ਅਧਿਆਪਕ ਪੁਰਸਕਾਰ 2026 ਲਈ ਚੁਣਿਆ ਗਿਆ ਹੈ। ਵਿਗਿਆਨ ਸਿੱਖਿਆ ਪ੍ਰਤੀ ਉਨ੍ਹਾਂ ਦੇ ਅਭਿਨਵ ਦ੍ਰਿਸ਼ਟੀਕੋਣ ਲਈ ਉਨ੍ਹਾਂ ਨੂੰ ਸਰਾਹਿਆ ਗਿਆ; ਉਨ੍ਹਾਂ ਨੇ ਵਿਦਿਆਰਥੀਆਂ ਲਈ ਸਿੱਖਣ ਨੂੰ ਅਧਿਕ ਰੋਚਕ ਅਤੇ ਅਨੁਭਵਾਤਮਕ ਬਣਾਉਣ ਹਿਤ ਕਬਾੜ ਸਮੱਗਰੀ ਦਾ ਉਪਯੋਗ ਕਰਕੇ ਇੱਕ 3 ਡੀ ਡੋਮ ਥੀਏਟਰ ਤਿਆਰ ਕੀਤਾ ਹੈ। ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਅਧਿਆਪਕਾਂ ਨੂੰ ਮੌਨ ਰਾਸ਼ਟਰ-ਨਿਰਮਾਤਾ ਦੱਸਿਆ ਅਤੇ ਕਿਹਾ ਕਿ ਉਨ੍ਹਾਂ ਦੀ ਭੂਮਿਕਾ ਕੇਵਲ ਅਕਾਦਮਿਕ ਗਿਆਨ ਪ੍ਰਦਾਨ ਕਰਨ ਤੋਂ ਕਿਤੇ ਅਧਿਕ ਵਿਸਤ੍ਰਿਤ ਹੈ। ਗੁਰੂ ਵਸ਼ਿਸ਼ਟ ਅਤੇ ਆਚਾਰੀਆ ਚਾਣਕਿਆ ਦੀਆਂ ਉਦਾਹਰਣਾਂ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਇੱਕ ਸੱਚਾ ਅਧਿਆਪਕ ਚਰਿੱਤਰ ਦਾ ਨਿਰਮਾਣ ਕਰਦਾ ਹੈ, ਸੰਸਕਾਰ ਬੀਜਦਾ ਹੈ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਦਾਰ ਨਾਗਰਿਕ ਬਣਨ ਲਈ ਤਿਆਰ ਕਰਦਾ ਹੈ। ਪ੍ਰਸ਼ਾਸਕ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਬੱਚਿਆਂ ਨੂੰ ਕੇਵਲ ਪਰੀਖਿਆਵਾਂ ਲਈ ਨਹੀਂ, ਬਲਕਿ ਜੀਵਨ ਲਈ ਤਿਆਰ ਕਰਨਾ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਅਧਿਆਪਕਾਂ ਨੂੰ ਕੌਸ਼ਲ-ਅਧਾਰਿਤ ਅਤੇ ਗੁਣਵੱਤਾਪੂਰਨ ਸਿੱਖਿਆ 'ਤੇ ਧਿਆਨ ਕੇਂਦ੍ਰਿਤ ਕਰਨ ਦਾ ਸੱਦਾ ਦਿੱਤਾ, ਜਿਸ ਨਾਲ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ, ਰਚਨਾਤਮਕਤਾ, ਸਮੱਸਿਆ-ਸਮਾਧਾਨ ਦੀ ਸਮਰੱਥਾ, ਆਤਮਵਿਸ਼ਵਾਸ ਅਤੇ ਆਤਮਨਿਰਭਰਤਾ ਦਾ ਵਿਕਾਸ ਹੋ ਸਕੇ। ਟੈਕਨੋਲੋਜੀ ਦੀ ਵਧਦੀ ਭੂਮਿਕਾ ਨੂੰ ਰੇਖਾਂਕਿਤ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਅਧਿਆਪਕਾਂ ਨੂੰ ਵਿਦਿਆਰਥੀਆਂ ਨੂੰ ਤਕਨੀਕ ਦਾ ਕੁਸ਼ਲ, ਜ਼ਿੰਮੇਵਾਰ ਅਤੇ ਉਦੇਸ਼ਪੂਰਨ ਉਪਯੋਗ ਸਿਖਾਉਣਾ ਚਾਹੀਦਾ ਹੈ, ਤਾਕਿ ਇਹ ਸਿੱਖਣ, ਇਨੋਵੇਸ਼ਨ ਅਤੇ ਸਸ਼ਕਤੀਕਰਣ ਦਾ ਮਾਧਿਅਮ ਬਣ ਸਕੇ। ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਸ਼੍ਰੀ ਕਟਾਰੀਆ ਨੇ ਉਨ੍ਹਾਂ ਦੇ ਸਮਰਪਣ, ਇਨੋਵੇਸ਼ਨ ਅਤੇ ਪ੍ਰਤੀਬੱਧਤਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਗਿਆਨ, ਕਦਰਾਂ-ਕੀਮਤਾਂ, ਕੌਸ਼ਲ, ਕਰੁਣਾ ਅਤੇ ਮਿਸਾਲੀ ਆਚਰਣ ਦੇ ਜ਼ਰੀਏ ਵਿਦਿਆਰਥੀਆਂ ਨੂੰ ਨਿਰੰਤਰ ਪ੍ਰੇਰਿਤ ਕਰਦੇ ਰਹਿਣ ਦੀ ਤਾਕੀਦ ਕੀਤੀ। ਸਮਾਰੋਹ ਵਿੱਚ ਅਧਿਆਪਕਾਂ ਦੁਆਰਾ ਪ੍ਰਸਤੁਤ ਸਮੂਹ ਗਾਨ, ਸਮੂਹ ਨ੍ਰਿਤ ਅਤੇ ਇੱਕ ਸਕਿੱਟ ਦੇ ਜ਼ਰੀਏ ਅਧਿਆਪਕ ਭਾਈਚਾਰੇ ਦੀ ਰਚਨਾਤਮਕਤਾ ਅਤੇ ਪ੍ਰਤਿਭਾ ਨੂੰ ਵੀ ਪ੍ਰਦਰਸ਼ਿਤ ਕੀਤਾ ਗਿਆ। ਸਕੂਲ ਸਿੱਖਿਆ ਵਿਭਾਗ ਨੇ ਗੁਣਵੱਤਾਪੂਰਨ ਸਿੱਖਿਆ, ਕੌਸ਼ਲ ਵਿਕਾਸ, ਇਨੋਵੇਸ਼ਨ, ਤਕਨੀਕ-ਸਮਰੱਥ ਸਿੱਖਿਆ ਅਤੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਪ੍ਰਤੀ ਆਪਣੀ ਪ੍ਰਤੀਬੱਧਤਾ ਦੁਹਰਾਈ, ਜਿਸ ਵਿੱਚ ਅਧਿਆਪਕ ਇੱਕ ਪ੍ਰਗਤੀਸ਼ੀਲ, ਸਮਰੱਥ ਅਤੇ ਆਤਮਨਿਰਭਰ ਸਮਾਜ ਦੇ ਨਿਰਮਾਣ ਵਿੱਚ ਕੇਂਦਰੀ ਭੂਮਿਕਾ ਨਿਭਾਉਂਦੇ ਰਹਿਣਗੇ।



## ਸਵਰਗੀ ਰਤਨ ਲਾਲ ਗੋਇਲ ਨੂੰ ਸ਼ਰਧਾਂਜਲੀ ਦੇਣ ਲਈ ਉਮੜਿਆ ਜਨਸੈਲਾਬ

ਜ਼ਿਕਰ ਪੰਜਾਬ

**ਲੁਧਿਆਣਾ/ਵਿਜੇ**

ਸਵਰਗੀ ਰਤਨ ਲਾਲ ਗੋਇਲ ਦੀ ਰਸਮ ਪਗੜੀ ਅਤੇ ਭੋਗ ਐਤਵਾਰ ਨੂੰ ਸ੍ਰੀ ਨਵ ਦੁਰਗਾ ਮਾਤਾ ਮੰਦਰ, ਸਰਾਭਾ ਨਗਰ, ਲੁਧਿਆਣਾ ਵਿਖੇ ਆਯੋਜਿਤ ਹੋਇਆ। ਇਸ ਮੌਕੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਸਵਰਗੀ ਰਤਨ ਲਾਲ ਗੋਇਲ ਨੂੰ ਸ਼ਰਧਾਂਜਲੀ ਭੇਟ ਕੀਤੀ। ਸਵਰਗੀ ਰਤਨ ਲਾਲ ਗੋਇਲ ਦਾ 26 ਅਗਸਤ ਨੂੰ ਦਿਹਾਂਤ ਹੋ ਗਿਆ ਸੀ। ਉਹ ਨੀਰੂ ਗੋਇਲ, ਵਿਕਾਸ ਗੋਇਲ, ਵਿਨੈ ਗੋਇਲ ਅਤੇ ਸੰਜੇ ਗੋਇਲ ਦੇ ਪਿਤਾ ਸਨ। ਸੰਜੇ ਗੋਇਲ ਇੰਡੀਅਨ ਇੰਸਟੀਚਿਊਟ ਆਫ ਆਰਕੀਟੈਕਟਸ, ਪੰਜਾਬ ਚੈਪਟਰ ਦੇ ਸਾਬਕਾ ਚੇਅਰਮੈਨ ਅਤੇ ਲੁਧਿਆਣਾ ਸਮਾਰਟ ਸਿਟੀ ਲਿਮਟਿਡ ਦੇ ਸਾਬਕਾ ਡਾਇਰੈਕਟਰ ਹਨ। ਰਸਮ ਪਗੜੀ ਅਤੇ ਭੋਗ ਮੌਕੇ ਸੀਏ ਭੀਮ ਸੈਨ ਗੋਇਲ, ਸੀਏ ਤੁਸ਼ਾਰ ਗੋਇਲ, ਸੀਏ ਅੰਕਿਤ ਜੈਨ, ਸੀਏ ਪਾਰੁਲ ਜੈਨ, ਸੁਰੁਚੀ ਗੋਇਲ, ਦੀਪਿਕਾ ਗੋਇਲ, ਰਿਤੂ ਗੋਇਲ, ਸਾਂਚੀ ਗੋਇਲ, ਰਿੱਧੀ ਗੋਇਲ, ਜੌਏ ਗੋਇਲ, ਸੀਆ ਗੋਇਲ, ਲਕਸ਼ ਗੋਇਲ, ਜੀਵਨ ਸਿੰਘ ਸੰਗੋਵਾਲ—ਵਿਧਾਇਕ, ਆਮ ਆਦਮੀ ਪਾਰਟੀ, ਹਲਕਾ ਗਿੱਲ; ਪੰਡਿਤ ਓਮ ਸ਼ਾਸਤਰੀ, ਭਾਰਤ ਭੂਸ਼ਣ ਆਸ਼ੂ—ਸਾਬਕਾ ਕੈਬਨਿਟ ਮੰਤਰੀ, ਕੁਲਦੀਪ ਸਿੰਘ ਵੈਦ—ਸਾਬਕਾ ਵਿਧਾਇਕ, ਹਲਕਾ ਗਿੱਲ, ਜੀਵਨ ਗੁਪਤਾ—ਉਪ ਪ੍ਰਧਾਨ, ਭਾਜਪਾ ਪੰਜਾਬ, ਸਾਬਕਾ ਮੇਅਰ ਹਰਚਰਨ ਸਿੰਘ ਗੋਹਲਵੜੀਆ, ਭੁਪਿੰਦਰ ਸਿੰਘ ਭਿੰਦਾ, ਸਤਿੰਦਰ ਗੁਪਤਾ, ਗੌਰਵ ਗੁਪਤਾ, ਰਾਜਿੰਦਰ ਗੁਪਤਾ, ਜੀਵਨ ਗੁਪਤਾ, ਗੋਪੀ ਗੁਪਤਾ, ਵਿਜੈ ਗੋਇਲ, ਜਤਿੰਦਰ ਗੁਪਤਾ, ਨਿਸ਼ਾਂਤ ਗਰਗ, ਭੁਪੇਸ਼ ਗੁਪਤਾ, ਦਿਨੇਸ਼ ਗੁਪਤਾ, ਰਾਜੇਸ਼ ਗੁਪਤਾ, ਪ੍ਰੇਮ ਗੋਇਲ, ਨਰੇਸ਼ ਗੋਇਲ, ਸ਼ੀਤਲ ਜੈਨ, ਵਿਸ਼ਾਲ ਸਿੰਗਲਾ, ਰਾਜੀਵ ਸਿੰਗਲਾ, ਵਰਿੰਦਰ ਅਗਰਵਾਲ, ਨਰੇਸ਼ ਸਿੰਗਲਾ, ਸੁਰਿੰਦਰ ਸਿੰਗਲਾ, ਸਮੰਤ ਸਿੰਗਲਾ, ਰਾਜ ਬਾਂਸਲ, ਜੀਵਨ ਗਰਗ, ਮਹੇਸ਼ ਚੌਧਰੀ, ਸ਼ਿਵਮ ਚੌਧਰੀ, ਗਗਨ ਖੁਰਾਨਾ, ਸੰਦੀਪ ਭਾਰਦਵਾਜ, ਮਨੋਜ ਜੈਰਥ, ਪ੍ਰੇਮ ਗੁਪਤਾ, ਬੌਬੀ ਗੁਪਤਾ, ਬਿਰਬਲ ਗੋਇਲ, ਪੁਸ਼ਪਿੰਦਰ ਗੋਇਲ, ਸਤਪਾਲ ਗੋਇਲ, ਰਾਜੀਵ ਬਾਂਸਲ, ਹਰਬੰਸ ਲਾਲ, ਜੇਪੀ ਗੋਇਲ, ਸਿਕੰਦਰ ਲਾਲ ਜੈਨ, ਵਿਪਿਨ ਜੈਨ—ਸ਼ਰਮਨ ਸਵੀਟਸ, ਸਤੀਸ਼ ਗੁਪਤਾ—ਫੂਡ ਫਾਰ ਲਾਈਫ, 'ਰੇਵਤੀ' ਰਮਨ ਗੁਪਤਾ, ਵਿਪਿਨ ਸੂਦ ਕਾਕਾ, ਪੰਕਜ ਮਦਾਨ, ਸੁਨੀਲ ਸ਼ਰਮਾ, ਧਰਮਪਾਲ ਸਿੰਘ, ਰਾਜਵਿੰਦਰ ਸਿੰਘ, ਰਵਿੰਦਰ ਸਿੰਘ, ਦੀਪਕ ਮੰਡਲ, ਹਰਸ਼, ਰਣਜੋਧ ਸਿੰਘ, ਰਾਹੁਲ ਸ਼ਰਮਾ, ਰਾਜੀਵ ਬਾਂਸਲ, ਕਿਰਨਜੋਤ ਕੌਰ, ਪ੍ਰਨਿਆ, ਰਾਧੀ ਸ਼ਰਮਾ, ਜਤਿੰਦਰ ਸੂਦ, ਰਾਜਨ ਪਟਿਆਲ, ਬਲਬੀਰ ਗੁਪਤਾ, ਦਵਿੰਦਰ ਜੱਗੀ, ਐਸ. ਮਨਮੋਹਨ ਸਿੰਘ, ਸੁਰਿੰਦਰ ਬਾਹਗਾ, ਕੇ.ਕੇ. ਸੇਠ, ਹਰਕੇਸ਼ ਮਿੱਤਲ, ਦਿਨੇਸ਼ ਭਗਤ, ਬੰਪੀ ਮਹਿੰਦਰੂ, ਸੁਰੇਸ਼ ਜੁਨੇਜਾ—ਏਕੇਸੀ, ਲੀਨਾ ਟਪਾਰੀਆ ਭਾਜਪਾ, ਜੇ.ਕੇ. ਸਿੱਧੂ ਪ੍ਰਿੰਸੀਪਲ, ਡੀਏਵੀ ਪਬਲਿਕ ਸਕੂਲ, ਬੀਆਰਐਸ ਨਗਰ, ਸੁਰਿੰਦਰ ਗੁਪਤਾ, ਰਾਜ ਸ਼ੇਖਰ ਅੱਤਰੀ, ਅਸ਼ੋਕ ਗਰਗ, ਜੀਵਨ ਗੁਪਤਾ, ਸੰਜੀਵ ਪੁਰੀ, ਅੰਮ੍ਰਿਤਾ ਕਪੂਰ, ਵਰੁਣੇਸ਼ ਕੁਮਾਰਾ, ਵਿਕਰਮ ਲੇਖੀ, ਰਵਿੰਦਰ ਸਿੰਘ, ਵਿਕਾਸ ਸ਼ਰਮਾ, ਨਿਧੀ ਰਾਹੇਜਾ, ਖੁਸ਼ਬੂ ਰਾਹੇਜਾ, ਆਸ਼ੀਸ਼ ਰਾਹੇਜਾ, ਦਲਜੀਤ ਰਾਹੇਜਾ, ਹਰਪ੍ਰੀਤ ਕੇ. ਢਿੱਲੋਂ, ਰਵਿੰਦਰ ਗੁਪਤਾ, ਆਸ਼ੂ ਗੁਪਤਾ, ਰਾਜੇਸ਼ ਮਰਵਾਹ, ਵਿਜੈ ਸ਼ਿਬੇ, ਕਪਿਲ ਅਰੋੜਾ, ਮੋਹਿਤ ਜੈਨ, ਅਮਰਜੀਤ ਸਿੰਘ ਪਾਇਕ, ਇੰਜੀਨੀਅਰ ਚਹਿਲ, ਲਾਇਨ ਸੰਜੀਵ ਸੂਦ, ਈਸ਼ਾਨ, ਵਿਕਾਸ ਸ਼ਰਮਾ, ਗੁਰਪ੍ਰੀਤ ਸਿੰਘ, ਮਨੀ ਤਲਵਾਰ, ਟੋਨੀਸ਼ ਵਰਮਾ, ਤਰਸੇਮ ਗੋਇਲ, ਕਰਮਜੀਤ ਸਿੰਘ, ਹੈਪੀ ਗੋਇਲ, ਲੋਕੇਸ਼ ਗੁਪਤਾ, ਪਰਵੀਨ ਅਗਰਵਾਲ, ਵਿਕਾਸ ਅਗਰਵਾਲ (ਲਵਲੀ), ਰੇਨੂ ਗੁਪਤਾ, ਦਰਸ਼ਨਾ ਗੁਪਤਾ, ਮਧੁਰ ਗੁਪਤਾ, ਰੰਜਨਾ ਗੋਇਲ, ਵੀਨਾ ਗੁਪਤਾ, ਅਨਿਰੁੱਧ ਗੁਪਤਾ, ਮੋਹਿਤਾ ਬਾਂਸਲ, ਰਿੰਪੀ ਗਰਗ, ਪੰਚਸ਼ੂਲ ਗਰਗ, ਅਨਿਲ ਗਰਗ, ਕੁਲਦੀਪ ਗਰਗ, ਰਾਮ ਕੁਮਾਰ ਗੋਇਲ, ਸੰਦੀਪ ਜਿੰਦਲ—ਕੇਸੀਬੀ ਗਰੁੱਪ, ਰਵਿੰਦਰ ਵਰਮਾ—ਸੋਮਸਨਜ਼ ਕਾਲੋਨਾਈਜ਼ਰ, ਗਿਆਨ ਸਿੰਘ ਕਾਲਰਾ, ਪੰਕਜ ਜੈਨ, ਕਮਲ ਚੈਤਲੀ, ਅਤੁਲ ਜੈਨ, ਸੁਮਿਤ ਬੇਦੀ, ਅਨਿਲ ਭਾਰਦਵਾਜ, ਪ੍ਰਦੀਪ ਗੇਬੀ, ਸਿਮਨ ਭਾਰਦਵਾਜ ਸਮੇਤ ਸੈਂਕੜੇ ਹੋਰ ਲੋਕ ਹਾਜ਼ਰ ਸਨ। ਸਮਾਗਮ ਵਿੱਚ ਸ਼ਰਧਾਂਜਲੀ ਭੇਟ ਕਰਨ ਲਈ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ। ਰਸਮ ਪਗੜੀ ਦੀ ਸਮਾਪਤੀ ਤੋਂ ਬਾਅਦ ਵੀ ਲੋਕ ਲਗਾਤਾਰ ਪਹੁੰਚਦੇ ਰਹੇ ਅਤੇ ਸਵਰਗੀ ਰਤਨ ਲਾਲ ਗੋਇਲ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਕਾਰਨ ਹਾਲ ਪੂਰੀ ਤਰ੍ਹਾਂ ਭਰ ਗਿਆ ਸੀ। ਗੋਇਲ ਪਰਿਵਾਰ ਵੱਲੋਂ ਆਰਕੀਟੈਕਟ ਸੰਜੇ ਗੋਇਲ, ਐਮਡੀ, ਡਿਜ਼ਾਈਨੇਕਸ ਆਰਕੀਟੈਕਟਸ ਨੇ ਵੱਖ-ਵੱਖ ਸੰਸਥਾਵਾਂ ਵੱਲੋਂ ਭੇਜੇ ਗਏ ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਏ। ਉਨ੍ਹਾਂ ਨੇ ਇਸ ਮੌਕੇ ਆਪਣਾ ਕੀਮਤੀ ਸਮਾਂ ਕੱਢ ਕੇ ਪਹੁੰਚਣ ਵਾਲੇ ਸਾਰੇ ਵਿਅਕਤੀਆਂ ਦਾ ਗੋਇਲ ਪਰਿਵਾਰ ਵੱਲੋਂ ਧੰਨਵਾਦ ਕੀਤਾ।







ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly